ਵੀਰਵਾਰ, 27 ਜੂਨ, 2024
14 ਹਾੜ੍ਹ { ਨਾਨਕਸ਼ਾਹੀ 556 / ਬਿਕਰਮੀ 2081
ਜਿਲਦ/VOL. : 73
ਅੰਕ/NO. : 26

# ਨਵਾਂ ਜ਼ਮਾਨਾ

DAILY NAWAN ZAMANA • THURSDAY, 27 JUNE, 2024 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਪਠਾਨਕੋਟ ਇਲਾਕੇ 'ਚ 2 ਮਸ਼ਕੂਕ ਅੱਤਵਾਦੀਆਂ ਦੀ ਘੁਸਪੈਠ ਤੋਂ ਬਾਅਦ ਹਾਈ ਅਲਰਟ



**ਗੁਰਦਾਸਪੁਰ** : ਦੋ ਮਸ਼ਕੂਕ ਦਹਿਸ਼ਤਗਰਦਾਂ ਦੇ ਜ਼ਿਲ੍ਹਾ ਪਠਾਨਕੋਟ 'ਚ ਦਾਖ਼ਲ ਹੋਣ ਦੀ ਸੂਹ ਨੇ ਸੁਰੱਖਿਆ ਬਲਾਂ ਨੂੰ ਚੁਕੰਨੇ ਕਰ ਦਿੱਤਾ ਹੈ। ਕੌਮਾਂਤਰੀ ਸਰਹੱਦ ਦੇ ਨੇੜੇ ਸਥਿਤ ਕੋਟ ਬਾਠੀਆਂ ਪਿੰਡ ਦੇ ਵਾਸੀ ਨੇ ਮੰਗਲਵਾਰ ਅੱਧੀ ਰਾਤ ਦੇ ਕਰੀਬ ਕੰਟਰੋਲ ਰੂਮ ਸੂਚਨਾ ਦਿੱਤੀ ਕਿ ਦੋ ਨਕਾਬਪੋਸ਼, ਜੋ ਭਾਰੀ ਹਥਿਆਰਾਂ ਨਾਲ ਲੈਸ ਸਨ, ਉਸ ਦੇ ਫਾਰਮ ਹਾਊਸ ਅੰਦਰ ਜਬਰੀ ਦਾਖ਼ਲ ਹੋ ਗਏ। ਉਸ ਨੇ ਦੱਸਿਆ-ਹਥਿਆਰਬੰਦ ਬੰਦਿਆਂ ਨੇ ਮੇਰੇ ਸਿਰ 'ਤੇ ਬੰਦੂਕ ਤਾਣ ਦਿੱਤੀ ਤੇ ਮੈਨੂੰ ਰਾਤ ਦਾ ਖਾਣਾ ਤਿਆਰ ਕਰਨ ਲਈ ਕਿਹਾ। ਖਾਣਾ ਖਾਣ ਤੋਂ ਬਾਅਦ ਉਹ ਪਠਾਨਕੋਟ ਵੱਲ ਚਲੇ ਗਏ।

ਪੁਲਸ ਨੇ ਉਸ ਵਿਅਕਤੀ ਦੀ ਪਛਾਣ ਦਾ ਖੁਲਾਸਾ ਨਹੀਂ ਕੀਤਾ। ਪਠਾਨਕੋਟ ਦੇ ਐੱਸ ਐੱਸ ਪੀ ਸੁਹੇਲ ਕਾਸਿਮ ਮੀਰ ਨੇ ਤੁਰੰਤ ਸੀਨੀਅਰ ਅਧਿਕਾਰੀਆਂ ਦੀ ਮੀਟਿੰਗ ਬੁਲਾਈ। ਗੁਰਦਾਸਪੁਰ ਦੇ ਐੱਸ ਐੱਸ ਪੀ ਹਰੀਸ਼ ਦਿਆਮਾ ਨੇ ਵੀ ਪੁਲਸ ਲਾਈਨਜ਼ 'ਚ ਪਹੁੰਚ ਕੇ ਗੁਰਦਾਸਪੁਰ ਜ਼ਿਲ੍ਹੇ ਦੇ ਸਮੂਹ ਐੱਸ ਐੱਚ ਓਜ਼ ਨਾਲ ਮੀਟਿੰਗ ਕੀਤੀ। ਗੁਰਦਾਸਪੁਰ, ਧਾਰੀਵਾਲ, ਦੀਨਾਨਗਰ ਅਤੇ ਪਠਾਨਕੋਟ ਦੇ ਰੇਲਵੇ ਸਟੇਸ਼ਨਾਂ ਅਤੇ ਬੱਸ ਅੱਡਿਆਂ 'ਤੇ ਚੈਕਿੰਗ ਤੇਜ਼ ਕਰ ਦਿੱਤੀ ਗਈ ਹੈ। ਗੁਰਦਾਸਪੁਰ-ਪਠਾਨਕੋਟ-ਜੰਮੂ ਨੈਸ਼ਨਲ ਹਾਈਵੇ 'ਤੇ ਵਾਹਨਾਂ ਦੀ ਚੈਕਿੰਗ ਕੀਤੀ ਜਾ ਰਹੀ ਹੈ। ਬਟਾਲਾ ਪੁਲਸ ਨੂੰ ਵੀ ਅਲਰਟ 'ਤੇ ਰੱਖਿਆ ਗਿਆ ਹੈ। ਥਲ ਸੈਨਾ ਅਤੇ ਬੀ ਐੱਸ ਐੱਫ ਨੂੰ ਜਾਣਕਾਰੀ ਦੇ ਦਿੱਤੀ ਗਈ ਹੈ। ਮਾਮੂਨ ਛਾਉਣੀ ਅਤੇ ਪਠਾਨਕੋਟ ਏਅਰ ਫੋਰਸ ਸਟੇਸ਼ਨ ਨੂੰ ਵੀ ਸੁਰੱਖਿਅਤ ਕਰ ਲਿਆ ਗਿਆ ਹੈ। ਇਹ ਖ਼ਬਰ ਅਮਰਨਾਥ ਯਾਤਰਾ ਦੀ ਸ਼ੁਰੂਆਤ ਤੋਂ ਪਹਿਲਾਂ ਆਈ ਹੈ।

29 ਜੂਨ ਤੋਂ ਸਰਕਾਰ ਅਮਰਨਾਥ ਯਾਤਰੀਆਂ ਨੂੰ ਲਖਨਪੁਰ ਤੋਂ ਜੰਮੂ-ਕਸ਼ਮੀਰ 'ਚ ਦਾਖ਼ਲ ਹੋਣ ਦੀ ਇਜਾਜ਼ਤ ਦੇਵੇਗੀ।

## ਕੇਜਰੀਵਾਲ ਦਾ ਤਿੰਨ ਦਿਨਾ ਰਿਮਾਂਡ

**ਨਵੀਂ ਦਿੱਲੀ** : ਵਿਸ਼ੇਸ਼ ਜੱਜ ਨੇ ਬੁੱਧਵਾਰ ਦਿੱਲੀ ਦੇ ਮੁੱਖ ਮੰਤਰੀ ਅਰਵਿੰਦਰ ਕੇਜਰੀਵਾਲ ਨੂੰ ਤਿੰਨ ਦਿਨਾਂ ਲਈ ਸੀ ਬੀ ਆਈ ਦੀ ਹਿਰਾਸਤ ਵਿੱਚ ਭੇਜ ਦਿੱਤਾ ਹੈ। ਉਨ੍ਹਾ ਕੇਜਰੀਵਾਲ ਨੂੰ ਰਿਮਾਂਡ ਖਤਮ ਹੋਣ 'ਤੇ 29 ਜੂਨ ਦੀ ਸ਼ਾਮ 7 ਵਜੇ ਮੁੜ ਪੇਸ਼ ਕਰਨ ਦਾ ਹੁਕਮ ਦਿੱਤਾ।

ਕੇਜਰੀਵਾਲ ਨੂੰ ਬੁੱਧਵਾਰ ਤਿਹਾੜ ਜੇਲ੍ਹ ਪ੍ਰਸ਼ਾਸਨ ਨੇ ਵਿਸ਼ੇਸ਼ ਜੱਜ ਅਮਿਤਾਭ ਰਾਵਤ ਦੇ ਸਾਹਮਣੇ ਪੇਸ਼ ਕੀਤਾ, ਜਿੱਥੇ ਸੀ ਬੀ ਆਈ ਨੇ ਪੁੱਛ-ਪੜਤਾਲ ਲਈ ਹਿਰਾਸਤ ਦੀ ਮੰਗ ਕੀਤੀ। ਸੀ ਬੀ ਆਈ ਨੇ ਗ੍ਰਿਫਤਾਰੀ ਤੋਂ ਪਹਿਲਾਂ ਮੰਗਲਵਾਰ ਸ਼ਾਮ ਤਿਹਾੜ ਜੇਲ੍ਹ 'ਚ ਵੀ ਕੇਜਰੀਵਾਲ ਤੋਂ ਪੁੱਛ-ਪੜਤਾਲ ਕੀਤੀ ਸੀ। ਕੇਜਰੀਵਾਲ ਦੇ ਵਕੀਲ ਵਿਕਰਮ ਚੌਧਰੀ ਨੇ ਗ੍ਰਿਫਤਾਰੀ 'ਤੇ ਸਵਾਲ ਉਠਾਉਂਦਿਆਂ ਕਿਹਾ ਕਿ ਸੀ ਬੀ ਆਈ ਨੇ ਪੱਖਪਾਤੀ ਤਰੀਕੇ ਨਾਲ ਕੰਮ ਕੀਤਾ ਹੈ। ਪੇਸ਼ੀ ਦੌਰਾਨ ਕੇਜਰੀਵਾਲ ਦਾ ਸ਼ੂਗਰ ਲੈਵਲ ਡਿੱਗ ਗਿਆ। ਉਨ੍ਹਾ ਨੂੰ ਚਾਹ ਅਤੇ ਬਿਸਕੁਟ ਖੁਆਉਣ ਲਈ ਅਦਾਲਤ ਦੇ ਕਮਰੇ ਤੋਂ ਬਾਹਰ ਲਿਆਂਦਾ ਗਿਆ। ਇਸ ਦੌਰਾਨ ਉਨ੍ਹਾ ਨਾਲ ਪਤਨੀ ਸੁਨੀਤਾ ਕੇਜਰੀਵਾਲ ਵੀ ਮੌਜੂਦ ਹਨ। ਇਸੇ ਦੌਰਾਨ ਸੁਨੀਤਾ ਕੇਜਰੀਵਾਲ ਨੇ ਮੁੱਖ ਮੰਤਰੀ ਦੀ ਗ੍ਰਿਫਤਾਰੀ ਨੂੰ ਤਾਨਾਸ਼ਾਹੀ ਵਾਲਾ ਕਦਮ ਦੱਸਿਆ ਹੈ। ਉਨ੍ਹਾ ਕਿਹਾ ਕਿ ਪੂਰਾ ਸਿਸਟਮ ਇਹ ਯਕੀਨੀ ਬਣਾਉਣ ਦੀ ਕੋਸ਼ਿਸ਼ ਕਰ ਰਿਹਾ ਹੈ ਕਿ ਬੰਦਾ ਜੇਲ੍ਹ ਤੋਂ ਬਾਹਰ ਨਾ ਆਵੇ, ਇਹ ਕਾਨੂੰਨ ਨਹੀਂ ਹੈ। ਇਹ ਤਾਨਾਸ਼ਾਹੀ ਹੈ, ਇਹ ਐਮਰਜੈਂਸੀ ਹੈ।

## ਓਮ ਬਿਰਲਾ ਲੋਕ ਸਭਾ ਦੇ ਸਪੀਕਰ ਚੁਣੇ ਗਏ



ਆਪੋਜ਼ੀਸ਼ਨ ਦੇ ਆਗੂ ਰਾਹੁਲ ਗਾਂਧੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਹੱਥ ਮਿਲਾਉਂਦੇ ਹੋਏ। ਨਾਲ ਸਪੀਕਰ ਬਿਰਲਾ ਨਜ਼ਰ ਆ ਰਹੇ ਹਨ।

**ਨਵੀਂ ਦਿੱਲੀ** : ਭਾਜਪਾ ਦੇ ਸਾਂਸਦ ਤੇ ਐੱਨ ਡੀ ਏ ਦੇ ਉਮੀਦਵਾਰ ਓਮ ਬਿਰਲਾ ਨੂੰ ਬੁੱਧਵਾਰ ਜ਼ਬਾਨੀ ਵੋਟਾਂ ਨਾਲ ਲੋਕ ਸਭਾ ਦਾ ਸਪੀਕਰ ਚੁਣ ਲਿਆ ਗਿਆ। ਉਹ ਲਗਾਤਾਰ ਦੂਜੀ ਵਾਰ ਇਹ ਜ਼ਿੰਮੇਵਾਰੀ ਸੰਭਾਲ ਰਹੇ ਹਨ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸਪੀਕਰ ਦੇ ਅਹੁਦੇ ਲਈ ਬਿਰਲਾ ਦੇ ਨਾਂਅ ਦਾ ਪ੍ਰਸਤਾਵ ਰੱਖਿਆ, ਜਿਸ ਦੀ ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਤਾਈਦ ਕੀਤੀ। ਇਸ ਪ੍ਰਸਤਾਵ ਨੂੰ ਪ੍ਰੋ-ਟੈੱਮ ਸਪੀਕਰ ਭਰਤਹਰੀ ਮਹਿਤਾਬ ਵੱਲੋਂ ਸਦਨ 'ਚ ਵੋਟਿੰਗ ਲਈ ਰੱਖਿਆ ਗਿਆ ਸੀ ਅਤੇ ਸਦਨ ਨੇ ਇਸ ਨੂੰ ਜ਼ੁਬਾਨੀ ਵੋਟ ਰਾਹੀਂ ਪਾਸ ਕਰ ਦਿੱਤਾ। ਇਸ ਤੋਂ ਬਾਅਦ ਮਹਿਤਾਬ ਨੇ ਬਿਰਲਾ ਦੇ ਸਪੀਕਰ ਚੁਣੇ ਜਾਣ ਦਾ ਐਲਾਨ ਕੀਤਾ। ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਅਤੇ ਸੰਸਦੀ ਮਾਮਲਿਆਂ ਬਾਰੇ ਮੰਤਰੀ ਕਿਰਨ ਰਿਜਿਜੂ ਬਿਰਲਾ ਨੂੰ ਸਪੀਕਰ ਦੀ ਕੁਰਸੀ ਤੱਕ ਲੈ ਕੇ ਗਏ। ਇਸ ਤੋਂ ਪਹਿਲਾਂ ਮੋਦੀ ਤੇ ਰਾਹੁਲ ਨੇ ਹੱਥ ਮਿਲਾਇਆ। ਜਦੋਂ ਬਿਰਲਾ ਨੇ ਅਹੁਦਾ ਸੰਭਾਲਿਆ ਤਾਂ ਮੋਦੀ, ਰਾਹੁਲ ਗਾਂਧੀ ਅਤੇ ਰਿਜਿਜੂ ਨੇ ਉਨ੍ਹਾ ਨੂੰ ਵਧਾਈ ਅਤੇ ਸ਼ੁੱਭਕਾਮਨਾਵਾਂ ਦਿੱਤੀਆਂ।

### ਸ਼ੇਅਰ ਬਾਜ਼ਾਰ ਨੇ ਰਿਕਾਰਡ ਬਣਾਇਆ

**ਨਵੀਂ ਦਿੱਲੀ** : ਬੁੱਧਵਾਰ ਸੈਂਸੈਕਸ 620.73 ਅੰਕਾਂ ਦੇ ਉਛਾਲ ਨਾਲ 78,674.25 ਅੰਕਾਂ ਦੇ ਹੁਣ ਤੱਕ ਦੇ ਸਭ ਤੋਂ ਉੱਚੇ ਪੱਧਰ 'ਤੇ ਬੰਦ ਹੋਇਆ, ਨਿਫਟੀ ਵੀ 147.50 ਅੰਕਾਂ ਦੀ ਛਾਲ ਮਾਰ ਕੇ 23,868.80 ਦੇ ਨਵੇਂ ਰਿਕਾਰਡ ਪੱਧਰ 'ਤੇ ਪਹੁੰਚ ਗਿਆ।

### ਅਮਰੀਕਾ 'ਚ ਬੰਧੂਆ ਮਜ਼ਦੂਰੀ ਕਰਾਉਣ 'ਤੇ ਪੰਜਾਬੀ ਜੋੜੇ ਨੂੰ ਸਜ਼ਾ

**ਵਾਸ਼ਿੰਗਟਨ** : ਅਮਰੀਕਾ ਦੀ ਅਦਾਲਤ ਨੇ ਭਾਰਤੀ-ਅਮਰੀਕੀ ਜੋੜੇ ਨੂੰ ਆਪਣੇ ਰਿਸ਼ਤੇਦਾਰ ਨੂੰ ਸਕੂਲ ਵਿਚ ਦਾਖਲ ਕਰਵਾਉਣ ਦਾ ਝਾਂਸਾ ਦੇ ਕੇ ਉਸ ਤੋਂ 3 ਸਾਲ ਤੋਂ ਵੱਧ ਸਮੇਂ ਲਈ ਆਪਣੇ ਗੈਸ ਸਟੇਸ਼ਨ ਅਤੇ ਡਿਪਾਰਟਮੈਂਟ ਸਟੋਰ ਵਿਚ ਜਬਰੀ ਕੰਮ ਕਰਵਾਉਣ ਲਈ ਜੇਲ੍ਹ ਦੀ ਸਜ਼ਾ ਸੁਣਾਈ ਹੈ। ਅਦਾਲਤ ਨੇ ਹਰਮਨਪ੍ਰੀਤ ਸਿੰਘ (31) ਨੂੰ 135 ਮਹੀਨੇ (11.25 ਸਾਲ) ਅਤੇ ਕੁਲਬੀਰ ਕੌਰ (43) ਨੂੰ 87 ਮਹੀਨੇ (7.25 ਸਾਲ) ਦੀ ਸਜ਼ਾ ਸੁਣਾਈ ਹੈ। ਉਨ੍ਹਾਂ ਨੂੰ ਆਪਣੇ ਚਚੇਰੇ ਭਰਾ ਅਤੇ ਪੀੜਤ ਨੂੰ ਲੱਗਭੱਗ 1.87 ਕਰੋੜ ਰੁਪਏ ਦਾ ਮੁਆਵਜ਼ਾ ਦੇਣ ਲਈ ਵੀ ਕਿਹਾ ਗਿਆ ਹੈ।

### ਵਿਦਿਆਰਥਣ ਨਾਲ ਰੇਪ ਦੇ ਦੋਸ਼ 'ਚ 3 ਗ੍ਰਿਫਤਾਰ

**ਜਲੰਧਰ** : ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਦੀ 23 ਸਾਲਾ ਮੁਟਿਆਰ ਨਾਲ ਸੋਮਵਾਰ ਕਥਿਤ ਤੌਰ 'ਤੇ ਬਲਾਤਕਾਰ ਕੀਤਾ ਗਿਆ। ਤਿੰਨਾਂ ਮੁਲਜ਼ਮਾਂ ਵਿੱਚੋਂ ਇੱਕ ਵਿਅਕਤੀ ਉਸ ਨੂੰ ਸੁੰਨਸਾਨ ਥਾਂ 'ਤੇ ਲੈ ਗਿਆ ਅਤੇ ਉਸ ਨਾਲ ਕਥਿਤ ਤੌਰ 'ਤੇ ਬਲਾਤਕਾਰ ਕੀਤਾ, ਜਦਕਿ ਦੂਜਿਆਂ ਨੇ ਰਿਕਾਰਡਿੰਗ ਕੀਤੀ। ਮੁਟਿਆਰ ਓਡੀਸ਼ਾ ਦੀ ਰਹਿਣ ਵਾਲੀ ਹੈ ਅਤੇ ਬਾਇਓਕੈਮਿਸਟਰੀ ਤੇ ਮੌਲੀਕਿਊਲਰ ਬਾਇਓਲੋਜੀ ਦੀ ਵਿਦਿਆਰਥਣ ਹੈ। ਘਟਨਾ ਸੋਮਵਾਰ ਰਾਤ ਉਸ ਸਮੇਂ ਵਾਪਰੀ, ਜਦੋਂ ਉਹ ਆਪਣੇ ਦੋਸਤਾਂ ਨਾਲ ਸੈਰ ਕਰ ਰਹੀ ਸੀ। 22 ਤੋਂ 25 ਸਾਲ ਦੀ ਉਮਰ ਦੇ ਤਿੰਨੇ ਵਿਅਕਤੀ ਲੱਧੇਵਾਲੀ ਦੇ ਰਹਿਣ ਵਾਲੇ ਹਨ। ਜਲੰਧਰ ਦੀ ਪਤਾਰਾ ਪੁਲਸ ਨੇ ਇਨ੍ਹਾਂ ਨੂੰ ਗ੍ਰਿਫਤਾਰ ਕਰ ਲਿਆ ਹੈ। ਤਿੰਨਾਂ ਖਿਲਾਫ ਕੇਸ ਦਰਜ ਕਰ ਲਿਆ ਗਿਆ ਹੈ।

### ਅੱਤਵਾਦੀ ਹਲਾਕ

**ਜੰਮੂ** : ਡੋਡਾ ਜ਼ਿਲ੍ਹੇ ਦੇ ਜੰਗਲੀ ਖੇਤਰ 'ਚ ਬੁੱਧਵਾਰ ਸੁਰੱਖਿਆ ਬਲਾਂ ਨਾਲ ਮੁਕਾਬਲੇ 'ਚ ਅੱਤਵਾਦੀ ਮਾਰਿਆ ਗਿਆ। 11 ਅਤੇ 12 ਜੂਨ ਨੂੰ ਹੋਏ ਦੋਹਰੇ ਅੱਤਵਾਦੀ ਹਮਲਿਆਂ ਤੋਂ ਬਾਅਦ ਪੁਲਸ, ਥਲ ਸੈਨਾ ਅਤੇ ਸੀ ਆਰ ਪੀ ਐੱਫ ਵੱਲੋਂ ਤਲਾਸ਼ੀ ਤੇ ਘੇਰਾਬੰਦੀ ਮੁਹਿੰਮ ਚਲਾਈ ਜਾ ਰਹੀ ਹੈ। ਇਸ ਦੌਰਾਨ ਸਵੇਰੇ 9.50 ਵਜੇ ਦੇ ਕਰੀਬ ਗੰਡੋਹ ਇਲਾਕੇ ਦੇ ਪਿੰਡ ਬਜਾਦ 'ਚ ਗੋਲੀਬਾਰੀ ਸ਼ੁਰੂ ਹੋ ਗਈ।

### 10-10 ਲੱਖ ਦਾ ਇਨਾਮ

**ਨਵੀਂ ਦਿੱਲੀ** : ਵਿਸ਼ਵ ਹਿੰਦੂ ਪ੍ਰੀਸ਼ਦ ਦੇ ਆਗੂ ਵਿਕਾਸ ਪ੍ਰਭਾਕਰ ਦੇ ਪੰਜਾਬ ਵਿਚ ਹੋਏ ਕਤਲ ਦੇ ਦੋ ਮੁਲਜ਼ਮਾਂ 'ਤੇ ਐੱਨ ਆਈ ਏ ਨੇ 10-10 ਲੱਖ ਰੁਪਏ ਦਾ ਇਨਾਮ ਐਲਾਨਿਆ ਹੈ। ਐੱਨ ਆਈ ਏ ਨੇ ਦੱਸਿਆ ਕਿ ਹਰਜੀਤ ਸਿੰਘ ਉਰਫ ਲਾਡੀ ਵਾਸੀ ਗੜ੍ਹ ਪਧਾਣਾ (ਨਵਾਂ ਸ਼ਹਿਰ) ਅਤੇ ਕੁਲਬੀਰ ਸਿੰਘ ਉਰਫ ਸਿੱਧੂ ਵਾਸੀ ਯਮੁਨਾ ਨਗਰ (ਹਰਿਆਣਾ) ਇਸ ਕੇਸ ਵਿਚ ਭਗੌੜੇ ਹਨ। ਇਸ ਸਾਲ 13 ਅਪ੍ਰੈਲ ਨੂੰ ਵਿਕਾਸ ਪ੍ਰਭਾਕਰ ਨੂੰ ਰੂਪਨਗਰ ਵਿਚ ਉਸ ਦੀ ਦੁਕਾਨ 'ਤੇ ਦੋ ਮੋਟਰਸਾਈਕਲ ਸਵਾਰਾਂ ਨੇ ਗੋਲੀ ਮਾਰ ਦਿੱਤੀ ਸੀ। ਦੋਵਾਂ ਹਮਲਾਵਰਾਂ ਨੇ ਰੂਪਨਗਰ ਰੇਲਵੇ ਸਟੇਸ਼ਨ ਸਥਿਤ ਬੱਗਾ ਕਨਫੈਕਸ਼ਨਰੀ ਦੀ ਦੁਕਾਨ ਵਿਚ ਦਾਖਲ ਹੋ ਕੇ ਗੋਲੀਆਂ ਚਲਾ ਦਿੱਤੀਆਂ ਅਤੇ ਫਰਾਰ ਹੋ ਗਏ। ਐੱਨ ਆਈ ਏ ਨੇ ਦੋਹਾਂ ਦੀ ਫੋਟੋ ਸਾਂਝੀ ਕਰਦਿਆਂ ਕਿਹਾ ਕਿ ਸੂਚਨਾ ਦੇਣ ਵਾਲਿਆਂ ਦੀ ਪਛਾਣ ਗੁਪਤ ਰੱਖੀ ਜਾਵੇਗੀ। ਇਸ ਤੋਂ ਪਹਿਲਾਂ 16 ਅਪ੍ਰੈਲ ਨੂੰ ਰੂਪਨਗਰ ਪੁਲਸ ਅਤੇ ਮੋਹਾਲੀ ਦੇ ਸਟੇਟ ਸਪੈਸ਼ਲ ਆਪ੍ਰੇਟਿੰਗ ਸੈੱਲ ਨੇ ਕੇਸ ਨਾਲ ਸੰਬੰਧਤ ਦੋ ਪਾਕਿਸਤਾਨੀ ਸਮਰਥਕਾਂ ਨੂੰ ਵੀ ਗ੍ਰਿਫਤਾਰ ਕੀਤਾ ਸੀ।

## ਜ਼ਮੀਨ 'ਤੇ ਕਬਜ਼ੇ ਨੂੰ ਲੈ ਕੇ ਗੋਲੀਬਾਰੀ 'ਚ ਤਿੰਨ ਮੌਤਾਂ



**ਪਟਿਆਲਾ** : ਹਲਕਾ ਘਨੌਰ 'ਚ ਪਿੰਡ ਚਤਰ ਨਗਰ ਨੌਗਾਵਾਂ ਦੀ 30 ਏਕੜ ਵਾਹੀਯੋਗ ਜ਼ਮੀਨ 'ਤੇ ਕਬਜ਼ੇ ਨੂੰ ਲੈ ਕੇ ਦੋ ਧਿਰਾਂ ਵਿਚਾਲੇ ਗੋਲੀਬਾਰੀ ਦੌਰਾਨ ਪਿਓ-ਪੁੱਤ ਸਣੇ 3 ਵਿਅਕਤੀਆਂ ਦੀ ਮੌਤ ਹੋ ਗਈ ਤੇ 3 ਜ਼ਖਮੀ ਹੋ ਗਏ। ਮ੍ਰਿਤਕਾਂ ਦੀ ਪਛਾਣ ਪਿੰਡ ਚਤਰ ਨਗਰ ਨੌਗਾਵਾਂ ਦੇ ਦਿਲਬਾਗ ਸਿੰਘ ਤੇ ਉਸ ਦੇ ਪੁੱਤਰ ਜਸਵਿੰਦਰ ਸਿੰਘ ਜੱਸੀ ਅਤੇ ਸਤਵਿੰਦਰ ਸਿੰਘ ਪੁੱਤਰ ਧਰਮ ਸਿੰਘ ਵਜੋਂ ਹੋਈ ਹੈ। ਸਰਪੰਚ ਨੇ ਦੱਸਿਆ ਕਿ ਦੋਵੇਂ ਧਿਰਾਂ ਦਾਅਵਾ ਕਰ ਰਹੀਆਂ ਸਨ ਕਿ ਜ਼ਮੀਨ ਦਾ ਠੇਕਾ ਉਨ੍ਹਾਂ ਨੇ ਭਰਿਆ।

ਦਿਲਬਾਗ ਸਿੰਘ ਤੇ ਜਸਵਿੰਦਰ ਸਿੰਘ ਜੱਸੀ ਠੇਕੇ 'ਤੇ ਲਈ ਜ਼ਮੀਨ 'ਤੇ ਪੁੱਜੇ ਤਾਂ ਉਥੇ ਪਹਿਲਾਂ ਤੋਂ ਹੀ ਦੂਜੀ ਧਿਰ ਦੇ ਵਿਅਕਤੀ ਸਤਵਿੰਦਰ ਸਿੰਘ, ਹਰਜਿੰਦਰ ਸਿੰਘ ਤੇ ਹਰਪ੍ਰੀਤ ਸਿੰਘ ਵਾਸੀ ਚਤਰ ਨਗਰ ਮੌਜੂਦ ਸਨ। ਦੋਵਾਂ ਵਿਚਾਲੇ ਤਕਰਾਰ ਤੇ ਹੱਥੋਪਾਈ ਤੋਂ ਬਾਅਦ ਗੋਲੀਬਾਰੀ ਹੋਈ। ਮਰਨ ਵਾਲਿਆਂ ਵਿਚ ਸਤਵਿੰਦਰ ਸਿੰਘ ਦੂਜੀ ਧਿਰ ਦਾ ਸੀ। ਉਸ ਦੇ ਨਾਲ ਦੇ ਸਾਥੀ ਹਰਪ੍ਰੀਤ ਸਿੰਘ ਅਤੇ ਹਰਜਿੰਦਰ ਸਿੰਘ ਰਜਿੰਦਰਾ ਹਸਪਤਾਲ ਪਟਿਆਲਾ ਵਿਚ ਦਾਖਲ ਹਨ।

## ਜਲੰਧਰ ਪੱਛਮੀ ਉਪ ਚੋਣ ਲਈ 15 ਉਮੀਦਵਾਰ ਚੋਣ ਮੈਦਾਨ 'ਚ

**ਜਲੰਧਰ (ਸ਼ੈਲੀ ਐਲਬਰਟ)**-ਜਲੰਧਰ ਪੱਛਮੀ ਵਿਧਾਨ ਸਭਾ ਹਲਕੇ ਦੀ ਉਪ ਚੋਣ ਲਈ ਨਾਮਜ਼ਦਗੀ ਵਾਪਸ ਲੈਣ ਵਾਲੇ ਦਿਨ ਆਜ਼ਾਦ ਉਮੀਦਵਾਰ ਅਮਿਤ ਕੁਮਾਰ ਵੱਲੋਂ ਨਾਮਜ਼ਦਗੀ ਵਾਪਸ ਲਈ ਗਈ। ਇਸ ਤਰ੍ਹਾਂ ਜ਼ਿਮਨੀ ਚੋਣ ਲਈ 15 ਉਮੀਦਵਾਰ ਚੋਣ ਮੈਦਾਨ ਵਿਚ ਰਹਿ ਗਏ ਹਨ।

15 ਉਮੀਦਵਾਰ ਵਿੱਚ ਰਾਜ ਕੁਮਾਰ, ਇੰਦਰਜੀਤ ਸਿੰਘ, ਵਿਸ਼ਾਲ, ਅਜੇ ਕੁਮਾਰ ਭਗਤ, ਨੀਟੂ, ਅਜੇ, ਵਰੁਣ ਕਲੇਰ, ਆਰਤੀ ਅਤੇ ਦੀਪਕ ਭਗਤ (ਸਾਰੇ ਆਜ਼ਾਦ) ਤੋਂ ਇਲਾਵਾ ਭਾਰਤੀ ਜਨਤਾ ਪਾਰਟੀ ਦੇ ਸ਼ੀਤਲ ਅੰਗੂਰਾਲ, ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਸਰਬਜੀਤ ਸਿੰਘ, ਬਸਪਾ ਦੇ ਬਿੰਦਰ ਕੁਮਾਰ, ਆਮ ਆਦਮੀ ਪਾਰਟੀ ਦੇ ਮਹਿੰਦਰਪਾਲ, ਇੰਡੀਅਨ ਨੈਸ਼ਨਲ ਕਾਂਗਰਸ ਦੇ ਸੁਰਿੰਦਰ ਕੌਰ, ਸ਼੍ਰੋਮਣੀ ਅਕਾਲੀ ਦਲ ਦੇ ਸੁਰਜੀਤ ਕੌਰ ਹਨ।

10 ਜੁਲਾਈ ਨੂੰ ਵੋਟਾਂ ਪੈਣਗੀਆਂ ਤੇ ਕੁੱਲ 1,71,482 ਵੋਟਰਾਂ ਵੱਲੋਂ 181 ਪੋਲਿੰਗ ਬੂਥਾਂ 'ਤੇ ਆਪਣੇ ਮਤਦਾਨ ਦੇ ਅਧਿਕਾਰ ਦੀ ਵਰਤੋਂ ਕੀਤੀ ਜਾਵੇਗੀ। ਵੋਟਾਂ ਦੀ ਗਿਣਤੀ 13 ਜੁਲਾਈ ਨੂੰ ਹੋਵੇਗੀ।

## ਯੂ ਏ ਪੀ ਏ ਖਤਮ ਕਰਕੇ ਇਸ ਅਧੀਨ ਗ੍ਰਿਫਤਾਰ ਕੀਤੇ ਆਗੂ ਛੱਡੋ : ਸੀ ਪੀ ਆਈ

### ਲੋਕਾਂ ਦੇ ਫੈਸਲੇ ਨੂੰ ਮੰਨ ਕੇ ਅੰਮ੍ਰਿਤਪਾਲ ਨੂੰ ਵੀ ਰਿਹਾਅ ਕੀਤਾ ਜਾਵੇ



**ਚੰਡੀਗੜ੍ਹ** : ਪੰਜਾਬ ਸੀ ਪੀ ਆਈ ਨੇ ਯੂ ਏ ਪੀ ਏ ਵਰਗੇ ਜਮਹੂਰੀਅਤ ਅਤੇ ਮਾਨਵ ਅਧਿਕਾਰਾਂ ਨੂੰ ਕੁਚਲਣ ਵਾਲੇ ਕਾਲੇ ਕਾਨੂੰਨਾਂ ਨੂੰ ਤੁਰੰਤ ਖਤਮ ਕਰਨ ਦੀ ਮੰਗ ਕਰਦਿਆਂ ਕੇਂਦਰ ਅਤੇ ਸੰਬੰਧਤ ਸੂਬਾਈ ਸਰਕਾਰਾਂ ਤੋਂ ਮੰਗ ਕੀਤੀ ਕਿ ਇਸ ਅਧੀਨ ਗ੍ਰਿਫਤਾਰ ਕੀਤੇ ਸਮਾਜ ਸੇਵੀਆਂ, ਮਾਨਵ ਅਧਿਕਾਰਾਂ ਦੇ ਸਮਰਥਕਾਂ ਅਤੇ ਲੋਕ-ਪੱਖੀ ਬੁੱਧੀਜੀਵੀਆਂ, ਜਿਨ੍ਹਾਂ ਦੀ ਗਿਣਤੀ ਚਾਰ ਦਰਜਨ ਦੇ ਕਰੀਬ ਹੈ, ਸਾਰਿਆਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ। ਤਾਜ਼ਾ ਮਿਸਾਲ ਦਿੰਦਿਆਂ ਪਾਰਟੀ ਨੇ ਕਿਹਾ ਕਿ 2010 ਯਾਨਿ 14 ਸਾਲ ਪਹਿਲਾਂ ਦਿੱਲੀ ਵਿਚ ਇਕ ਸੈਮੀਨਾਰ ਵਿਚ ਦਿਤੇ ਗਏ ਭਾਸ਼ਣਾਂ ਦੇ ਅਧਾਰ 'ਤੇ ਪ੍ਰਸਿੱਧ ਬੁੱਧੀਜੀਵੀ ਅਰੁੰਧਤੀ ਰਾਏ ਅਤੇ ਸ਼ੇਖ ਸ਼ੌਕਤ ਹੁਸੈਨ ਨੂੰ ਹੁਣ ਇਸ ਕਾਨੂੰਨ ਤਹਿਤ ਗ੍ਰਿਫਤਾਰ ਕਰ ਲਿਆ ਗਿਆ ਹੈ।

ਮੰਗਲਵਾਰ ਇਥੇ ਹੋਈ ਸਕੱਤਰੇਤ ਦੀ ਮੀਟਿੰਗ ਦੇ ਫੈਸਲੇ ਜਾਰੀ ਕਰਦਿਆਂ ਪੰਜਾਬ ਸੀ ਪੀ ਆਈ ਦੇ ਸਕੱਤਰ ਬੰਤ ਸਿੰਘ ਬਰਾੜ ਨੇ ਦੱਸਿਆ ਕਿ ਪੰਜਾਬ ਦੇ ਲਮਕਦੇ ਗਏ ਗੰਭੀਰ ਮਸਲੇ ਜਿਵੇਂ ਫੈਡਰਲ ਢਾਂਚੇ ਉਤੇ ਕੇਂਦਰ ਸਰਕਾਰ ਵੱਲੋਂ ਹਮਲੇ, ਪੰਜਾਬੀ ਭਾਸ਼ਾ ਅਤੇ ਪੰਜਾਬੀ ਬੋਲਦੇ ਇਲਾਕੇ, ਚੰਡੀਗੜ੍ਹ ਮਸਲਾ, ਚੰਡੀਗੜ੍ਹ ਯੂਨੀਵਰਸਿਟੀ, ਹੈੱਡ ਵਰਕਸਾਂ ਤੋਂ ਪੰਜਾਬ ਨੂੰ ਵਾਂਝਿਆਂ ਕਰਨਾ, ਪਾਣੀਆਂ ਦਾ ਮਸਲਾ, ਬਾਰਡਰ ਤੋਂ 50 ਕਿਲੋਮੀਟਰ ਅੰਦਰ ਤੱਕ ਕੇਂਦਰੀ ਬਲਾਂ ਨੂੰ ਵਿਸ਼ੇਸ਼ ਅਧਿਕਾਰ ਦੇਣੇ ਆਦਿ, ਅਨੇਕਾਂ ਮਸਲੇ ਹਨ, ਜਿਨ੍ਹਾਂ ਕਰਕੇ ਪੰਜਾਬ ਦੇ ਲੋਕ ਨਿਰਾਸ਼ਾ ਅਤੇ ਨਰਾਜ਼ਗੀ ਮਹਿਸੂਸ ਕਰਦੇ ਹਨ। ਏਸੇ ਪ੍ਰਕਾਰ ਸਭ ਤੋਂ ਵੱਡਾ ਮਸਲਾ ਪੰਜਾਬ ਦੇ ਨੌਜਵਾਨ ਬੇਰੁਜ਼ਗਾਰੀ ਦੀ ਚੱਕੀ ਵਿਚ ਪੀਸੇ ਜਾ ਰਹੇ ਹਨ। ਸਮੇਂ ਦੀਆਂ ਪੰਜਾਬ ਸਰਕਾਰਾਂ ਵੀ ਗੈਂਗਸਟਰਾਂ ਵੱਲੋਂ ਕੀਤੀਆਂ ਫਿਰੌਤੀਆਂ ਅਤੇ ਕਤਲ, ਰੇਤ-ਬੱਜਰੀ ਅਤੇ ਡਰੱਗ-ਮਾਫੀਆ ਨੂੰ ਕੰਟਰੋਲ ਕਰਨ ਵਿਚ ਨਾ ਕੇਵਲ ਨਾਕਾਮ ਰਹੀਆਂ, ਸਗੋਂ ਖੁਦ ਰਾਜਸੀ ਆਗੂ ਵੀ ਇਹਨਾਂ ਵਿਚ ਸ਼ਾਮਲ ਹੋ ਗਏ। ਇਸ ਵਿਗੜੇ ਹੋਏ ਮਾਹੌਲ ਦਾ ਫਾਇਦਾ ਦੇਸ਼ ਅਤੇ ਬਦੇਸ਼ ਦੀਆਂ ਏਜੰਸੀਆਂ ਵੀ ਉਠਾ ਰਹੀਆਂ ਹਨ।

ਸਕੱਤਰੇਤ ਨੇ ਆਖਿਆ ਕਿ ਪੰਜਾਬ ਦੀਆਂ ਸਾਰੀਆਂ ਜਮਹੂਰੀਅਤ ਅਤੇ ਪੰਜਾਬ-ਪੱਖੀ ਸ਼ਕਤੀਆਂ ਨੂੰ ਸਾਂਝੇ ਤੌਰ 'ਤੇ ਸਾਂਝੇ ਮੁੱਦਿਆਂ 'ਤੇ ਜ਼ੋਰਦਾਰ ਆਵਾਜ਼ ਉਠਾਉਣ ਦੀ ਵੱਡੀ ਜ਼ਰੂਰਤ ਬਣ ਗਈ ਹੈ। ਪਾਰਟੀ ਨੇ ਕਿਹਾ ਕਿ ਅੰਮ੍ਰਿਤਪਾਲ ਸਿੰਘ ਨੂੰ ਲੋਕਾਂ ਨੇ ਭਾਰੀ ਬਹੁਮਤ ਨਾਲ ਜਿਤਾਇਆ ਹੈ, ਇਸ ਲਈ ਲੋਕਮੱਤ ਦਾ ਆਦਰ ਕਰਦਿਆਂ ਹੋਇਆਂ ਉਸ ਨੂੰ ਰਿਹਾਅ ਕਰਕੇ ਮੌਕਾ ਦੇਣਾ ਚਾਹੀਦਾ ਹੈ ਕਿ ਸੰਵਿਧਾਨ ਦੀ ਪਾਲਣਾ ਕਰਦਾ ਹੋਇਆ ਪੰਜਾਬ ਅਤੇ ਦੇਸ਼ ਦੀ ਮੁੱਖ ਧਾਰਾ ਵਿਚ ਰਹਿੰਦੇ ਹੋਏ ਆਪਣੇ ਇਲਾਕੇ ਅਤੇ ਪੰਜਾਬ ਦੀ ਸੇਵਾ ਕਰ ਸਕੇ।

ਸਾਥੀ ਬਰਾੜ ਨੇ ਕਿਹਾ ਕਿ ਸੀ ਪੀ ਆਈ ਪਹਿਲਾਂ ਵੀ ਸਪੱਸ਼ਟ ਕਰ ਚੁੱਕੀ ਹੈ ਅਤੇ ਹੁਣ ਫਿਰ ਦੁਹਰਾਉਂਦੀ ਹੈ ਕਿ ਦੇਸ਼ ਦੇ ਸੰਵਿਧਾਨ ਅਤੇ ਕਾਨੂੰਨ ਅਨੁਸਾਰ ਜਿਹੜੇ ਵੀ ਕੈਦੀ ਸਜ਼ਾਵਾਂ ਭੁਗਤ ਚੁੱਕੇ ਹਨ, ਉਹਨਾਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ ਭਾਵੇਂ, ਉਹ ਬੰਦੀ ਸਿੰਘ ਹੋਣ ਜਾਂ 40 ਤੋਂ ਵੱਧ ਕ੍ਰਾਂਤੀਕਾਰੀ ਜਾਂ ਬੁੱਧੀਜੀਵੀ।

## ਵਰਕਿੰਗ ਕਮੇਟੀ ਨੇ ਸੁਖਬੀਰ 'ਤੇ ਮੁੜ ਭਰੋਸਾ ਪ੍ਰਗਟਾਇਆ




**ਚੰਡੀਗੜ੍ਹ** : ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਆਗੂਆਂ ਦੇ ਇਕ ਵਰਗ ਵੱਲੋਂ ਪ੍ਰਧਾਨ ਸੁਖਬੀਰ ਸਿੰਘ ਬਾਦਲ ਖਿਲਾਫ ਬਗਾਵਤ ਕਰਨ ਤੋਂ ਇਕ ਦਿਨ ਬਾਅਦ ਬੁੱਧਵਾਰ ਦਲ ਨੇ ਕਿਹਾ ਕਿ ਇਸ ਦੀ ਵਰਕਿੰਗ ਕਮੇਟੀ ਨੇ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਿਚ ਮੁੜ ਭਰੋਸਾ ਪ੍ਰਗਟਾਇਆ ਹੈ। ਵਰਕਿੰਗ ਕਮੇਟੀ ਨੇ ਬਾਗੀਆਂ ਨੂੰ ਕਿਹਾ ਕਿ ਉਹ ਪੰਥ ਦੇ ਦੁਸ਼ਮਣਾਂ ਦੇ ਹੱਥਾਂ 'ਚ ਨਾ ਖੇਡਣ। ਵਰਕਿੰਗ ਕਮੇਟੀ ਨੇ ਸੁਖਬੀਰ ਨੂੰ ਕਿਹਾ ਕਿ ਉਹ ਪਾਰਟੀ, ਪੰਥ ਤੇ ਪੰਜਾਬ ਖਿਲਾਫ ਸਾਜ਼ਿਸ਼ਾਂ ਨੂੰ ਬੇਨਕਾਬ ਕਰਨ ਦੀਆਂ ਕੋਸ਼ਿਸ਼ਾਂ ਦੀ ਅਗਵਾਈ ਕਰਨ।

ਮੀਟਿੰਗ ਵਿਚ ਸੁਖਬੀਰ ਤੋਂ ਇਲਾਵਾ ਬਲਵਿੰਦਰ ਸਿੰਘ ਭੂੰਦੜ, ਦਲਜੀਤ ਸਿੰਘ ਚੀਮਾ, ਮਹੇਸ਼ ਇੰਦਰ ਸਿੰਘ ਗਰੇਵਾਲ, ਹੀਰਾ ਸਿੰਘ ਗਾਬੜੀਆ ਤੇ ਪਰਮਜੀਤ ਸਿੰਘ ਸਰਨਾ ਸ਼ਾਮਲ ਹੋਏ।

ਜਲੰਧਰ ਵਿਚ ਮੀਟਿੰਗ ਕਰਕੇ ਆਗੂਆਂ ਨੇ ਕਿਹਾ ਸੀ ਕਿ ਲੋਕ ਸਭਾ ਚੋਣਾਂ ਵਿਚ ਹਾਰ ਤੋਂ ਬਾਅਦ ਸੁਖਬੀਰ ਪ੍ਰਧਾਨਗੀ ਛੱਡ ਦੇਣ। ਇਸੇ ਦੌਰਾਨ ਜਲੰਧਰ ਦੀ ਮੀਟਿੰਗ ਵਿਚ ਸ਼ਾਮਲ ਹੋਣ ਵਾਲੇ ਸਾਬਕਾ ਵਿਧਾਇਕ ਗੁਰਪ੍ਰਤਾਪ ਸਿੰਘ ਵਡਾਲਾ ਨੇ ਕਿਹਾ ਕਿ ਬੜਾ ਮੰਦਭਾਗਾ ਹੈ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਤੇ ਸਾਥੀਆਂ ਵੱਲੋਂ ਉਨ੍ਹਾ ਵਿਰੁੱਧ ਪਾਰਟੀ ਤੋੜਨ ਦੇ ਬਿਆਨ ਦਿੱਤੇ ਜਾ ਰਹੇ ਹਨ। ਉਨ੍ਹਾ ਕਿਹਾ ਕਿ ਜਲੰਧਰ 'ਚ ਪੰਥ-ਦਰਦੀਆਂ ਤੇ ਪੰਜਾਬ ਹਿਤੈਸ਼ੀਆਂ ਦੀ ਮੀਟਿੰਗ 'ਚ ਮਾਸਟਰ ਤਾਰਾ ਸਿੰਘ ਦਾ ਪਰਵਾਰ, ਤੁੜ ਪਰਵਾਰ, ਗਿਆਨੀ ਕਰਤਾਰ ਸਿੰਘ ਦਾ ਪਰਵਾਰ, ਤਲਵੰਡੀ ਸਾਹਿਬ ਦਾ ਪਰਵਾਰ, ਟੌਹੜਾ ਸਾਹਿਬ ਦਾ ਪਰਵਾਰ ਆਦਿ ਸ਼ਾਮਲ ਸਨ। ਇਹ ਉਹ ਲੋਕ ਹਨ, ਜਿਨ੍ਹਾਂ ਨੇ ਪੰਥਕ ਸਫਾਂ ਦੇ ਨਾਲ-ਨਾਲ ਅਕਾਲੀ ਦਲ ਨੂੰ ਮਜ਼ਬੂਤ ਕਰਨ 'ਚ ਬੜਾ ਕੁਝ ਲਾਇਆ ਹੈ। ਉਨ੍ਹਾਂ ਪਰਵਾਰਾਂ ਉੱਪਰ ਅਜਿਹੇ ਦੋਸ਼ ਲਾ ਕੇ ਭੰਡਣਾ ਬਹੁਤ ਹੀ ਮੰਦਭਾਗਾ। ਸੋ ਅਜਿਹੇ ਬਿਆਨਾਂ ਦੇਣ ਤੋਂ ਪਹਿਲਾਂ ਸੋਚਣਾ ਚਾਹੀਦਾ ਹੈ ਕਿ ਪਹਿਲਾਂ ਹੀ ਪਾਰਟੀ ਬਹੁਤ ਨੀਵੇਂ ਪੱਧਰ 'ਤੇ ਜਾ ਚੁੱਕੀ ਹੈ ਤੇ ਹੋਰ ਨੁਕਸਾਨ ਹੋਵੇਗਾ। ਸੋ ਅਜਿਹੇ ਬਿਆਨਾਂ ਤੋਂ ਗੁਰੇਜ਼ ਕਰਨਾ ਚਾਹੀਦਾ ਹੈ। ਉਨ੍ਹਾ ਕਿਹਾ ਕਿ ਮੀਟਿੰਗ ਵਿਚ ਸਾਫ ਕੀਤਾ ਗਿਆ ਕਿ ਦਿੱਲੀ ਵਾਲੀ ਕਿਸੇ ਪਾਰਟੀ ਨਾਲ ਸਾਂਝ ਦੀ ਗੱਲ ਨਾ ਕੀਤੀ ਜਾਵੇ, ਸਗੋਂ ਪੰਥਕ ਮਸਲਿਆਂ 'ਤੇ ਪਹਿਰਾ ਦੇ ਕੇ ਤੇ ਨਾਲ ਪੰਜਾਬ ਦੇ ਮਸਲਿਆਂ ਨੂੰ ਜ਼ੋਰਦਾਰ ਢੰਗ ਨਾਲ ਉਠਾ ਕੇ ਹੱਲ ਕਰਾਉਣ ਦੀ ਗੱਲ ਕਰੀਏ।

## ਪੰਜਾਬ 'ਚ ਮੌਨਸੂਨ ਆਉਣ 'ਚ ਦੋ ਕੁ ਦਿਨ ਰਹਿ ਗਏ



**ਨਵੀਂ ਦਿੱਲੀ** : ਮੌਸਮ ਵਿਭਾਗ ਨੇ ਕਿਹਾ ਹੈ ਕਿ ਉੱਤਰ-ਪੱਛਮੀ ਭਾਰਤ ਵਿਚ 28 ਤੋਂ 30 ਜੂਨ ਤੱਕ ਭਾਰੀ ਤੋਂ ਕਾਫੀ ਭਾਰੀ ਬਾਰਸ਼ ਹੋਣ ਦੀ ਆਸ ਹੈ। ਪੰਜਾਬ ਦੇ ਉੱਤਰੀ ਹਿੱਸਿਆਂ ਵਿਚ ਅਗਲੇ 3-4 ਦਿਨਾਂ ਵਿਚ ਮੌਨਸੂਨ ਪੁੱਜਣ ਦੇ ਆਸਾਰ ਹਨ।

## ਕਾਂਗਰਸੀ ਉਮੀਦਵਾਰ ਸੁਰਿੰਦਰ ਕੌਰ ਨੇ ਹਲਕੇ ਲਈ ਕੁਝ ਨਹੀਂ ਕੀਤਾ : ਆਪ



**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**

ਆਮ ਆਦਮੀ ਪਾਰਟੀ ਪੰਜਾਬ ਨੇ ਜਲੰਧਰ ਪੱਛਮੀ ਤੋਂ ਕਾਂਗਰਸ ਦੀ ਉਮੀਦਵਾਰ ਸੁਰਿੰਦਰ ਕੌਰ ਨੂੰ ਘੇਰਦਿਆਂ ਕਿਹਾ ਕਿ ਬਤੌਰ ਡਿਪਟੀ ਮੇਅਰ ਸੁਰਿੰਦਰ ਕੌਰ ਨੇ ਜਲੰਧਰ ਪੱਛਮੀ ਜਾਂ ਜਲੰਧਰ ਸ਼ਹਿਰ ਲਈ ਕੁਝ ਨਹੀਂ ਕੀਤਾ। ਜ਼ਿਆਦਾਤਰ ਸਮਾਂ ਉਹਨਾ ਦੇ ਦਫ਼ਤਰ ਨੂੰ ਤਾਲਾ ਲੱਗਿਆ ਰਹਿੰਦਾ ਸੀ ਅਤੇ ਜਲੰਧਰ ਸਮਾਰਟ ਸਿਟੀ ਫੰਡਾਂ ਦੇ ਘੁਟਾਲੇ ਵਿਚ ਵੀ ਉਨ੍ਹਾ ਦੀ ਸ਼ਮੂਲੀਅਤ ਸੀ।

ਬੁੱਧਵਾਰ ਜਲੰਧਰ 'ਚ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ 'ਆਪ' ਆਗੂ ਤੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਮੀਡੀਆ ਰਾਹੀਂ ਕਾਂਗਰਸੀ ਉਮੀਦਵਾਰ ਨੂੰ ਪੰਜ ਸਵਾਲ ਪੁੱਛੇ। ਬੈਂਸ ਨੇ ਕਿਹਾ ਕਿ ਸੁਰਿੰਦਰ ਕੌਰ 5 ਸਾਲ ਜਲੰਧਰ ਦੀ ਡਿਪਟੀ ਮੇਅਰ ਅਤੇ ਕਰੀਬ 20 ਸਾਲ ਐੱਮ ਸੀ ਰਹੀ, ਪਰ ਸਵਾਲ ਇਹ ਹੈ ਕਿ ਐੱਮ ਸੀ ਅਤੇ ਡਿਪਟੀ ਮੇਅਰ ਰਹਿੰਦਿਆਂ ਉਨ੍ਹਾ ਜਲੰਧਰ ਪੱਛਮੀ ਅਤੇ ਇੱਥੋਂ ਦੇ ਲੋਕਾਂ ਲਈ ਕੀ ਕੀਤਾ? 'ਆਪ' ਆਗੂ ਨੇ ਕਾਂਗਰਸੀ ਉਮੀਦਵਾਰ ਨੂੰ ਪੁੱਛਿਆ ਕਿ ਜਦੋਂ ਉਹ ਡਿਪਟੀ ਮੇਅਰ ਸੀ ਤਾਂ ਉਹਨਾ ਦੇ ਦਫ਼ਤਰ ਨੂੰ ਜ਼ਿਆਦਾਤਰ ਤਾਲਾ ਕਿਉਂ ਲੱਗਿਆ ਰਹਿੰਦਾ ਸੀ। ਉਹ ਲੋਕਾਂ ਵਿੱਚ ਕਿਉਂ ਨਹੀਂ ਗਈ, ਉਨ੍ਹਾਂ ਦੀਆਂ ਸਮੱਸਿਆਵਾਂ ਕਿਉਂ ਨਹੀਂ ਸੁਣੀਆਂ ਅਤੇ ਉਨ੍ਹਾਂ ਦਾ ਹੱਲ ਕਿਉਂ ਨਹੀਂ ਕੀਤਾ?

ਆਪ ਆਗੂ ਨੇ ਕਿਹਾ ਕਿ ਸੁਰਿੰਦਰ ਕੌਰ ਨੇ ਡਿਪਟੀ ਮੇਅਰ ਹੁੰਦਿਆਂ ਜਲੰਧਰ ਪੱਛਮੀ ਨੂੰ ਸਿਰਫ਼ ਇੱਕ ਤੋਹਫ਼ਾ ਦਿੱਤਾ ਹੈ, ਜੋ ਵਰਿਆਣਾ ਵਿੱਚ ਕੂੜੇ ਦਾ ਵੱਡਾ ਪਹਾੜ ਹੈ। ਬੈਂਸ ਨੇ ਕਿਹਾ ਕਿ ਉਹਨਾ ਇਸ ਬਾਰੇ ਕੁਝ ਕਿਉਂ ਨਹੀਂ ਕੀਤਾ। ਉਨ੍ਹਾ ਕਿਹਾ ਕਿ ਅੱਜ ਵਰਿਆਣਾ ਵਿੱਚ ਹਾਲਾਤ ਜਿਉਂ ਦੇ ਤਿਉਂ ਬਣੇ ਹੋਏ ਹਨ, ਇਸ ਦੀ ਜ਼ਿੰਮੇਵਾਰੀ ਕਿਸਦੀ ਹੈ? ਉਨ੍ਹਾ ਕਿਹਾ ਕਿ ਇਲਾਕਾ ਪੀਣ ਯੋਗ ਪਾਣੀ ਦੀ ਵੀ ਘਾਟ ਨਾਲ ਜੂਝ ਰਿਹਾ ਹੈ, ਇਸ ਲਈ ਉਨ੍ਹਾ ਇਸ ਹਲਕੇ ਨੂੰ ਕਿੰਨੇ ਜਲਘਰ ਜਾਂ ਟਿਊਬਵੈੱਲ ਦਿੱਤੇ ਹਨ।

## ਅੱਜ-ਨਾਮਾ

ਨਿੱਜੀ ਖਹਿਸਰ ਤੋਂ ਉੱਠਦੇ ਨਹੀਂ ਲੀਡਰ,
ਇਹਦੇ ਗਿਰਦ ਨੇ ਘੁੰਮੀ-ਘੁੰਮਾਈ ਜਾਂਦੇ।
ਜਿਹੜੇ ਵੀ ਲੀਡਰ ਦੇ ਨਾਲ ਵਿਰੋਧ ਹੁੰਦਾ,
ਘੜ ਕੇ ਕੇਸ ਹਨ ਉਹਦੇ 'ਤੇ ਪਾਈ ਜਾਂਦੇ।
ਬਣ ਗਿਆ ਆਪਣੇ ਉੱਤੇ ਜਾਂ ਕੇਸ ਕੋਈ,
ਥਾਂ-ਥਾਂ ਉਹਦੀ ਹੀ ਪਾਈ ਦੁਹਾਈ ਜਾਂਦੇ।
ਪੁਤਲੇ ਈਮਾਨ ਦੇ ਆਪ ਇਹ ਬਣੇ ਲੱਗਣ,
ਦੂਸਰਿਆਂ ਬਾਰੇ ਬਈ ਖੇਹ ਉਡਾਈ ਜਾਂਦੇ।
ਬਣਿਆ ਕਿੱਦਾਂ ਦਾ ਭਾਰਤ ਦਾ ਲੋਕਤੰਤਰ,
ਛੱਡੀ ਆ ਲੋਕਤਾ, ਤੰਤਰ ਪ੍ਰਧਾਨ ਮਿੱਤਰ।
ਨਿਯਮ-ਕਾਨੂੰਨ ਸਭ ਨੁੱਕਰੀਂ ਲੁਕੇ ਜਾਣੋਂ,
ਫਿਰ ਵੀ ਆਖੀਦਾ ਭਾਰਤ ਮਹਾਨ ਮਿੱਤਰ।

-ਤੀਸ ਮਾਰ ਖਾਂ

## ਸਪੈਕਟਰਮ ਤੋਂ 11 ਹਜ਼ਾਰ ਕਰੋੜ ਦੀ ਕਮਾਈ

**ਨਵੀਂ ਦਿੱਲੀ** : ਮੋਬਾਈਲ ਰੇਡੀਓ ਤਰੰਗ ਸੇਵਾਵਾਂ ਲਈ 96,000 ਕਰੋੜ ਰੁਪਏ ਦੀ ਸਪੈਕਟ੍ਰਮ ਨਿਲਾਮੀ ਲੱਗਭੱਗ 11,000 ਕਰੋੜ ਰੁਪਏ ਦੀਆਂ ਬੋਲੀਆਂ ਨਾਲ ਸਮਾਪਤ ਹੋ ਗਈ। ਸਰਕਾਰ ਨੇ ਇਸ ਨਿਲਾਮੀ ਵਿਚ 800 ਮੈਗਾਹਰਟਜ਼, 900 ਮੈਗਾਹਰਟਜ਼, 1,800 ਮੈਗਾਹਰਟਜ਼, 2,100 ਮੈਗਾਹਰਟਜ਼, 2,300 ਮੈਗਾਹਰਟਜ਼, 2,500 ਮੈਗਾਹਰਟਜ਼, 3,300 ਮੈਗਾਹਰਟਜ਼ ਅਤੇ 26 ਗੀਗਾਹਰਟਜ਼ ਸਪੈਕਟਰਮ ਬੈਂਡ ਦੀ ਪੇਸ਼ਕਸ਼ ਕੀਤੀ, ਜਿਸ ਦੀ ਮੂਲ ਕੀਮਤ 96238 ਕਰੋੜ ਰੁਪਏ ਹੈ। ਸੂਤਰ ਨੇ ਕਿਹਾ—ਬੁੱਧਵਾਰ ਸਵੇਰ ਦੇ ਸੈਸ਼ਨ 'ਚ ਕੋਈ ਨਵੀਂ ਬੋਲੀ ਨਹੀਂ ਆਈ। ਨਿਲਾਮੀ ਲੱਗਭੱਗ 11,000 ਕਰੋੜ ਰੁਪਏ ਦੀ ਬੋਲੀ ਦੇ ਨਾਲ ਖਤਮ ਹੋ ਗਈ ਹੈ। ਭਾਰਤੀ ਏਅਰਟੈੱਲ ਨਿਲਾਮੀ 'ਚ ਸਭ ਤੋਂ ਵੱਡੀ ਬੋਲੀ ਲਗਾਉਣ ਵਾਲੇ ਵਜੋਂ ਉੱਭਰੀ ਹੈ। ਆਖਰੀ ਨਿਲਾਮੀ 2022 'ਚ ਹੋਈ ਸੀ।

## ਸੜਕਾਂ ਠੀਕ ਨਹੀਂ ਤਾਂ ਟੋਲ ਟੈਕਸ ਨਾ ਲਿਆ ਜਾਵੇ : ਗਡਕਰੀ



**ਨਵੀਂ ਦਿੱਲੀ** : ਕੇਂਦਰੀ ਸੜਕੀ ਆਵਾਜਾਈ ਅਤੇ ਰਾਜ ਮਾਰਗ ਮੰਤਰੀ ਨਿਤਿਨ ਗਡਕਰੀ ਨੇ ਕਿਹਾ ਹੈ ਕਿ ਜੇ ਸੜਕਾਂ ਦੀ ਹਾਲਤ ਠੀਕ ਨਹੀਂ ਹੈ ਤਾਂ ਹਾਈਵੇ ਚਲਾਉਣ ਵਾਲੀਆਂ ਏਜੰਸੀਆਂ ਨੂੰ ਵਾਹਨ ਚਾਲਕਾਂ ਤੋਂ ਟੋਲ ਨਹੀਂ ਵਸੂਲਣਾ ਚਾਹੀਦਾ। ਗਡਕਰੀ ਸੈਟੇਲਾਈਟ ਆਧਾਰਤ ਟੋਲ ਕੁਲੈਕਸ਼ਨ ਸਿਸਟਮ 'ਤੇ ਕੌਮਾਂਤਰੀ ਵਰਕਸ਼ਾਪ ਨੂੰ ਸੰਬੋਧਨ ਕਰ ਰਹੇ ਸਨ। ਇਹ ਪ੍ਰਣਾਲੀ ਚਾਲੂ ਵਿੱਤੀ ਸਾਲ 'ਚ ਹੀ 5000 ਕਿਲੋਮੀਟਰ ਤੋਂ ਵੱਧ ਲੰਮੇ ਹਾਈਵੇ 'ਤੇ ਲਾਗੂ ਕੀਤੀ ਜਾਣੀ ਹੈ। ਗਡਕਰੀ ਨੇ ਕਿਹਾ ਕਿ ਜੇ ਤੁਸੀਂ ਚੰਗੀ ਸੇਵਾ ਨਹੀਂ ਦੇ ਸਕਦੇ ਤਾਂ ਤੁਹਾਨੂੰ ਟੋਲ ਨਹੀਂ ਵਸੂਲਣਾ ਚਾਹੀਦਾ। ਇਸ ਦੇ ਨਾਲ ਹੀ ਉਨ੍ਹਾ ਆਪਣੇ ਅਧਿਕਾਰੀਆਂ ਨੂੰ ਕਿਹਾ ਕਿ ਟੋਲ ਪਲਾਜ਼ਾ 'ਤੇ ਟੋਲ ਅਦਾ ਕਰਨ ਸਮੇਂ ਉਪਭੋਗਤਾਵਾਂ ਤੋਂ ਮਨਮਾਨੀਆਂ ਅਤੇ ਦੋਹਰੇ ਟੋਲ ਦੀਆਂ ਸ਼ਿਕਾਇਤਾਂ ਲਗਾਤਾਰ ਮਿਲ ਰਹੀਆਂ ਹਨ। ਕਈ ਲੋਕ ਸ਼ਿਕਾਇਤਾਂ ਕਰ ਰਹੇ ਹਨ ਕਿ ਫਾਸਟੈਗ ਹੋਣ ਦੇ ਬਾਵਜੂਦ ਬਹੁਤ ਜ਼ਿਆਦਾ ਪੈਸੇ ਕੱਟ ਲਏ ਗਏ ਅਤੇ ਜੁਰਮਾਨਾ ਕੀਤਾ ਗਿਆ। ਅਜਿਹੇ ਮਾਮਲਿਆਂ ਦੀ ਸੁਣਵਾਈ ਨਹੀਂ ਹੋ ਰਹੀ, ਜਿਸ ਕਾਰਨ ਲੋਕਾਂ 'ਚ ਰੋਸ ਹੈ। ਉਨ੍ਹਾ ਅਧਿਕਾਰੀਆਂ ਨੂੰ ਕਿਹਾ ਕਿ ਆਉਣ ਵਾਲੇ ਸਮੇਂ 'ਚ ਸ਼ਿਕਾਇਤਾਂ ਦਾ ਨਿਪਟਾਰਾ ਸ਼ੁਰੂ ਕੀਤਾ ਜਾਵੇ। ਪ੍ਰੇਸ਼ਾਨ ਵਿਅਕਤੀ ਨੂੰ ਟੋਲ ਬੂਥ 'ਤੇ ਹੀ ਸ਼ਿਕਾਇਤ ਕਰਨ ਦੀ ਸਹੂਲਤ ਦਿੱਤੀ ਜਾਵੇ। ਮੌਕੇ 'ਤੇ ਸ਼ਿਕਾਇਤ ਦਰਜ ਕਰਵਾਉਣ ਤੋਂ ਇਲਾਵਾ ਮੋਬਾਇਲ ਨੰਬਰ ਦੀ ਵਰਤੋਂ ਕਰਕੇ ਵੀ ਸ਼ਿਕਾਇਤ ਦਰਜ ਕਰਵਾਈ ਜਾ ਸਕਦੀ ਹੈ, ਜਿਸ ਤੋਂ ਬਾਅਦ ਜਲਦੀ ਤੋਂ ਜਲਦੀ ਕਾਰਵਾਈ ਕਰਕੇ ਸ਼ਿਕਾਇਤ ਦਾ ਨਿਪਟਾਰਾ ਕੀਤਾ ਜਾਵੇ। ਜੇਕਰ ਕਿਸੇ ਨਾਲ ਬੇਇਨਸਾਫੀ ਹੁੰਦੀ ਹੈ ਤਾਂ ਉਸ ਦਾ ਇੱਕ ਘੰਟੇ 'ਚ ਹੱਲ ਕੀਤਾ ਜਾਵੇ। ਗਡਕਰੀ ਨੇ ਕਿਹਾ ਕਿ ਦੇਸ਼ 'ਚ 12.7 ਕਰੋੜ ਵਾਹਨ ਹਨ, ਜਿਨ੍ਹਾਂ ਵਿੱਚੋਂ 7.2 ਕਰੋੜ ਚਾਰ ਪਹੀਆ ਵਾਹਨ ਹਨ। ਇਸ ਤੋਂ ਇਲਾਵਾ ਚਾਰ ਕਰੋੜ ਟਰੱਕ ਅਤੇ ਕਰੀਬ ਡੇਢ ਕਰੋੜ ਵਪਾਰਕ ਵਾਹਨ ਵੀ ਹਨ। ਗਡਕਰੀ ਮੁਤਾਬਕ ਇਨ੍ਹਾਂ 'ਚੋਂ 25 ਫੀਸਦੀ ਵਾਹਨਾਂ 'ਚ ਫਾਸਟੈਗ ਨਹੀਂ ਹੈ। ਫਾਸਟੈਗ ਰਾਹੀਂ ਟੋਲ ਅਦਾ ਕਰਨ ਵਾਲੇ ਲੋਕਾਂ ਦੀ ਗਿਣਤੀ ਲਗਭਗ 9 ਕਰੋੜ ਹੈ। ਤਿੰਨ ਫੀਸਦੀ ਲੋਕ ਫਾਸਟੈਗ ਨਹੀਂ ਲਗਾਉਣਾ ਚਾਹੁੰਦੇ।

## ਹਰਮਨਪ੍ਰੀਤ ਸਿੰਘ ਕਪਤਾਨ ਤੇ ਹਾਰਦਿਕ ਸਿੰਘ ਉਪ ਕਪਤਾਨ



**ਨਵੀਂ ਦਿੱਲੀ** : ਹਾਕੀ ਇੰਡੀਆ ਨੇ ਅਗਲੇ ਮਹੀਨੇ ਹੋਣ ਵਾਲੀਆਂ ਪੈਰਿਸ ਉਲੰਪਿਕ ਗੇਮਜ਼ ਲਈ 16 ਮੈਂਬਰੀ ਪੁਰਸ਼ ਟੀਮ ਦਾ ਐਲਾਨ ਕਰਦਿਆਂ ਹਰਮਨਪ੍ਰੀਤ ਸਿੰਘ ਨੂੰ ਕਪਤਾਨ ਅਤੇ ਹਾਰਦਿਕ ਸਿੰਘ ਨੂੰ ਉਪ ਕਪਤਾਨ ਨਿਯੁਕਤ ਕੀਤਾ ਹੈ। ਭਾਰਤ ਨੂੰ ਗਰੁੱਪ ਬੀ 'ਚ ਰੱਖਿਆ ਗਿਆ ਹੈ, ਜਿਸ 'ਚ ਮੌਜੂਦਾ ਚੈਂਪੀਅਨ ਬੈਲਜੀਅਮ, ਆਸਟਰੇਲੀਆ, ਅਰਜਨਟੀਨਾ, ਨਿਊਜ਼ੀਲੈਂਡ ਅਤੇ ਆਇਰਲੈਂਡ ਹਨ। ਪੂਲ ਦੀ ਅੰਕ ਸੂਚੀ 'ਚ ਸਿਖਰਲੀਆਂ ਚਾਰ ਟੀਮਾਂ ਕੁਆਰਟਰ ਫਾਈਨਲ 'ਚ ਪਹੁੰਚ ਜਾਣਗੀਆਂ। ਟੀਮ ਇੰਡੀਆ 27 ਜੁਲਾਈ ਨੂੰ ਨਿਊਜ਼ੀਲੈਂਡ ਖਿਲਾਫ ਆਪਣੀ ਮੁਹਿੰਮ ਦੀ ਸ਼ੁਰੂਆਤ ਕਰੇਗੀ ਅਤੇ ਇਸ ਤੋਂ ਬਾਅਦ 29 ਜੁਲਾਈ ਨੂੰ ਅਰਜਨਟੀਨਾ ਨਾਲ ਮੁਕਾਬਲਾ ਹੋਵੇਗਾ। ਭਾਰਤ 30 ਜੁਲਾਈ ਨੂੰ ਆਇਰਲੈਂਡ, 1 ਅਗਸਤ ਨੂੰ ਬੈਲਜੀਅਮ ਅਤੇ 2 ਅਗਸਤ ਨੂੰ ਆਸਟਰੇਲੀਆ ਨਾਲ ਭਿੜੇਗਾ। ਭਾਰਤ ਦੀ ਟੀਮ : ਗੋਲਕੀਪਰ : ਸ੍ਰੀਜੇਸ, ਡਿਫੈਂਡਰ : ਜਰਮਨਪ੍ਰੀਤ ਸਿੰਘ, ਅਮਿਤ ਰੋਹੀਦਾਸ, ਹਰਮਨਪ੍ਰੀਤ ਸਿੰਘ, ਸੁਮਿਤ, ਸੰਜੈ, ਮਿਡਫੀਲਡਰ : ਰਾਜਕੁਮਾਰ ਪਾਲ, ਸ਼ਮਸ਼ੇਰ ਸਿੰਘ, ਮਨਪ੍ਰੀਤ ਸਿੰਘ, ਹਾਰਦਿਕ ਸਿੰਘ, ਵਿਵੇਕ ਸਾਗਰ ਪ੍ਰਸਾਦ, ਫਾਰਵਰਡ : ਅਭਿਸ਼ੇਕ, ਲਵਜੀਤ ਕੁਮਾਰ, ਸੁਖਜੀਤ ਕੁਮਾਰ, ਮਨਦੀਪ ਸਿੰਘ ਤੇ ਗੁਰਜੰਟ ਸਿੰਘ , ਬਦਲਵੇਂ ਖਿਡਾਰੀ : ਨੀਲਕਾਂਤ ਸ਼ਰਮਾ, ਜੁਗਰਾਜ ਸਿੰਘ ਤੇ ਕ੍ਰਿਸ਼ਨ ਬਹਾਦਰ ਪਾਠਕ।

# ਅੰਤਰਰਾਸ਼ਟਰੀ ਨਸ਼ਾਖੋਰੀ ਤੇ ਗੈਰ-ਕਾਨੂੰਨੀ ਤਸਕਰੀ ਵਿਰੋਧੀ ਦਿਵਸ ਮੌਕੇ ਸੈਮੀਨਾਰ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ) -ਬੁੱਧਵਾਰ ਅੰਤਰਰਾਸ਼ਟਰੀ ਨਸ਼ਾਖੋਰੀ ਅਤੇ ਗੈਰ ਕਾਨੂੰਨੀ ਤਸਕਰੀ ਵਿਰੋਧੀ ਦਿਵਸ ਮੌਕੇ ਡੇਰਾ ਬਾਬਾ ਨਾਨਕ ਦੇ ਬਜ਼ਾਰ ਜੋੜੀਆਂ ਵਾਲਾ ਸਥਿਤ ਬਾਬਾ ਲਖਮੀ ਚੰਦ ਹਾਲ ਵਿਖੇ ਆਮ ਲੋਕਾਂ ਨੂੰ ਨਸ਼ਿਆਂ ਖਿਲਾਫ਼ ਜਾਗਰੂਕ ਕਰਨ ਲਈ ਪੁਲਸ ਸਾਂਝ ਕੇਂਦਰ ਡੇਰਾ ਬਾਬਾ ਨਾਨਕ ਅਤੇ ਸੀ ਐਚ ਸੀ ਡੇਰਾ ਬਾਬਾ ਨਾਨਕ ਵੱਲੋਂ ਸਾਂਝੇ ਤੌਰ 'ਤੇ ਸੈਮੀਨਾਰ ਕੀਤਾ ਗਿਆ।

ਇਸ ਸੈਮੀਨਾਰ ਮੌਕੇ ਸਿਹਤ ਮਹਿਕਮੇ ਵੱਲੋਂ ਐਸ ਐਮ ਓ ਡਾਕਟਰ ਪ੍ਰਗਤੀ ਸਿੰਘ, ਮੈਡੀਕਲ ਅਫਸਰ ਡਾ. ਜਤਿੰਦਰ ਸਿੰਘ, ਪੁਲਸ ਵਿਭਾਗ ਵੱਲੋਂ ਥਾਣਾ ਡੇਰਾ ਬਾਬਾ ਨਾਨਕ ਦੇ ਐਸ ਐਚ ਓ ਬਲਵਿੰਦਰ ਸਿੰਘ, ਸਬ ਇੰਸਪੈਕਟਰ ਬਲਰਾਜ ਸਿੰਘ ਬਾਠ, ਪੁਲਸ ਸਾਂਝ ਕੇਂਦਰ ਡੇਰਾ ਬਾਬਾ ਨਾਨਕ ਦੇ ਇੰਚਾਰਜ ਏ ਐਸ ਆਈ ਗੁਰਮੇਜ ਸਿੰਘ ਤੇ ਏ ਐਸ ਆਈ ਕੁਲਦੀਪ ਸਿੰਘ ਅਤੇ ਸਮਾਜ ਸੇਵਕ ਡਿੰਪਲ ਕੁਮਾਰ ਰਮਦਾਸ ਨੇ ਨਸ਼ਿਆਂ ਖਿਲਾਫ ਸੁਝਾਅ ਪੇਸ਼ ਕੀਤੇ।

ਸੈਮੀਨਾਰ ਨੂੰ ਸੰਬੋਧਨ ਕਰਦਿਆਂ ਮੈਡੀਕਲ ਅਫਸਰ ਡਾ. ਜਤਿੰਦਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਨਸ਼ਿਆਂ ਦੇ ਖ਼ਾਤਮੇ ਲਈ ਫ਼ੈਸਲਾਕੁਨ ਲੜਾਈ ਲੜੀ ਜਾ ਰਹੀ ਹੈ।

ਉਨ੍ਹਾਂ ਕਿਹਾ ਕਿ ਨਸ਼ਾ ਇੱਕ ਸਮਾਜਿਕ ਬੁਰਾਈ ਹੈ ਅਤੇ ਨਸ਼ੇ ਨੂੰ ਜੜ੍ਹ ਤੋਂ ਖ਼ਤਮ ਕਰਨ ਲਈ ਸਮਾਜ ਦੇ ਹਰ ਵਰਗ ਦਾ ਸਹਿਯੋਗ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਨਸ਼ੇ ਦੇ ਖ਼ਾਤਮੇ ਲਈ ਸਰਕਾਰ ਦਾ ਸਾਥ ਦੇਣਾ ਚਾਹੀਦਾ ਹੈ ਤਾਂ ਜੋ ਇਸ ਕੁਰੀਤੀ ਨੂੰ ਰੋਕਿਆ ਜਾ ਸਕੇ।ਉਨ੍ਹਾਂ ਕਿਹਾ ਕਿ ਅੱਜ ਅੰਤਰਰਾਸ਼ਟਰੀ ਨਸ਼ਾਖੋਰੀ ਅਤੇ ਗੈਰ ਕਾਨੂੰਨੀ ਤਸਕਰੀ ਵਿਰੋਧੀ ਦਿਵਸ ਮੌਕੇ ਸਾਨੂੰ ਸਾਰਿਆਂ ਨੂੰ ਪ੍ਰਣ ਕਰਨਾ ਚਾਹੀਦਾ ਹੈ ਕਿ ਅਸੀਂ ਵੀ ਇਸ ਮਹਾਨ ਕਾਰਜ ਵਿੱਚ ਵੱਧ ਤੋਂ ਵੱਧ ਹਿੱਸਾ ਪਾਈਏ ਤਾਂ ਜੋ ਸਾਡੇ ਨੌਜਵਾਨ ਜੋ ਨਸ਼ਿਆਂ ਦੀ ਭੈੜੀ ਦਲਦਲ ਵਿੱਚ ਫਸ ਚੁੱਕੇ ਹਨ, ਉਨ੍ਹਾਂ ਨੂੰ ਬਚਾਉਣ ਦਾ ਯਤਨ ਕਰੀਏ।

ਇਸ ਮੌਕੇ ਐਸ ਐਚ ਓ ਬਲਵਿੰਦਰ ਸਿੰਘ ਨੇ ਲੋਕਾ ਕੋਲ਼ੋਂ ਨਸ਼ਿਆਂ ਖਿਲਾਫ ਪੂਰਨ ਸਹਿਯੋਗ ਮੰਗਿਆਂ।

ਉਨ੍ਹਾਂ ਨਸ਼ਿਆਂ ਦੀ ਦਲ-ਦਲ ਵਿੱਚ ਫਸੇ ਨੌਜਵਾਨਾਂ ਨੂੰ ਅਪੀਲ ਕੀਤੀ ਹੈ ਕਿ ਉਹ ਨਸ਼ੇ ਛੱਡਣ ਲਈ ਅੱਗੇ ਆਉਣ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ੇ ਛੱਡਣ ਵਾਲੇ ਨੌਜਵਾਨਾਂ ਦੇ ਪੁਨਰਵਾਸ ਲਈ ਵੀ ਹਰ ਤਰ੍ਹਾਂ ਨਾਲ ਮਦਦ ਕੀਤੀ ਜਾਵੇਗੀ।

ਇਸ ਮੌਕੇ ਸਾਬਕਾ ਥਾਣੇਦਾਰ ਸੁਖਵੰਤ ਸਿੰਘ, ਗੁਰਚਰਨ ਸਿੰਘ ਰੰਧਾਵਾ, ਉਘੇ ਸਮਾਜ ਸੇਵਕ ਰਮੇਸ਼ ਬੱਬਰ, ਅਰਜਿੰਦਰ ਸਿੰਘ ਗੋਲਡੀ, ਬਿੱਟੂ ਪੂੰਨੀ, ਹੌਲਦਾਰ ਗੁਰਜੀਤ ਕੌਰ, ਕਾਂਸਟੇਬਲ ਪਰਮਜੀਤ ਕੌਰ ਅਤੇ ਰੋਸ਼ਨ ਲਾਲ ਤੋ ਇਲਾਵਾ ਵੱਡੀ ਗਿਣਤੀ ਵਿੱਚ ਇਲਾਕੇ ਦੇ ਲੋਕ ਹਾਜ਼ਰ ਸਨ।

# ਸੀਚੇਵਾਲ ਵੱਲੋਂ ਮਕੌੜਾ ਪੱਤਣ ਵਿਖੇ ਨਵੀਂ ਬੇੜੀ ਲੋਕਾਂ ਦੇ ਸਪੁਰਦ



ਮਕੌੜਾ ਪੱਤਣ/ਗੁਰਦਾਸਪੁਰ (ਬਲਵਿੰਦਰ ਸਿੰਘ ਬਿੱਲਾ) - ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਵੱਲੋਂ ਰਾਵੀ ਦਰਿਆ 'ਤੇ ਮਕੌੜਾ ਪੱਤਣ ਤੋਂ ਪਾਰ ਦੇ ਪਿੰਡਾਂ ਦੇ ਵਸਨੀਕਾਂ ਦੀ ਸਹੂਲਤ ਲਈ ਆਪਣੇ ਅਖ਼ਤਿਆਰੀ ਫ਼ੰਡ ਵਿੱਚੋਂ ਲੈ ਕੇ ਦਿੱਤੀ ਇੱਕ ਵੱਡੀ ਬੇੜੀ ਨੂੰ ਬੁੱਧਵਾਰ ਲੋਕਾਂ ਦੇ ਸਪੁਰਦ ਕੀਤਾ ਗਿਆ। ਇਸ ਬੇੜੀ ਨਾਲ ਹੁਣ ਮਕੌੜਾ ਪੱਤਣ ਤੋਂ ਪਾਰ ਦੇ ਪਿੰਡ ਤੂਰ, ਭਰਿਆਲ, ਰਾਜਪੁਰ ਚਿੱਬ, ਮੰਮੀ ਚੱਕ ਰੰਗਾ, ਕੂਕਰ, ਝੂੰਬਰ, ਕਜਲੇ ਦੇ ਵਸਨੀਕਾਂ ਨੂੰ ਰਾਵੀ ਦਰਿਆ ਪਾਰ ਕਰਨ ਵਿੱਚ ਸਹੂਲਤ ਮਿਲੇਗੀ। ਇਸ ਮੌਕੇ ਐੱਸ.ਡੀ.ਐੱਮ. ਦੀਨਾਨਗਰ ਗੁਰਦੇਵ ਸਿੰਘ ਧਾਮ, ਐਕਸੀਅਨ ਡਰੇਨੇਜ ਦਿਲਪ੍ਰੀਤ ਸਿੰਘ ਤੋਂ ਇਲਾਵਾ ਹੋਰ ਅਧਿਕਾਰੀ ਵੀ ਹਾਜ਼ਰ ਸਨ। ਬੇੜੀ ਨੂੰ ਇਲਾਕਾ ਨਿਵਾਸੀਆਂ ਦੇ ਸਪੁਰਦ ਕਰਦਿਆਂ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਕਿਹਾ ਕਿ ਪਿਛਲੇ ਸਾਲ ਬਰਸਾਤਾਂ ਦੇ ਸੀਜ਼ਨ ਦੌਰਾਨ ਇੱਕ ਮੀਡੀਆ ਰਿਪੋਰਟ ਰਾਹੀਂ ਉਨ੍ਹਾਂ ਦੇ ਧਿਆਨ ਵਿੱਚ ਆਇਆ ਸੀ ਕਿ ਮਕੌੜਾ ਪੱਤਣ ਵਿਖੇ ਰਾਵੀ ਦਰਿਆ ਵਿੱਚ ਚੱਲ ਰਹੀ ਕਿਸ਼ਤੀ ਦੀ ਹਾਲਤ ਠੀਕ ਨਾ ਹੋਣ ਕਾਰਨ ਲੋਕਾਂ ਨੂੰ ਮੁਸ਼ਕਲ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਜਦੋਂ ਇਸ ਸਬੰਧੀ ਉਨ੍ਹਾਂ ਨੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਨਾਲ ਗੱਲ ਕੀਤੀ ਤਾਂ ਪ੍ਰਸ਼ਾਸਨ ਨੇ ਨਵੀਂ ਬੇੜੀ ਦੀ ਮੰਗ ਰੱਖੀ ਸੀ। ਜਿਸ ਤੋਂ ਬਾਅਦ ਉਨ੍ਹਾਂ ਨੇ ਜ਼ਿਲ੍ਹਾ ਪ੍ਰਸ਼ਾਸਨ ਦੀ ਮੰਗ ਅਨੁਸਾਰ ਆਪਣੇ ਅਖ਼ਤਿਆਰੀ ਕੋਟੇ ਵਿੱਚ ਅੱਠ ਲੱਖ ਰੁਪਏ ਨਵੀਂ ਬੇੜੀ ਬਣਾਉਣ ਲਈ ਦਿੱਤੇ ਸਨ। ਉਨ੍ਹਾਂ ਕਿਹਾ ਕਿ ਇਹ ਬੇੜੀ ਬਣ ਕੇ ਤਿਆਰ ਹੋ ਗਈ ਹੈ ਅਤੇ ਮਕੌੜਾ ਪੱਤਣ ਵਿਖੇ ਪਹੁੰਚ ਗਈ ਹੈ, ਜਿਸ ਨੂੰ ਅੱਜ ਲੋਕਾਂ ਦੇ ਸਪੁਰਦ ਕਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਪਲਟੂਨ ਦਾ ਪੁਲ ਹਟਣ ਤੋਂ ਬਾਅਦ ਇਹ ਬੇੜੀ ਲੋਕਾਂ ਨੂੰ ਦਰਿਆ ਪਾਰ ਕਰਾਉਣ ਦਾ ਸਾਧਨ ਬਣੇਗੀ। ਸੰਤ ਸੀਚੇਵਾਲ ਨੇ ਕਿਹਾ ਕਿ ਇੱਕ ਪਾਸੇ ਰਾਵੀ ਦਰਿਆ ਅਤੇ ਦੂਸਰੇ ਪਾਸੇ ਪਾਕਿਸਤਾਨ ਦੀ ਸਰਹੱਦ ਹੋਣ ਕਰਕੇ ਏਥੇ ਦੇ ਵਸਨੀਕਾਂ ਨੂੰ ਕਈ ਤਰ੍ਹਾਂ ਦੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਮਕੌੜਾ ਪੱਤਣ ਵਿਖੇ ਪੱਕਾ ਹਾਈ ਲੈਵਲ ਪੁਲ ਬਣਾਉਣ ਦਾ ਪ੍ਰੋਜੈਕਟ ਪਾਸ ਹੋ ਗਿਆ ਹੈ ਅਤੇ ਜਿਸ ਦੀ ਜ਼ਮੀਨ ਐਕਵਾਇਰ ਕਰਨ ਦੇ ਨੋਟੀਫ਼ਿਕੇਸ਼ਨ ਵੀ ਜਾਰੀ ਕਰ ਦਿੱਤੇ ਗਏ ਹਨ।

ਉਨ੍ਹਾਂ ਕਿਹਾ ਕਿ ਜਲਦੀ ਹੀ ਇਸ ਪੁਲ ਦੀ ਉਸਾਰੀ ਸ਼ੁਰੂ ਕਰ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਉਹ ਇਸ ਸਰਹੱਦੀ ਇਲਾਕੇ ਦੇ ਲੋਕਾਂ ਦੀਆਂ ਮੁਸ਼ਕਲਾਂ ਸਰਕਾਰ ਤੱਕ ਉਠਾਉਣਗੇ ਅਤੇ ਭਵਿੱਖ ਵਿੱਚ ਵੀ ਉਹ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਹਨ। ਇਸ ਮੌਕੇ ਮਕੌੜਾ ਪੱਤਣ ਤੋਂ ਪਾਰ ਪਿੰਡ ਤੂਰ ਦੇ ਸਰਪੰਚ ਗੁਰਨਾਮ ਸਿੰਘ, ਸਰਪੰਚ ਭਰਿਆਲ ਰੂਪ ਸਿੰਘ, ਹਰਮੇਸ਼ ਸਿੰਘ ਰਾਜਪੁਰ ਚੇਬੇ ਸਮੇਤ ਇਲਾਕੇ ਦੇ ਲੋਕਾਂ ਨੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਦਾ ਬੇੜੀ ਦੇਣ ਲਈ ਧੰਨਵਾਦ ਕੀਤਾ।

# ਨਸ਼ਿਆਂ ਦੇ ਖ਼ਾਤਮੇ ਲਈ ਵਧੀਕ ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਵਾਸੀਆਂ ਦਾ ਸਹਿਯੋਗ ਮੰਗਿਆ

ਗੁਰਦਾਸਪੁਰ (ਜਨਕ ਮਹਾਜਨ)- ਵਧੀਕ ਡਿਪਟੀ ਕਮਿਸ਼ਨਰ (ਜ) ਸੁਭਾਸ਼ ਚੰਦਰ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਕਾਨਫ਼ਰੰਸ ਹਾਲ ਵਿਖੇ ਜ਼ਿਲ੍ਹਾ ਪੱਧਰੀ ਨਾਰਕੋ ਕੋਆਰਡੀਨੇਸ਼ਨ ਕਮੇਟੀ ਦੀ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਐੱਸ.ਡੀ.ਐੱਮ. ਗੁਰਦਾਸਪੁਰ ਡਾ. ਕਰਮਜੀਤ ਸਿੰਘ, ਐੱਸ.ਡੀ.ਐੱਮ. ਕਲਾਨੌਰ ਸ੍ਰੀਮਤੀ ਜਯੋਤਸਨਾ ਸਿੰਘ, ਐੱਸ.ਡੀ.ਐੱਮ. ਦੀਨਾਨਗਰ ਗੁਰਦੇਵ ਸਿੰਘ ਧਾਮ, ਡੀ.ਡੀ.ਪੀ.ਓ. ਸਤੀਸ਼ ਕੁਮਾਰ, ਡਿਪਟੀ ਮੈਡੀਕਲ ਕਮਿਸ਼ਨਰ ਡਾ. ਰੋਮੀ ਰਾਜਾ, ਸਕੱਤਰ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਰਾਜੀਵ ਸਿੰਘ, ਤਹਿਸੀਲਦਾਰ ਜਗਤਾਰ ਸਿੰਘ, ਲਖਵਿੰਦਰ ਸਿੰਘ, ਡਿਪਟੀ ਡੀ ਈ ਓ ਲਖਵਿੰਦਰ ਸਿੰਘ ਤੋਂ ਇਲਾਵਾ ਹੋਰ ਅਧਿਕਾਰੀ ਵੀ ਹਾਜ਼ਰ ਸਨ। ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਵਧੀਕ ਡਿਪਟੀ ਕਮਿਸ਼ਨਰ ਸੁਭਾਸ਼ ਚੰਦਰ ਨੇ ਸਿਵਲ ਤੇ ਪੁਲਿਸ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਜ਼ਿਲ੍ਹੇ ਵਿੱਚੋਂ ਨਸ਼ੇ ਦੇ ਖ਼ਾਤਮੇ ਲਈ ਚਲਾਏ ਜਾ ਰਹੇ ਵਿਸ਼ੇਸ਼ ਅਭਿਆਨ ਵਿੱਚ ਸਮਾਜ ਦੇ ਹਰ ਵਰਗ ਦਾ ਸਹਿਯੋਗ ਲਿਆ ਜਾਵੇ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਰਹੱਦੀ ਪਿੰਡਾਂ ਵਿੱਚ ਬਣਾਈਆਂ ਵਿਲੇਜ ਡਿਫੈਂਸ ਕਮੇਟੀਆਂ ਨੂੰ ਹੋਰ ਸਰਗਰਮ ਕੀਤਾ ਜਾਵੇ ਤਾਂ ਜੋ ਉਹ ਸਰਹੱਦ ਪਾਰੋਂ ਡਰੋਨ ਰਾਹੀਂ ਹੁੰਦੀ ਤਸਕਰੀ ਨੂੰ ਰੋਕਣ ਲਈ ਆਪਣਾ ਸਹਿਯੋਗ ਦੇ ਸਕਣ। ਉਨ੍ਹਾਂ ਵਿਲੇਜ ਡਿਫੈਂਸ ਕਮੇਟੀਆਂ ਦੇ ਨੁਮਾਇੰਦਿਆਂ ਅਤੇ ਸਰਹੱਦੀ ਪਿੰਡਾਂ ਦੇ ਵਸਨੀਕਾਂ ਨੂੰ ਅਪੀਲ ਕੀਤੀ ਹੈ ਕਿ ਕਿਸੇ ਵੀ ਤਰ੍ਹਾਂ ਦੀ ਸ਼ੱਕੀ ਗਤੀਵਿਧੀ ਦਾ ਪਤਾ ਲੱਗਣ 'ਤੇ ਤੁਰੰਤ ਜ਼ਿਲ੍ਹਾ ਪੱਧਰ 'ਤੇ ਬਣੇ ਕੰਟਰੋਲ ਰੂਮ ਦੇ ਨੰਬਰ 1800-180-1852 'ਤੇ ਜਾਂ ਬੀ.ਐੱਸ.ਐੱਫ., ਜਾਂ ਨੇੜੇ ਦੇ ਥਾਣੇ ਦੀ ਪੁਲਸ ਨੂੰ ਸੂਚਨਾ ਦੇਣ। ਉਨ੍ਹਾਂ ਕਿਹਾ ਕਿ ਸੂਚਨਾ ਦੇਣ ਵਾਲੇ ਦੀ ਜਾਣਕਾਰੀ ਬਿਲਕੁਲ ਗੁਪਤ ਰੱਖੀ ਜਾਵੇਗੀ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਨਸ਼ਾ ਵਿਰੋਧੀ ਮੁਹਿੰਮ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਅਤੇ ਸਰਕਾਰ ਦਾ ਪੂਰਾ ਸਾਥ ਦੇਣ।

# ਲੜਕੀ ਨੂੰ ਵਰਗਲਾ ਕੇ ਲਿਜਾਣ 'ਤੇ ਨੌਜਵਾਨ ਖਿਲਾਫ ਮਾਮਲਾ ਦਰਜ

ਗੁਰਦਾਸਪੁਰ, (ਜਨਕ ਮਹਾਜਨ)- ਪੁਲਸ ਸਟੇਸ਼ਨ ਸਦਰ ਗੁਰਦਾਸਪੁਰ ਅੰਦਰ ਪੈਂਦੇ ਪਿੰਡ ਹੱਲਾ ਦੀ ਲੜਕੀ ਨੂੰ ਵਰਗਲਾ ਕੇ ਲਿਜਾਣ ਦੇ ਦੋਸ਼ਾਂ ਹੇਠ ਨੌਜਵਾਨ ਖਿਲਾਫ ਮਾਮਲਾ ਦਰਜ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਇਹ ਐਸ ਆਈ ਤਿਲਕ ਰਾਏ ਨੇ ਦੱਸਿਆ ਕਿ ਪੀੜਤ ਦੀ ਮਾਤਾ ਵਾਸੀ ਹੱਲਾ ਨੇ ਪੁਲਸ ਨੂੰ ਬਿਆਨ ਦਿੱਤੇ ਹਨ ਕਿ ਉਹ ਭੱਠਾ ਕਲੋਨੀ ਹਰਦੋ ਬਥਵਾਲਾ ਵਿਖੇ ਬੂਟੀਕ ਦੀ ਦੁਕਾਨ ਕਰਦੀ ਹੈ ਅਤੇ ਉਸ ਨਾਲ ਉਸ ਦੀ ਲੜਕੀ ਦੀ ਸਾਥ ਦਿੰਦੀ ਸੀ। ਬੀਤੀ 23 ਜੂਨ ਨੂੰ ਮੇਰੀ ਲੜਕੀ ਦੁਕਾਨ 'ਤੇ ਨਾ ਆਈ ਜਿਸ ਦੀ ਕਾਫ਼ੀ ਭਾਲ ਕੀਤੀ ਪਰ ਉਹ ਕਿਤੇ ਵੀ ਨਹੀਂ ਮਿਲੀ। ਉਨ੍ਹਾਂ ਕਿਹਾ ਸਾਨੂੰ ਸ਼ੱਕ ਹੈ ਕਿ ਮੇਰੀ ਲੜਕੀ ਨੂੰ ਕਥਿਤ ਦੋਸ਼ੀ ਆਸੂ ਪੁੱਤਰ ਕਾਲੀ ਮਸੀਹ ਵਾਸੀ ਭੁਕਰਾ ਥਾਣਾ ਸਦਰ ਗੁਰਦਾਸਪੁਰ ਕਿਧਰੇ ਵਰਗਲਾ ਫੁਸਲਾ ਕੇ ਲੈ ਗਿਆ ਹੈ। ਥਾਣਾ ਸਦਰ ਗੁਰਦਾਸਪੁਰ ਪੁਲਸ ਨੇ ਪੀੜਤ ਦੀ ਮਾਤਾ ਦੇ ਬਿਆਨਾਂ 'ਤੇ ਕਥਿਤ ਦੋਸ਼ੀ ਖ਼ਿਲਾਫ਼ ਜ਼ੇਰੇ ਧਾਰਾ 363, 366 ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ ਜਦੋਂਕਿ ਕਥਿਤ ਦੋਸ਼ੀ ਅਜੇ ਤੀਕ ਪੁਲਸ ਦੀ ਗ੍ਰਿਫਤ ਵਿਚੋਂ ਬਾਹਰ ਹੈ।

# ਪੁਲਸ ਵੱਲੋਂ ਨਸ਼ਾ ਤਸਕਰਾਂ ਖ਼ਿਲਾਫ਼ ਮਾਮਲੇ ਦਰਜ

ਗੁਰਦਾਸਪੁਰ (ਜਨਕ ਮਹਾਜਨ)- ਥਾਣਾ ਧਾਰੀਵਾਲ ਪੁਲਸ ਨੇ ਨਜਾਇਜ਼ ਸ਼ਰਾਬ ਬਰਾਮਦ ਕੀਤੀ ਹੈ। ਜਾਣਕਾਰੀ ਦਿੰਦੇ ਹੋਏ ਏ.ਐਸ.ਆਈ. ਹਰਭਜਨ ਚੰਦ ਨੇ ਦੱਸਿਆ ਕਿ ਉਨ੍ਹਾਂ ਪੁਲਸ ਪਾਰਟੀ ਸਮੇਤ ਪੁਰਸ਼ਾਂ ਦੇ ਸਬੰਧ ਵਿੱਚ ਇਕ ਇਤਲਾਹ 'ਤੇ ਮੋੜ ਪਿੰਡ ਲੇਹਲ ਨਾਕਾਬੰਦੀ ਕਰਕੇ ਸੰਦੀਪ ਮਸੀਹ ਪੁੱਤਰ ਜਰਨੈਲ ਮਸੀਹ ਵਾਸੀ ਰਾਜੂ ਬੇਲਾ ਥਾਣਾ ਭੈਣੀ ਮੀਆ ਖਾਂ ਨੂੰ ਮੋਪਡ ਨੰਬਰੀ ਪੀ.ਬੀ..07.ਏ.ਟੀ.8730 ਸਮੇਤ ਕਾਬੂ ਕਰਕੇ ਮੋਪਡ ਦੇ ਪਿੱਛੇ ਬੰਨ੍ਹੇ ਕੈਨ ਪਲਾਸਟਿਕ ਨੂੰ ਚੈਕ ਕੀਤਾ ਜਿਸ ਵਿਚੋਂ 30,000 ਐਮ.ਐਲ ਨਜਾਇਜ਼ ਸ਼ਰਾਬ ਬਰਾਮਦ ਹੋਈ। ਜਿਸ ਖ਼ਿਲਾਫ਼ ਪੁਲਸ ਨੇ ਆਬਕਾਰੀ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ। ਇਸੇ ਤਰ੍ਹਾਂ ਥਾਣਾ ਦੀਨਾਨਗਰ ਦੇ ਏ.ਐਸ.ਆਈ. ਬਲਕਾਰ ਸਿੰਘ ਨੇ ਪੁਲਸ ਪਾਰਟੀ ਸਮੇਤ ਝੰਗੀ ਸੂਰਪ ਦਾਸ ਢਾਬੇ ਦੇ ਨੇੜੇ ਤੋਂ ਨਾਨਕ ਚੰਦ ਉਰਫ ਨਿੱਕਾ ਪੁੱਤਰ ਜੀਤ ਰਾਮ ਵਾਸੀ ਮਗਰਾਲਾ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਦੋਸ਼ੀ ਪਾਸੋਂ ਬਰਾਮਦ ਮੋਮੀ ਲਿਫਾਫੇ ਨੂੰ ਚੈਕ ਕੀਤਾ ਜਿਸ ਵਿਚੋਂ 3 ਗ੍ਰਾਮ ਹੈਰੋਇਨ ਬਰਾਮਦ ਹੋਈ ਹੈ। ਪੁਲਸ ਨੇ ਉਕਤ ਦੋਸ਼ੀ ਖ਼ਿਲਾਫ਼ ਐਨ.ਡੀ.ਪੀ.ਐਸ. ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

# ਪਲੇਸਮੈਂਟ ਕੈਂਪ ਬੇਰੁਜ਼ਗਾਰ ਨੌਜਵਾਨਾਂ ਲਈ ਲਾਹੇਵੰਦ



ਫਤਿਹਗੜ੍ਹ ਚੂੜੀਆਂ (ਪ੍ਰੀਤਮ ਸਿੰਘ)- ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਗੁਰਦਾਸਪੁਰ ਵਲੋਂ ਨੌਜਵਾਨਾਂ ਨੂੰ ਵੱਖ-ਵੱਖ ਸੈਕਟਰਾਂ ਵਿੱਚ ਰੋਜ਼ਗਾਰ ਮੁਹੱਈਆ ਕਰਵਾਉਣ ਹਿੱਤ ਲਗਾਏ ਜਾ ਰਹੇ ਪਲੇਸਮੈਂਟ ਕੈਂਪ ਬੇਰੁਜ਼ਗਾਰ ਨੌਜਵਾਨਾਂ ਲਈ ਲਾਹੇਵੰਦ ਸਾਬਤ ਹੋ ਰਹੇ ਹਨ। ਬੁੱਧਵਾਰ ਬੀ.ਡੀ.ਪੀ.ਓ ਦਫ਼ਤਰ ਫਤਿਹਗੜ੍ਹ ਚੂੜੀਆਂ ਵਿਖੇ ਪਲੇਸਮੈਂਟ ਕੈਂਪ ਲਗਾਇਆ ਗਿਆ। ਕੈਂਪ ਵਿੱਚ ਐੱਸ.ਆਈ.ਐੱਸ ਸਕਿਓਰਿਟੀ ਕੰਪਨੀ ਵੱਲੋਂ ਸਕਿਓਰਿਟੀ ਗਾਰਡ (ਕੇਵਲ ਲੜਕੇ) ਦੀ ਭਰਤੀ ਕੀਤੀ ਗਈ। ਐੱਸ.ਆਈ.ਐੱਸ ਸਕਿਓਰਿਟੀ ਕੰਪਨੀ ਦੇ ਨੁਮਾਇੰਦੇ ਅਮਰਜੋਤ ਨੇ ਦੱਸਿਆ ਚੁਣੇ ਗਏ ਪ੍ਰਾਰਥੀਆਂ ਨੂੰ 1 ਮਹੀਨੇ ਦੀ ਸਰਹੰਦ ਵਿਖੇ ਸਿਖਲਾਈ ਦਿੱਤੀ ਜਾਵੇਗੀ ਅਤੇ ਸਿਖਲਾਈ ਮੁਕੰਮਲ ਕਰਨ ਉਪੰਰਤ ਕਰੀਬ 15000 ਤੋਂ 17000 ਰੁਪਏ ਤਨਖਾਹ ਮਿਲਣਯੋਗ ਹੋਵੇਗੀ। ਇਸ ਤੋਂ ਇਲਾਵਾ ਕੰਪਨੀ ਵਲੋਂ ਫੰਡ ਤੇ ਬੋਨਸ ਆਦਿ ਵੀ ਦਿੱਤੇ ਜਾਂਦੇ ਹਨ। ਉਨਾਂ ਦੱਸਿਆ ਕਿ ਜਿਹੜੇ ਉਮੀਦਵਾਰ ਅੱਜ ਫਤਿਹੜ੍ਹ ਚੂੜੀਆਂ ਨਹੀਂ ਪਹੁੰਚ ਸਕੇ, ਉਹ ਕੱਲ੍ਹ 27 ਜੂਨ ਨੂੰ ਬੀ.ਡੀ.ਪੀ.ਓ ਦਫ਼ਤਰ ਬਟਾਲਾ ਵਿਖੇ ਲੱਗਣ ਵਾਲੇ ਪਲੇਸਮੈਂਟ ਕੈਂਪ ਵਿੱਚ ਪਹੁੰਚ ਸਕਦੇ ਹਨ। ਸਕਿਊਰਿਟੀ ਗਾਰਡ (ਕੇਵਲ ਲੜਕੇ) ਦੀ ਭਰਤੀ ਲਈ ਘੱਟ ਤੋਂ ਘੱਟ ਯੋਗਤਾ 10ਵੀ ਪਾਸ, ਉਮਰ 19 ਤੋਂ 40 ਸਾਲ ਅਤੇ ਕੱਦ 5 ਫੁੱਟ 7 ਇੰਚ ਹੋਣਾ ਚਾਹੀਦਾ ਹੈ।

# ਵਪਾਰੀ ਦੇ ਘਰੋਂ ਕਰੋੜਾਂ ਰੁਪਏ ਦੀ ਲੁੱਟ

**ਅੰਮ੍ਰਿਤਸਰ (ਵਿਜੇ ਸ਼ਰਮਾ)**-ਲੁੱਟਾਂ ਖੋਹਾਂ ਦੀਆਂ ਵਾਰਦਾਤਾਂ ਰੁਕਣ ਦਾ ਨਾਂ ਨਹੀਂ ਲੈ ਰਹੀਆਂ। ਆਏ ਦਿਨ ਲੁੱਟ ਖੋਹ ਦੀ ਘਟਨਾ ਸਾਹਮਣੇ ਆ ਰਹੀ ਹੈ। ਅੰਮ੍ਰਿਤਸਰ 'ਚ ਲਾ ਐਂਡ ਆਰਡਰ ਦੀ ਸਥਿਤੀ ਬਦ ਤੋਂ ਬਦਤਰ ਬਣੀ ਹੋਈ ਹੈ। ਲਗਾਤਾਰ ਕਤਲੋ ਗਾਰਤ ਤੇ ਲੁੱਟਾਂ ਖੋਹਾਂ ਦੀਆਂ ਵਾਰਦਾਤਾਂ ਹੋ ਰਹੀਆਂ ਹਨ। ਜਿਸ ਦੇ ਚਲਦੇ ਅੱਜ ਸਵੇਰੇ ਤੜਕਸਾਰ ਕੋਰਟ ਰੋਡ 'ਤੇ ਇੱਕ ਵਪਾਰੀ ਦੇ ਘਰ ਚਾਰ ਨਕਾਬਪੋਸ਼ ਲੁਟੇਰਿਆਂ ਵੱਲੋਂ ਲੁੱਟ ਦੀ ਵਾਰਦਾਤ ਨੂੰ ਅੰਜਾਮ ਦਿੱਤਾ ਗਿਆ। ਪੀੜਿਤ ਪਰਵਾਰ ਨੇ ਮੀਡੀਆ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਵੇਰੇ ਕਰੀਬ ਚਾਰ ਨਕਾਬਪੋਸ਼ ਲੁਟੇਰੇ ਉਨ੍ਹਾਂ ਦੇ ਘਰ ਦੀ ਦੀਵਾਰ ਟੱਪ ਕੇ ਉਨ੍ਹਾਂ ਦੇ ਘਰ ਵਿੱਚ ਦਾਖਲ ਹੋਏ ਤੇ ਉਨ੍ਹਾਂ ਨੇ ਪਿਸਤੋਲ ਦੀ ਨੋਕ 'ਤੇ ਸਾਰੇ ਪਰਵਾਰ ਨੂੰ ਬੰਧਕ ਬਣਾ ਲਿਆ। ਬੰਧਕ ਬਣਾਉਣ ਤੋਂ ਬਾਅਦ ਉਨ੍ਹਾਂ ਪੂਰਾ ਇੱਕ ਘੰਟਾ ਘਰ 'ਚ ਰਹਿ ਕੇ ਲੁੱਟ ਦੀ ਵਾਰਦਾਤ ਨੂੰ ਅੰਜਾਮ ਦਿੱਤਾ।

ਉਨ੍ਹਾਂ ਦੱਸਿਆ ਕਿ ਇਕ ਕਰੋੜ ਰੁਪਏ ਨਗਦ ਤੇ ਤਿਨ ਕਿਲੋ ਦੇ ਕਰੀਬ ਸੋਨਾ ਲੁੱਟ ਕੇ ਫਰਾਰ ਹੋ ਗਏ ਤੇ ਜਾਂਦੇ ਜਾਂਦੇ ਸਾਡਾ ਲਾਇਸੰਸੀ ਰਿਵਾਲਵਰ ਵੀ ਆਪਣੇ ਨਾਲ ਲੈ ਗਏ। ਪੋਸਟ ਏਰੀਆ ਹੋਣ ਦੇ ਬਾਵਜੂਦ ਇਸ ਇਲਾਕੇ ਦੇ ਵਿੱਚ ਲੁੱਟ ਦੀ ਵਾਰਦਾਤ ਨੂੰ ਅੰਜਾਮ ਦਿੱਤਾ ਗਿਆ ਹੈ। ਪਰਵਾਰ ਨਾਲ ਲੁਟੇਰਿਆਂ ਵੱਲੋਂ ਹੱਥਾਪਾਈ ਵੀ ਕੀਤੀ ਗਈ।ਪਰਵਾਰ 'ਚ ਸਹਿਮ ਦਾ ਮਾਹੌਲ ਬਣਿਆ ਹੋਇਆ ਹੈ, ਉਥੇ ਹੀ ਪੁਲਸ ਅਧਿਕਾਰੀ ਮੌਕੇ 'ਤੇ ਪੁੱਜੇ ਤੇ ਜਾਂਚ ਸ਼ੁਰੂ ਕਰ ਦਿੱਤੀ ਗਈ।

ਉਨ੍ਹਾਂ ਕਿਹਾ ਕਿ ਆਲੇ ਦੁਆਲੇ ਦੇ ਸੀ ਸੀ ਟੀ ਵੀ ਕੈਮਰੇ ਖੰਗਾਲੇ ਜਾ ਰਹੇ ਹਨ, ਜਲਦੀ ਹੀ ਚੋਰਾਂ ਨੂੰ ਕਾਬੂ ਕਰ ਲਿਆ ਜਾਵੇਗਾ।

# ਲੋਕ ਅਦਾਲਤ ਸਬੰਧੀ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੇ ਲੋਕਾਂ ਨੂੰ ਕੀਤਾ ਜਾਗਰੂਕ



ਚੋਹਲਾ ਸਾਹਿਬ (ਰਮਨ ਚੱਡਾ)-ਮੈਂਬਰ ਸਕੱਤਰ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐਸ ਏ ਐਸ ਨਗਰ ਅਤੇ ਜ਼ਿਲ੍ਹਾ ਅਤੇ ਸੈਸ਼ਨ ਜੱਜ ਕਮ ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਤਰਨ ਤਾਰਨ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ 29 ਜੁਲਾਈ ਤੋਂ 3 ਅਗਸਤ ਤੱਕ ਸੁਪਰੀਮ ਕੋਰਟ ਵਿੱਚ ਲੱਗ ਰਹੀ ਸਪੈਸ਼ਲ ਲੋਕ ਅਦਾਲਤ ਸਬੰਧੀ ਸਕੱਤਰ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਤਰਨ ਤਾਰਨ ਵੱਲੋਂ ਸੈਮੀਨਾਰ ਕਰਵਾਇਆ ਗਿਆ।

ਇਸ ਸੈਮੀਨਾਰ ਵਿੱਚ ਵਕੀਲ ਸ਼ਰਨਪਾਲ ਸਿੰਘ ਚੌਹਾਨ ਨੇ ਦੱਸਿਆ ਕਿ ਜੇਕਰ ਤੁਹਾਡਾ ਕੇਸ ਸੁਪਰੀਮ ਕੋਰਟ ਵਿੱਚ ਲੰਬਿਤ ਹੈ ਅਤੇ ਤੁਸੀਂ ਦੂਜੀ ਧਿਰ ਨਾਲ ਸਮਝੌਤਾ ਕਰਕ ਸੁਪਰੀਮ ਕੋਰਟ ਵਿੱਚ ਲੱਗਣ ਵਾਲੀ ਸਪੈਸ਼ਲ ਲੋਕ ਅਦਾਲਤ ਰਾਹੀਂ ਆਪਣੇ ਕੇਸਾਂ ਦਾ ਨਿਪਟਰਾ ਕਰਵਾ ਸਕਦੇ ਹੋ। ਸੁਪਰੀਮ ਕੋਰਟ ਵੱਲੋਂ 29 ਜੁਲਾਈ ਤੋਂ 3 ਅਗਸਤ ਤੱਕ ਸਪੈਸ਼ਲ ਲੋਕ ਅਦਾਲਤ ਦਾ ਆਯੋਜਨ ਕੀਤਾ ਜਾ ਰਿਹਾ ਹੈ।

ਐਡਵੋਕੇਟ ਸ਼ਰਨਪਾਲ ਸਿੰਘ ਚੌਹਾਨ ਨੇ ਦੱਸਿਆ ਕਿ ਸੁਪਰੀਮ ਕੋਰਟ ਵਿੱਚ ਲੇਬਰ ਨਾਲ ਸਬੰਧਤ ਮਾਮਲੇ, ਮੋਰਟਗੇਜ ਨਾਲ ਸਬੰਧਤ ਮਾਮਲੇ, ਚੈਕ ਨਾਲ ਸਬੰਧਤ ਮਾਮਲੇ, ਖਪਤਕਾਰ ਸੁਰੱਖਿਆ ਮਾਮਲੇ, ਐਕਸੀਡੈਂਟ ਕਲੇਮ ਕੇਸ, ਕਰਿਮਨਲ ਕੰਪਾਊਂਡੇਬਲ ਮਾਮਲੇ ਆਦਿ ਕੇਸਾਂ ਦਾ ਨਿਪਟਾਰਾ ਕੀਤਾ ਜਾਵੇਗਾ।

# ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਥਾਪਨਾ ਦਿਵਸ ਮੌਕੇ ਸ਼੍ਰੋਮਣੀ ਕਮੇਟੀ ਵੱਲੋਂ ਸਮਾਗਮ



ਅੰਮ੍ਰਿਤਸਰ (ਜਸਬੀਰ ਸਿੰਘ, ਕੰਵਲਜੀਤ ਸਿੰਘ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਸਥਾਪਨਾ ਦਿਵਸ ਬੁੱਧਵਾਰ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ। ਇਸ ਸਬੰਧ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸਮਾਗਮ ਹੋਇਆ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਮਗਰੋਂ ਪੰਥ ਪ੍ਰਸਿੱਧ ਰਾਗੀ ਭਾਈ ਗੁਰਮੀਤ ਸਿੰਘ ਸ਼ਾਂਤ ਦੇ ਜਥੇ ਨੇ ਪੁਰਾਤਨ ਤੰਤੀ ਸਾਜ਼ਾਂ ਨਾਲ ਗੁਰਬਾਣੀ ਕੀਰਤਨ ਨਾਲ ਸੰਗਤ ਨੂੰ ਜੋੜਿਆ। ਸਥਾਪਨਾ ਦਿਵਸ ਦੇ ਸਬੰਧ ਵਿੱਚ ਕਰਵਾਏ ਸਮਾਗਮ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਥਾਪਨਾ ਦਿਵਸ ਦੀ ਕੌਮ ਨੂੰ ਵਧਾਈ ਦਿੰਦਿਆਂ ਆਖਿਆ ਕਿ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਨੇ ਰੂਹਾਨੀਅਤ ਦੇ ਕੇਂਦਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਸਾਹਮਣੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਥਾਪਨਾ ਇਸ ਕਰਕੇ ਕੀਤੀ ਸੀ ਕਿ ਰੂਹਾਨੀਅਤ ਦੇ ਰਾਹ ਤੁਰਨ ਵਾਲਾ ਸਿੱਖ ਰਾਜਨੀਤਕ ਪੱਖੋਂ ਕਿਸੇ ਦੂਜੇ ਦਾ ਮੁਥਾਜ ਨਾ ਹੋਵੇ। ਸਿੱਖ ਨੇ ਆਪਣੇ ਧਰਮ ਅਤੇ ਰਾਜਨੀਤੀ ਨੂੰ ਇਕ ਅਕਾਲ ਪੁਰਖ ਦੇ ਓਟ-ਆਸਰੇ ਅਤੇ ਆਸਥਾ ਵਿਚ ਹੀ ਨਿਭਾਉਣਾ ਹੈ। ਇਸੇ ਕਾਰਨ ਸ੍ਰੀ ਅਕਾਲ ਤਖ਼ਤ ਸਾਹਿਬ ਹਮੇਸ਼ਾ ਹੀ ਦੁਨਿਆਵੀ ਤਖ਼ਤਾਂ ਦੀਆਂ ਅੱਖਾਂ ਵਿਚ ਰੜਕਦਾ ਰਿਹਾ ਹੈ। ਅਬਦਾਲੀ ਤੋਂ ਲੈ ਕੇ ਇੰਦਰਾ ਗਾਂਧੀ ਤੱਕ ਸਮੇਂ ਦੇ ਹੁਕਮਰਾਨਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਨੁਕਸਾਨ ਕਰਨ ਲਈ ਹਮਲੇ ਕੀਤੇ ਪਰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸ਼ਾਨ ਅੱਜ ਵੀ ਬਰਕਰਾਰ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸੇਧ ਲੈ ਕੇ ਸਿੱਖ ਆਪਣੇ ਰਾਜ-ਭਾਗ ਦੇ ਮਾਲਕ ਬਣੇ ਅਤੇ ਮਹਾਰਾਜਾ ਰਣਜੀਤ ਸਿੰਘ ਨੇ ਚਾਲੀ ਸਾਲ ਰਾਜ ਕਰਕੇ ਦੁਨੀਆ ਨੂੰ ਇਕ ਹਲੇਮੀ ਰਾਜ ਵਰਗਾ ਸ਼ਾਸਨ ਦਿੱਤਾ। ਸਿੱਖ ਦੁਨੀਆ ਦੇ ਹਰ ਖੇਤਰ ਵਿਚ ਵਿਚਰਦਿਆਂ ਹਮੇਸ਼ਾ ਆਪਣਾ ਮੂੰਹ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਵੱਲ ਰੱਖਦੇ ਰਹੇ ਹਨ, ਪਰ ਅੱਜ ਦੇ ਰਾਜਨੀਤਕ ਲੋਕਾਂ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਵੱਲ ਪਿੱਠ ਕਰਕੇ ਦਿੱਲੀ ਵੱਲ ਮੂੰਹ ਕੀਤਾ ਹੋਇਆ ਹੈ, ਜਿਸ ਕਾਰਨ ਸਿੱਖਾਂ ਦੀ ਆਪਣੀ ਰਾਜਨੀਤੀ ਕਮਜ਼ੋਰ ਪੈ ਰਹੀ ਹੈ। ਜੇਕਰ ਮੁੜ ਸਿੱਖ ਰਾਜਨੀਤਕ ਲੋਕ ਆਪਣਾ ਮੂੰਹ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਵੱਲ ਕਰ ਲੈਣ ਤਾਂ ਸਿੱਖ ਮੁੜ ਰਾਜ ਭਾਗ ਦੇ ਮਾਲਕ ਜ਼ਰੂਰ ਬਣਨਗੇ। ਉਨ੍ਹਾਂ ਸਿੱਖ ਸਿਧਾਂਤਾਂ, ਪਰੰਪਰਾਵਾਂ ਤੇ ਮਰਿਆਦਾ 'ਤੇ ਪਹਿਰਾ ਦੇਣ ਦੀ ਲੋੜ 'ਤੇ ਜ਼ੋਰ ਦਿੰਦਿਆਂ ਆਖਿਆ ਕਿ ਜਦੋਂ ਅਸੀਂ ਸਿਧਾਂਤਕ ਤੌਰ 'ਤੇ ਪਰਪੱਕ ਹੋਵਾਂਗੇ ਤਾਂ ਅਕਾਲ ਪੁਰਖ ਦਾ ਹੱਥ ਸਾਡੇ ਸੀਸ 'ਤੇ ਰਹੇਗਾ। ਉਨ੍ਹਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨਾਂ ਲਈ ਆਉਣ ਵਾਲੀ ਸੰਗਤ ਨੂੰ ਵੀ ਸ੍ਰੀ ਦਰਬਾਰ ਸਾਹਿਬ ਸਮੂਹ ਵਿਚ ਵਿਚਰਦਿਆਂ ਮਰਿਆਦਾ ਦਾ ਖਿਆਲ ਰੱਖਣ ਦੀ ਵੀ ਹਦਾਇਤ ਕੀਤੀ। ਸ਼ਰਧਾਲੂ ਸ੍ਰੀ ਦਰਬਾਰ ਸਾਹਿਬ ਵਿਖੇ ਮਰਿਆਦਾ ਨੂੰ ਮੁੱਖ ਰੱਖਦਿਆਂ ਆਪਣੇ ਫੋਨ ਬੰਦ ਰੱਖਣ। ਇਸ ਦੇ ਨਾਲ ਹੀ ਉਨ੍ਹਾਂ ਖਾਸ ਤੌਰ 'ਤੇ ਇਹ ਵੀ ਕਿਹਾ ਕਿ ਇੱਥੇ ਨਤਮਸਤਕ ਹੋਣ ਵਾਲੇ ਕਲਾਕਾਰ ਇਸ ਪਾਵਨ ਅਸਥਾਨ ਨੂੰ ਫਿਲਮਾਂ ਦੀ ਪ੍ਰਮੋਸ਼ਨ ਲਈ ਨਾ ਵਰਤਣ ਬਲਕਿ ਇੱਥੋਂ ਆਤਮਿਕ ਸ਼ਕਤੀ ਹਾਸਲ ਕਰਨ। ਮੀਡੀਆ ਨਾਲ ਗੱਲ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸਿੱਖ ਅੰਦਰ ਮੀਰੀ-ਪੀਰੀ ਦੇ ਸਿਧਾਂਤ ਨੂੰ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਉਭਾਰਿਆ, ਜਿਸ ਨੂੰ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਥਾਪਨਾ ਦੇ ਨਾਲ-ਨਾਲ ਮੀਰੀ-ਪੀਰੀ ਦੀਆਂ ਦੋ ਕਿਰਪਾਨਾਂ ਧਾਰਨ ਕਰਕੇ ਸਿੱਖ ਜੀਵਨ ਜਾਚ ਦਾ ਇੱਕ ਅਹਿਮ ਹਿੱਸਾ ਬਣਾ ਦਿੱਤਾ। ਸਿੱਖੀ ਅੰਦਰ ਧਰਮ ਅਤੇ ਰਾਜਨੀਤੀ ਦਾ ਸੁਮੇਲ ਅਤਿ ਅਹਿਮ ਹੈ ਜਿਸ ਵਿੱਚ ਧਰਮ ਨੂੰ ਪ੍ਰਮੁੱਖਤਾ ਹੈ। ਧਾਮੀ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਕੌਮ ਨੂੰ ਵਧਾਈ ਦਿੰਦਿਆਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਗੁਰੂ ਸਾਹਿਬਾਨ ਦੇ ਸਿਧਾਂਤਾਂ ਨਾਲ ਜੁੜ ਕੇ ਪੰਥਕ ਸ਼ਕਤੀ ਨੂੰ ਮਜ਼ਬੂਤ ਕੀਤਾ ਜਾਵੇ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ, ਹੈੱਡ ਗ੍ਰੰਥੀ ਗਿਆਨੀ ਗੁਰਮੁਖ ਸਿੰਘ ਤੇ ਗਿਆਨੀ ਮਲਕੀਤ ਸਿੰਘ, ਸ਼੍ਰੋਮਣੀ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ, ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਬਲਵਿੰਦਰ ਸਿੰਘ ਕਾਹਲਵਾਂ, ਪ੍ਰੀਤਪਾਲ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਜਸਵਿੰਦਰ ਸਿੰਘ ਜੱਸੀ, ਮਨਜੀਤ ਸਿੰਘ ਤਲਵੰਡੀ, ਹਰਭਜਨ ਸਿੰਘ ਵਕਤਾ, ਸੁਖਬੀਰ ਸਿੰਘ, ਸੁਪ੍ਰਿੰਟੈਂਡੈਂਟ ਨਿਸ਼ਾਨ ਸਿੰਘ, ਮਲਕੀਤ ਸਿੰਘ ਬਹਿੜਵਾਲ, ਮੈਨੇਜਰ ਨਰਿੰਦਰ ਸਿੰਘ, ਸਤਨਾਮ ਸਿੰਘ ਰਿਆੜ, ਜਗਤਾਰ ਸਿੰਘ, ਜਸਪਾਲ ਸਿੰਘ, ਰਜਿੰਦਰ ਸਿੰਘ ਰੂਬੀ, ਬਿਕਰਮਜੀਤ ਸਿੰਘ ਝੰਗੀ, ਯੁਵਰਾਜ ਸਿੰਘ, ਗੁਰਤਿੰਦਰਪਾਲ ਸਿੰਘ, ਕਥਾਵਾਚਕ ਗਿਆਨੀ ਜਸਵਿੰਦਰ ਸਿੰਘ ਸ਼ਹੂਰ ਅਤੇ ਸੰਗਤਾਂ ਮੌਜੂਦ ਸਨ।


LOVELY PROFESSIONAL UNIVERSITY

Transforming Education Transforming India

NAAC GRADE A++

## ADMISSIONS NOTICE 2024

**Fee Per Semester ₹15,000/-***
- M.A. (Punjabi)/ M.A. (Hindi)
- Diploma in Computer Applications

**Fee Per Semester ₹40,000/-***
- Integrated B.A.- B.Ed.
- Integrated B.Sc.- B.Ed.
- B.Ed./ M.Ed.
- M.A. (Education)
- Integrated B.Ed.-M.Ed.

**Fee Per Semester ₹60,000/-***
- Diploma (Engg.) – ECE, CSE, ME, CE
- Diploma in Business Administration
- Diploma in Architectural Assistantship
- Diploma in Medical Lab. Technology (DMLT)
- Diploma in Fashion Design
- Diploma (Engg.) [Lateral Entry]- ECE, CSE, ME, CE
- B.Sc. (Hons.) Botany/ B.Sc. (Botany)
- B.Sc. (Hons.) Zoology/ B.Sc. (Zoology)
- B.Sc. (Hons.) Physics / B.Sc. (Physics)
- B.Sc. (Hons.) Chemistry/ B.Sc. (Chemistry)
- B.Sc. (Hons.) Mathematics
- B.Sc. (Mathematics)
- B.A. (Fine Arts)
- Bachelor of Fine Arts (BFA)
- B.A. (Music Vocal)/ B.A. (Theatre)
- BPA (Music Vocal)/ BPA (Theatre)
- Diploma in Library and Information Sciences (D.Lib.I.Sc.)
- Bachelor of Arts (B.A.)
- B.A. (Hons.)
- B.Sc. (Health and Physical Education)
- Bachelor of Physical Education and Sports (BPES)
- Master of Fine Arts (MFA)
- Master of Performing Arts (MPA)
- M.A. (English)/ M.A. (History)
- M.A. (Public Administration)
- M.A. (Psychology)
- M.A. (Clinical Psychology)
- M.Sc. (Forensic Psychology)
- M.A. (Sociology)
- Master of Social Work (MSW)
- M.A. (Political Science)
- M.Sc. (Geography)
- Bachelors of Library and Information Science
- Masters of Library and Information Science
- M.P.Ed./ B.P.Ed.
- M.Sc. (Hons.) (Botany/ Zoology)
- M.Sc. (Hons.) (Physics/ Chemistry)
- M.Sc. Mathematics/ M.A. Mathematics
- M.Sc. (Statistics and Data Analytics)
- Ph.D. - Engineering, Geospatial Information Science and Technology, Computer Applications, Agronomy, Entomology, Fruit Science, Genetics and Plant Breeding, Plant Pathology, Vegetable Science, Soil Science, Food Science and Technology, Environmental Sciences, Biotechnology, Bioinformatics, Microbiology, Biochemistry, Botany, Forensic Sciences, Zoology, Chemistry, Physics, Mathematics, Management, Commerce, Economics, Hotel Management, Tourism Management, Law, Planning, Architecture, Library Sciences, Fashion Design, Interior and Furniture Design, Product and Industrial Design, User Experience, Fine Arts, Performing Arts-Music, Performing Arts-Theatre, Psychology, Journalism and Mass Communication, Film and TV Production, English, Political Science, Sociology, History, Geography, Hindi, Punjabi, Public Administration, Education, Physical Education, Pharmaceutics, Pharmaceutical Chemistry, Pharmacognosy, Pharmacology, Pharmacy Practice, Pharmaceutical Analysis, Ayurvedic Pharmacy, Clinical Microbiology, Clinical Biochemistry, Physiotherapy

**Fee Per Semester ₹1,00,000/-***
- BCA
- B.Sc. (IT)/ B.Sc. (IT) [2+2 with international credit transfer option]
- B.Sc. (Forensic Science)
- B.Sc. (Hons.) Food Technology
- B.Sc. (Food Technology)
- B.Sc. (Nutrition and Dietetics)
- B.Sc. (Hons.) Biotechnology
- B.Sc. (Biotechnology)
- B.Sc. (Hons.) Microbiology
- B.Sc. (Microbiology)
- BBA/ BBA [2+2 with international credit transfer option]
- BBA (IT)
- B.Com./ B.Com. [2+2 with international credit transfer option]
- B.Sc. (Hons.) Economics
- Bachelor of Hotel Mgt. and Catering Technology (BHMCT)/ Bachelor of Hotel Mgt and Catering Technology (BHMCT) [2+2 with international credit transfer option]
- B.Sc. (Hotel Management)
- B.Sc. (Airlines, Tourism and Hospitality)
- BBA (Tourism and Hospitality)
- BBA (Airlines and Airport Management)
- BBA (Hospitality and Service Management)
- B.A. (Journalism and Mass Communication)
- Bachelor of Physiotherapy (BPT)
- B.Sc. (Medical Laboratory Technology)
- BCA [Lateral Entry]
- B.Sc. (IT) [Lateral Entry]
- BBA [Lateral Entry]
- B.Com. [Lateral Entry]
- Bachelor of Hotel Mgt. and Catering Technology (BHMCT) [Lateral Entry]
- B.Sc. (Hotel Management) [Lateral Entry]
- B.Sc. (Airlines Tourism and Hospitality) [Lateral Entry]
- BPT [Lateral Entry]
- B.Sc. (Medical Lab Technology) [Lateral Entry]
- M.Com.
- M.Sc. Economics/ M.A. Economics
- M.Sc. (Hotel Management)
- M.Arch. (Executive)
- M.Sc. (Film and TV Production)
- M.A. (Journalism and Mass Communication)
- M.Sc. (Geospatial Science)
- M.Sc. (Food Science and Technology)
- M.Sc. (Nutrition and Dietetics)
- M.Sc. (Hons.) Biotechnology
- M.Sc. (Hons.) Microbiology
- M.Sc. (Forensic Science)
- M.Pharm. (Ayurveda)
- MPT
- M.Sc. (Clinical Biochemistry)
- M.Sc. (Clinical Microbiology)

**Fee Per Semester ₹1,20,000/-***
- BCA (Data Science)
- BCA (Artificial Intelligence and Machine Learning)
- BBA (Financial Markets)
- BBA (International Finance)
- BBA (Business Analytics)
- B.Com. (Management Accounting and International Finance )
- B.Sc. (Bakery and Pastry Management)
- Bachelor of Tourism and Travel Management (BTTM)
- B.Sc. (Culinary Arts)/ B.Sc. (Culinary Arts) [2+2 with international credit transfer option]
- BBA (Cargo and Logistics Management)
- Master of Tourism and Travel Management (MTTM)
- MCA
- M.Sc. (Information Technology)
- M.Sc. (Data Science)

**Fee Per Semester ₹1,50,000/-***
- BCA (Hons.) (Cyber Security)
- B.Sc. (Hons.) (Computer Science - Cyber Security)
- B.Sc. (Hons.) Agriculture
- Integrated BBA-MBA
- BBA (Hons.)
- BBA (International Accounting)
- BBA (Corporate Finance)
- B.Com. (Hons.)
- B.Com. (International Accounting)
- B.Com. (Corporate Finance)
- B.Arch./ B. Plan.
- Integrated B.Plan - M. Plan
- B.Sc. (Design - Interior and Furniture)
- B.Design (Interior and Furniture)
- B.Design (Product and Industrial )
- B.Design (User Experience)
- B.Sc. (Design - Fashion)
- B.Design (Fashion )/ B.Design (Fashion) [2+2 with international credit transfer option]
- B.Design (Fashion Management and Communication Design)
- B.Sc. (Design - Multimedia)
- B.Design (Multimedia)
- B.Sc. (Design -Graphics)
- B.Design (Graphics)
- B.Sc. (Design -Gaming)
- B.Design (Gaming)
- B.Sc. (Film and TV Production )
- B.Design (Film and TV Production )
- B.A. LL.B.(Hons.)/ BBA LL.B. (Hons.)
- B.Pharm.
- B.Sc. (Design - Interior and Furniture) [Lateral Entry]
- B.Design (Interior and Furniture) [Lateral Entry]
- B.Design (Product and Industrial) [Lateral Entry]
- B.Sc. ( Design - Fashion) [Lateral Entry]
- B.Design (Fashion) [Lateral Entry]
- B.Pharm. [Lateral Entry]
- M. Plan.
- M.Design (Product and Industrial)
- M.Design (User Experiance)
- M.Sc. (Design - Interior and Furniture)
- M.Design (Interior and Furniture) M.Design (Computational Design and Fabrication)
- M.Sc. (Design - Fashion)
- M.Design (Fashion)
- M.Sc. (Design - Multimedia)
- LL.B.
- LL.M.
- M.Tech. (Computer Science and Engg.)
- M.Tech. (Computer Science and Engineering) (by Research) [1+1 with international credit transfer option]
- M.Tech. (Machine Learning and Artificial Intelligence)
- M.Tech. (Data Science and Analytics)
- M.Tech. (VLSI Design)
- M.Tech. (Information Security and Cyber Forensics)
- M.Tech. (Electronics and Communication Engineering)
- M.Tech. (Food Technology)
- M.Tech. (Aerospace Engineering)
- M.Tech. (Biotechnology) / M Tech (Biotechnology) [1+1 with international credit transfer option]
- M.Tech. (Power Systems)
- M.Tech. (Structural Engg.)
- M.Tech. (Construction Management)
- MCA (Hons.) (Data Science)
- MCA (Hons.) (Artificial Intelligence and Machine Learning)
- M.Sc. (Agri.) Agronomy
- M.Sc. (Agri.) Soil Science
- M.Sc. (Agri.) Genetics and Plant Breeding
- M.Sc. (Agri.) Entomology
- M.Sc. (Agri.) Plant Pathology
- M.Sc. (Hort.) Fruit Science
- M.Sc. (Hort.) Vegetable Science
- M.Sc. (Hort.) Floriculture and Landscaping
- M.Pharm.

**Fee Per Semester ₹1,70,000/-***
- B.Tech. - ECE, CSE, IT, ME, ME - Mechatronics, Aerospace Engineering, Automobile Engineering, CE, EE, EEE, Biotechnology+, Food Technology+, Biomedical Engineering+, Chemical Engg., Mathematics and Computing
- B.Tech. [2+2 with international credit transfer option] (ECE, CSE, ME, CE, ME - Mechatronics, Biotechnology+ and Automobile Engineering)
- B.Tech. [Lateral Entry]
- B.Tech. [Lateral Entry] (Construction Technology)
- B.Tech. [Lateral Entry] (CSE)

**Fee Per Semester ₹2,00,000/-***
- B.Tech. (Robotics and Automation)
- B.Tech. CSE- Data Science with ML
- B.Tech. (CSE - DevOps (Software Development and IT Operations)/ B.Tech . (CSE- Cloud Computing)/ B.Tech. (CSE - User Experience (UX) / User Interface (UI)/ B.Tech. (CSE - Big Data Analytics)
- B.Tech. (CSE – Artificial Intelligence and Machine Learning)
- B.Tech. Electronics Engineering (VLSI Design and Technology)
- B.Tech. (CSE - Decision Science and Machine Learning)
- B.Tech. [Lateral Entry] (Robotics and Automation),
- B.Tech. (CSE - Artificial Ingtelligence and Machine Learning) [Lateral Entry]

**Fee Per Semester ₹2,50,000/-***
- B.Tech. (CSE - AI and Data Engineering)
- B.Tech. (CSE -Software Product Engg.)
- B.Tech. (Hons.) (CSE - Data Science and Data Engineering, Cyber Security and Block Chain, Full Stack Software Development
- MBA/ MBA[1+1 with international credit transfer option]
- MBA (International Business)
- MBA (Hospital and Healthcare Mgmt.)
- M.Sc. (Clinical Embryology)

**Fee Per Semester ₹3,00,000/-***
- MBA (Business Analytics)
- MBA (Financial Markets)
- MBA (Supply Chain and Logistics)

**Fee Per Semester ₹4,00,000/-***
- MBA (Management & Technology)

*The Programme fee is inclusive of student grant | +Medical Students can also apply

^ Student after successful completion of 3 yrs. will have choice to exit programme with relevant B.Sc./ B.A. Degree

Examination Fee is **₹4500** per semester

Scholarship can be availed on the basis of previous performance in academics, cultural, sports or other activities.

The term 'Programme fee' as mentioned above, includes - Tuition and Development fees; University Fee for Registration/ Enrolment, Cultural, Sports, Club activities, Co-curricular activities etc.; Fee for services/ facilities like Outreach, Placement, Medical, Counselor and any other Contingencies etc. as prescribed by the University. The fee for these components is mentioned on the university website www.lpu.in

For information regarding registration, eligibility, admission process, important dates (Interview and other details), mode of payment, highlights, admission guidelines, student grant, scholarship etc. and all other relevant information for the purpose of admission, refer university website www.lpu.in

HOW TO APPLY? Applicants can apply online at www.lpu.in

Apply For LPUNEST 2024
NATIONAL ENTRANCE AND SCHOLARSHIP TEST

LOVELY PROFESSIONAL UNIVERSITY (LPU)
Jalandhar - Delhi G.T. Road, Phagwara, Punjab (INDIA)
Email: admissions@lpu.co.in | www.lpu.in
Contact us: 01824-404408

27-June-PAGE-4-24.qxd 6/26/2024 11:01 PM Page 1

ਨਵਾਂ ਜ਼ਮਾਨਾ

ਵੀਰਵਾਰ, 27 ਜੂਨ 2024

# ਅਕਾਲੀ ਦਲ ਦਾ ਸੰਕਟ

ਸ਼੍ਰੋਮਣੀ ਅਕਾਲੀ ਦਲ (ਬਾਦਲ) ਇਸ ਸਮੇਂ ਗੰਭੀਰ ਸਿਆਸੀ ਸੰਕਟ ਵਿੱਚੋਂ ਗੁਜ਼ਰ ਰਿਹਾ ਹੈ। ਮੰਗਲਵਾਰ ਇਸ ਦੇ ਆਗੂਆਂ ਦੀਆਂ ਦੋ ਵੱਖੋ-ਵੱਖ ਮੀਟਿੰਗਾਂ ਹੋਈਆਂ ਹਨ। ਇੱਕ ਮੀਟਿੰਗ ਚੰਡੀਗੜ੍ਹ ਵਿੱਚ ਇਸ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਿੱਚ ਹੋਈ, ਜਿਸ ਵਿੱਚ ਜ਼ਿਲ੍ਹਾ ਜਥੇਦਾਰਾਂ, ਵਰਕਿੰਗ ਕਮੇਟੀ ਮੈਂਬਰਾਂ ਤੇ ਹਲਕਾ ਇੰਚਾਰਜਾਂ ਨੇ ਹਿੱਸਾ ਲਿਆ। ਮੀਟਿੰਗ ਨੇ ਸਰਬਸੰਮਤੀ ਨਾਲ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਿੱਚ ਭਰੋਸਾ ਪ੍ਰਗਟ ਕੀਤਾ।

ਦੂਜੀ ਮੀਟਿੰਗ ਜਲੰਧਰ ਵਿੱਚ ਹੋਈ, ਜਿਸ ਵਿੱਚ ਸਿਕੰਦਰ ਸਿੰਘ ਮਲੂਕਾ, ਬੀਬੀ ਜਗੀਰ ਕੌਰ, ਸੁਰਜੀਤ ਸਿੰਘ ਰੱਖੜਾ, ਚਰਨਜੀਤ ਸਿੰਘ ਬਰਾੜ, ਪ੍ਰੇਮ ਸਿੰਘ ਚੰਦੂਮਾਜਰਾ, ਸਰਵਣ ਸਿੰਘ ਫਿਲੌਰ, ਗੁਰਪ੍ਰਤਾਪ ਸਿੰਘ ਵਡਾਲਾ, ਪਰਮਿੰਦਰ ਸਿੰਘ ਢੀਂਡਸਾ ਸਮੇਤ ਵੱਡੀ ਗਿਣਤੀ ਵਿੱਚ ਟਕਸਾਲੀ ਕਹੇ ਜਾਂਦੇ ਆਗੂ ਸ਼ਾਮਲ ਸਨ। ਇਸ ਮੀਟਿੰਗ ਵਿੱਚ ਸੁਖਬੀਰ ਸਿੰਘ ਬਾਦਲ ਨੂੰ ਪ੍ਰਧਾਨਗੀ ਛੱਡ ਦੇਣ ਲਈ ਮਤਾ ਪਾਸ ਕੀਤਾ ਗਿਆ। ਇਸ ਦੇ ਨਾਲ ਹੀ ਪਹਿਲੀ ਜੁਲਾਈ ਨੂੰ ਸ੍ਰੀ ਅਕਾਲ ਤਖਤ ਤੋਂ 'ਸ਼੍ਰੋਮਣੀ ਅਕਾਲੀ ਦਲ ਬਚਾਓ ਲਹਿਰ' ਸ਼ੁਰੂ ਕਰਨ ਦਾ ਫੈਸਲਾ ਲਿਆ ਗਿਆ।

ਸ਼੍ਰੋਮਣੀ ਅਕਾਲੀ ਦਲ (ਬਾਦਲ) ਵਿੱਚ ਅਜਿਹਾ ਸੰਕਟ ਪਹਿਲੀ ਵਾਰ ਨਹੀਂ ਆਇਆ। ਅਪ੍ਰੈਲ 1994 ਵਿੱਚ ਵੀ ਅਜਿਹਾ ਹੀ ਘਟਨਾ-ਚੱਕਰ ਚੱਲਿਆ ਸੀ। ਸਰਦਾਰ ਪ੍ਰਕਾਸ਼ ਸਿੰਘ ਬਾਦਲ ਨੂੰ ਲਾਂਭੇ ਕਰਨ ਲਈ ਉਸ ਵੇਲੇ ਵੀ ਅਖੌਤੀ ਟਕਸਾਲੀ ਆਗੂ ਇੱਕ ਪਲੇਟਫਾਰਮ ਉਤੇ ਇਕੱਠੇ ਹੋ ਗਏ ਸਨ। ਉਸ ਵੇਲੇ ਵੀ ਸ੍ਰੀ ਅਕਾਲ ਤਖਤ ਦੀ ਵਰਤੋਂ ਕਰਦਿਆਂ ਐਕਟਿੰਗ ਜਥੇਦਾਰ ਪ੍ਰੋ. ਮਨਜੀਤ ਸਿੰਘ ਰਾਹੀਂ 1 ਮਈ 1994 ਨੂੰ ਸਭ ਅਕਾਲੀ ਦਲਾਂ ਦੀ ਮੀਟਿੰਗ ਬੁਲਾਈ ਗਈ ਸੀ। ਉਸ ਮੀਟਿੰਗ ਵਿੱਚ ਸਿਮਰਨਜੀਤ ਸਿੰਘ ਮਾਨ, ਜਗਦੇਵ ਸਿੰਘ ਤਲਵੰਡੀ, ਸੁਰਜੀਤ ਸਿੰਘ ਬਰਨਾਲਾ, ਕੈਪਟਨ ਅਮਰਿੰਦਰ ਸਿੰਘ, ਪ੍ਰੇਮ ਸਿੰਘ ਚੰਦੂਮਾਜਰਾ ਤੇ ਭਾਈ ਮਨਜੀਤ ਸਿੰਘ ਸਣੇ ਸਭ ਘਾਗ ਅਕਾਲੀ ਆਗੂ ਸ਼ਾਮਲ ਸਨ। ਉਸ ਮੀਟਿੰਗ ਵਿੱਚ ਸਭ ਦਲਾਂ ਨੂੰ ਤੋੜ ਕੇ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੀ ਸਥਾਪਨਾ ਕੀਤੀ ਗਈ ਸੀ। ਪ੍ਰਕਾਸ਼ ਸਿੰਘ ਬਾਦਲ ਉਸ ਮੀਟਿੰਗ ਤੋਂ ਲਾਂਭੇ ਰਹੇ, ਜਿਸ ਕਾਰਨ ਅਕਾਲ ਤਖਤ ਦੇ ਜਥੇਦਾਰ ਨੇ ਉਨ੍ਹਾ ਨੂੰ 6 ਮਈ ਨੂੰ ਤਲਬ ਕਰ ਲਿਆ ਸੀ। ਪ੍ਰਕਾਸ਼ ਸਿੰਘ ਬਾਦਲ 6 ਮਈ ਨੂੰ ਸ੍ਰੀ ਅਕਾਲ ਤਖਤ 'ਤੇ ਪੇਸ਼ ਹੋਏ, ਆਪਣਾ ਪੱਖ ਰੱਖਿਆ ਤੇ ਨਾਲ ਸ਼੍ਰੋਮਣੀ ਅਕਾਲੀ ਦਲ (ਬਾਦਲ) ਨੂੰ ਭੰਗ ਕਰਨ ਤੋਂ ਇਨਕਾਰ ਕਰ ਦਿੱਤਾ ਸੀ। ਜਥੇਦਾਰ ਸਾਹਿਬ ਸਤਿ ਬਚਨ ਕਹਿ ਕੇ ਚੁੱਪ ਧਾਰਨ ਕਰ ਗਏ ਸਨ।

ਇਸ ਤੋਂ ਬਾਅਦ ਇੱਕ ਹਫ਼ਤੇ ਦੇ ਅੰਦਰ ਹੀ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਲੀਰੋ-ਲੀਰ ਹੋ ਗਿਆ ਸੀ। ਕੈਪਟਨ ਕੰਵਲਜੀਤ ਸਿੰਘ, ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ, ਸੁਖਦੇਵ ਸਿੰਘ ਢੀਂਡਸਾ ਤੇ ਗੁਰਚਰਨ ਸਿੰਘ ਟੌਹੜਾ ਸਮੇਤ ਸਭ ਵੱਡੇ-ਛੋਟੇ ਟਕਸਾਲੀ ਮੁੜ ਬਾਦਲ ਦੀ ਛਤਰੀ ਹੇਠ ਆ ਗਏ ਸਨ।

ਉਸ ਸਮੇਂ ਲੜਾਈ ਗਰਮ ਤੇ ਨਰਮ ਖਿਆਲ ਕਹੇ ਜਾਂਦਿਆਂ ਵਿਚਕਾਰ ਸੀ। ਇਸ ਵਾਰ ਦੀ ਲੜਾਈ ਕੇਂਦਰ ਦੀ ਸੱਤਾ ਉਤੇ ਬੈਠੀ ਭਾਰਤੀ ਜਨਤਾ ਪਾਰਟੀ ਦੇ ਪਿੱਛਲੱਗੂਆਂ ਨਾਲ ਹੈ। ਭਾਰਤੀ ਜਨਤਾ ਪਾਰਟੀ 2019 ਦੀਆਂ ਲੋਕ ਸਭਾ ਚੋਣਾਂ ਤੋਂ ਬਾਅਦ ਹੀ ਆਪਣਾ ਆਧਾਰ ਵਧਾਉਣ ਲਈ ਸ਼੍ਰੋਮਣੀ ਅਕਾਲੀ ਦਲ (ਬਾਦਲ) ਨੂੰ ਖੇਰੂੰ-ਖੇਰੂੰ ਕਰਨ ਦੇ ਰਾਹ ਪਈ ਹੋਈ ਹੈ। ਇਸ ਲਈ ਪਹਿਲਾਂ ਉਸ ਨੇ ਸੁਖਦੇਵ ਸਿੰਘ ਢੀਂਡਸਾ ਨੂੰ ਅੱਗੇ ਲਾਇਆ, ਪਰ ਉਸ ਵੱਲੋਂ ਬਣਾਏ ਸੰਯੁਕਤ ਅਕਾਲੀ ਦਲ ਦੀ ਵਿਧਾਨ ਸਭਾ ਚੋਣਾਂ ਵਿੱਚ ਕੋਈ ਦਾਲ ਨਾ ਗਲ ਸਕੀ।

ਹਾਲੀਆ ਲੋਕ ਸਭਾ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ (ਬਾਦਲ) ਨੂੰ ਤਕੜੀ ਸੱਟ ਵੱਜੀ ਹੈ। ਇਸ ਦਾ ਇੱਕ ਕਾਰਨ ਬਸਪਾ ਨਾਲ ਉਸ ਦਾ ਗੱਠਜੋੜ ਨਾ ਹੋਣਾ ਵੀ ਸੀ। ਅਕਾਲੀ ਦਲ (ਬਾਦਲ) ਦੀ ਇਸ ਹਾਰ ਨੂੰ ਮੌਕਾ ਸਮਝ ਕੇ ਭਾਜਪਾ ਨੇ ਆਪਣੀ ਚਾਲ ਚੱਲ ਦਿੱਤੀ ਹੈ। ਆਉਂਦੇ ਦਿਨੀਂ ਜੇਕਰ ਨਵੇਂ ਜਿੱਤੇ ਆਜ਼ਾਦ ਸਾਂਸਦ ਅੰਮ੍ਰਿਤਪਾਲ ਸਿੰਘ ਤੇ ਸਰਬਜੀਤ ਸਿੰਘ ਨੂੰ ਵੀ 'ਅਕਾਲੀ ਦਲ ਬਚਾਓ' ਮੁਹਿੰਮ ਨਾਲ ਜੋੜ ਦਿੱਤਾ ਜਾਵੇ ਤਾਂ ਇਹ ਅੱਤਕਥਨੀ ਨਹੀਂ ਹੋਵੇਗੀ।

ਵਧੀਆ ਗੱਲ ਇਹ ਹੈ ਕਿ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਿੱਚ ਚੰਡੀਗੜ੍ਹ ਜੁੜੇ ਆਗੂਆਂ ਨੇ ਭਾਜਪਾ ਵਿਰੁੱਧ ਸਪੱਸ਼ਟ ਸਟੈਂਡ ਲਿਆ ਹੈ। ਪੁਰਾਣਾ ਤਜਰਬਾ ਦੱਸਦਾ ਹੈ ਕਿ ਸ਼੍ਰੋਮਣੀ ਅਕਾਲੀ ਦਲ ਨੂੰ ਪਹਿਲਾਂ ਵੀ ਅਜਿਹੇ ਝਟਕੇ ਲਗਦੇ ਰਹੇ ਹਨ, ਪਰ ਆਖਰ ਵਿੱਚ ਉਹ ਜੇਤੂ ਹੋ ਕੇ ਨਿਕਲਦਾ ਰਿਹਾ ਹੈ। ਇਸ ਲਈ ਉਸ ਨੂੰ ਦ੍ਰਿੜ੍ਹਤਾ ਨਾਲ ਸੰਘਵਾਦ ਉੱਤੇ ਕੇਂਦਰੀ ਸੱਤਾ ਵੱਲੋਂ ਹੋ ਰਹੇ ਹਮਲਿਆਂ ਵਿਰੁੱਧ ਹਮਲਾਵਰ ਰੁਖ ਅਪਣਾਉਣਾ ਪਵੇਗਾ।

**-ਚੰਦ ਫਤਿਹਪੁਰੀ**

## ...ਮੀਡੀਏ ਨੇ !

ਖੂੰਜੇ ਲਾਉਣ ਦੇ ਲਈ ਵਿਰੋਧੀਆਂ ਨੂੰ,  
ਲੈ ਲਈਆਂ ਸੁਪਾਰੀਆਂ ਮੀਡੀਏ ਨੇ।  
ਪਾ ਦਿੱਤੀਆਂ ਜੇਤੂ ਦੇ ਖਾਨਿਆਂ ਵਿੱਚ,  
ਫੌਜਾਂ ਜੰਗ 'ਚ ਹਾਰੀਆਂ ਮੀਡੀਏ ਨੇ।  
ਦਰਜ ਹੋਵੇਗਾ ਝੂਠ ਤਾਰੀਖ ਅੰਦਰ,  
ਤੇਗਾਂ ਖਿੱਚ ਕੇ ਮਾਰੀਆਂ ਮੀਡੀਏ ਨੇ।  
ਮਨੀਪੁਰ ਦੇ ਵਿੱਚ ਸ਼ਿਕਾਰ ਹੋਈਆਂ,  
ਨਹੀਂ ਦੱਸੀਆਂ ਨਾਰੀਆਂ ਮੀਡੀਏ ਨੇ।  
ਚੂਨਾ ਲਾ ਕੇ ਹਵਾ ਹਵਾਈ ਹੋ ਗਏ,  
ਦੱਬ ਲਈਆਂ ਫਰਾਰੀਆਂ ਮੀਡੀਏ ਨੇ।  
ਸ਼ਰੇਆਮ ਹੀ ਸ਼ੇਰਾਂ ਦੇ ਨਾਂਅ ਥੱਲੇ,  
ਭੇਡਾਂ ਰੱਜ ਕੇ ਚਾਰੀਆਂ ਮੀਡੀਏ ਨੇ।

**-ਗੁਲਪੁਰ**

# ਕਾਮਰੇਡ ਬਲਵਿੰਦਰ ਸੰਧੂ ਨੂੰ ਚੇਤੇ ਕਰਦਿਆਂ...

**ਜਗਦੀਸ਼ ਸਿੰਘ ਚਾਹਲ**



ਕਾਮਰੇਡ ਬਲਵਿੰਦਰ ਸਿੰਘ ਸੰਧੂ 10 ਜੁਲਾਈ 1965 ਨੂੰ ਬਤੌਰ ਕੰਡਕਟਰ ਪੰਜਾਬ ਰੋਡਵੇਜ਼ ਅੰਮ੍ਰਿਤਸਰ ਵਿੱਚ ਭਰਤੀ ਹੋਏ। ਭਰਤੀ ਹੁੰਦਿਆਂ ਸਾਰ ਹੀ ਕਾਮਰੇਡ ਨਛੱਤਰ ਸਿੰਘ ਧਾਲੀਵਾਲ ਦੀ ਪ੍ਰੇਰਣਾ ਸਦਕਾ ਆਪ ਪੰਜਾਬ ਗੌਰਮਿੰਟ ਟ੍ਰਾਂਸਪੋਰਟ ਵਰਕਰਜ਼ ਯੂਨੀਅਨ (ਏਟਕ) ਦੇ ਪੱਕੇ ਤੌਰ 'ਤੇ ਮੈਂਬਰ ਬਣ ਗਏ। ਬਹੁਤ ਜਲਦੀ ਹੀ ਆਪ ਵਿਭਾਗੀ ਕੰਮ ਦੇ ਨਾਲ-ਨਾਲ ਜਥੇਬੰਦੀ ਦੇ ਕਾਰਜਾਂ ਵਿੱਚ ਵੀ ਦਿਲਚਸਪੀ ਲੈਣ ਲੱਗ ਪਏ। ਲਛਮਣ ਸਿੰਘ ਗਿੱਲ ਦੀ ਸਰਕਾਰ ਸਮੇਂ 1968 ਵਿੱਚ ਮੋਗਾ ਸਬ-ਡਿਪੂ ਨੂੰ ਪੂਰਨ ਡਿਪੂ ਦਾ ਦਰਜਾ ਮਿਲ ਗਿਆ। ਇਸ ਦੇ ਨਾਲ ਹੀ ਕਾਮਰੇਡ ਸੰਧੂ ਦੀ ਬਦਲੀ ਮੋਗਾ ਡਿਪੂ ਵਿੱਚ ਹੋ ਗਈ। ਆਪਣੀ ਤੇਜ਼ ਬੁੱਧੀ ਦੇ ਚਲਦਿਆਂ ਆਪ ਜਲਦੀ ਹੀ ਸਮਝ ਗਏ ਕਿ ਸਮਾਜ ਵਿੱਚ ਆਗੂ ਦੀ ਭੂਮਿਕਾ ਨਿਭਾਉਣ ਲਈ ਗਿਆਨ ਪ੍ਰਾਪਤੀ ਦੀ ਭੁੱਖ ਹੋਣੀ ਲਾਜ਼ਮੀ ਹੈ। ਇਸ ਦੀ ਪ੍ਰਾਪਤੀ ਲਈ ਆਪ ਨੇ ਕਾਮਰੇਡ ਨਛੱਤਰ ਸਿੰਘ ਧਾਲੀਵਾਲ ਤੋਂ ਮਾਰਕਸਵਾਦ ਦਾ ਅਧਿਐਨ ਕਰਨਾ ਸ਼ੁਰੂ ਕਰ ਦਿੱਤਾ। ਹਰ ਗੱਲ ਨੂੰ ਪੂਰੀ ਦਿਲਚਸਪੀ ਨਾਲ ਸਮਝਣਾ ਆਪ ਦੇ ਸੁਭਾਅ ਵਿੱਚ ਸ਼ਾਮਲ ਸੀ। ਮੌਕੇ ਮੁਤਾਬਕ ਠੋਸ ਫੈਸਲਾ ਕਰਨ ਦੇ ਇਸ ਗੁਣ ਨੇ ਉਹਨਾ ਨੂੰ ਉੱਚ ਕੋਟੀ ਦੇ ਆਗੂਆਂ ਵਿੱਚ ਸ਼ਾਮਲ ਕਰ ਦਿੱਤਾ। ਇਸ ਕਰਕੇ 1973 ਵਿੱਚ ਆਪ ਨੂੰ ਪੰਜਾਬ ਰੋਡਵੇਜ਼ ਮੋਗਾ ਡਿਪੂ ਦਾ ਜਨਰਲ ਸਕੱਤਰ ਚੁਣ ਲਿਆ ਗਿਆ। ਸਾਲ 1990 ਤੋਂ 1994 ਤੱਕ ਆਪ ਜਥੇਬੰਦੀ ਦੇ ਸੂਬਾਈ ਮੀਤ ਪ੍ਰਧਾਨ ਦੇ ਅਹੁਦੇ ਉੱਪਰ ਕੰਮ ਕਰਦੇ ਰਹੇ। ਕਾਮਰੇਡ ਜਰਨੈਲ ਸਿੰਘ ਫਿਰੋਜ਼ਪੁਰ ਦੀ ਅਚਾਨਕ ਦਿਲ ਦੇ ਦੌਰੇ ਨਾਲ ਹੋਈ ਮੌਤ ਅਤੇ ਕਾਮਰੇਡ ਬਲਬੀਰ ਸਿੰਘ ਚਾਹਲ ਦੇ ਵਿਦੇਸ਼ ਜਾਣ ਉਪਰੰਤ ਆਪ ਜੀ ਨੂੰ ਸੂਬਾ ਪ੍ਰਧਾਨ ਨਿਯੁਕਤ ਕੀਤਾ ਗਿਆ। ਆਪ ਆਪਣੇ ਅੰਤਮ ਸਮੇਂ ਤੱਕ ਜਥੇਬੰਦੀ ਦੇ ਪ੍ਰਧਾਨ ਦੇ ਅਹੁਦੇ ਉੱਪਰ ਕੰਮ ਕਰਦੇ ਰਹੇ।

ਕਾਮਰੇਡ ਸੰਧੂ ਦੀ ਪ੍ਰਭਾਵਸ਼ਾਲੀ ਸ਼ਖਸੀਅਤ, ਗਜ਼ਬ ਦੇ ਬੁਲਾਰੇ ਅਤੇ ਅਫ਼ਸਰਸ਼ਾਹੀ ਨੂੰ ਦਲੀਲਬਾਜ਼ੀ ਨਾਲ ਕੀਲ ਲੈਣ ਦੇ ਗੁਣਾਂ ਸਦਕਾ ਆਪ ਨਾ ਸਿਰਫ਼ ਪੰਜਾਬ ਰੋਡਵੇਜ਼ ਹੀ ਨਹੀਂ, ਸਗੋਂ ਏਟਕ ਦੇ ਕੌਮੀ ਕੌਂਸਲ ਦੇ ਮੈਂਬਰ, ਪੰਜਾਬ ਏਟਕ ਦੇ ਮੀਤ ਪ੍ਰਧਾਨ, ਨੈਸ਼ਨਲ ਫੈਡਰੇਸ਼ਨ ਆਫ਼ ਇੰਡੀਅਨ ਰੋਡ ਟ੍ਰਾਂਸਪੋਰਟ ਦੇ ਕੌਮੀ ਮੀਤ ਪ੍ਰਧਾਨ, ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ 1680-22ਬੀ ਦੇ ਮੀਤ ਪ੍ਰਧਾਨ ਅਤੇ ਟਰੇਡ ਯੂਨੀਅਨ ਕੌਂਸਲ ਮੋਗਾ ਦੇ ਪ੍ਰਧਾਨ ਰਹੇ। ਟਰੇਡ ਯੂਨੀਅਨ ਕੌਂਸਲ ਮੋਗਾ ਦੇ ਜਨਰਲ ਸਕੱਤਰ ਬੈਂਕਾਂ ਦੇ ਲੀਡਰ ਕਾਮਰੇਡ ਕਸ਼ਮੀਰੀ ਲਾਲ ਅਗਰਵਾਲ ਅਤੇ ਕਾਮਰੇਡ ਬਲਵਿੰਦਰ ਸੰਧੂ ਦੇ ਪ੍ਰਧਾਨ ਹੁੰਦਿਆਂ ਟਰੇਡ ਯੂਨੀਅਨ ਕੌਂਸਲ ਮੋਗਾ ਦੇ ਝੰਡੇ ਹੇਠ ਮੋਗੇ ਵਿੱਚ ਅਨੇਕਾਂ ਸੰਘਰਸ਼ ਕੀਤੇ ਅਤੇ ਜਿੱਤਾਂ ਵੀ ਪ੍ਰਾਪਤ ਕੀਤੀਆ।

ਕਾਮਰੇਡ ਬਲਵਿੰਦਰ ਸੰਧੂ ਨੇ ਕਾਮਰੇਡ ਨਛੱਤਰ ਸਿੰਘ ਧਾਲੀਵਾਲ ਦੀ ਸ਼ਹਾਦਤ ਤੋਂ ਬਾਅਦ ਉਹਨਾ ਦੀ ਯਾਦ ਵਿੱਚ ਉਸਾਰੀ ਯਾਦਗਾਰ ਨੂੰ ਮੁਕੰਮਲ ਕਰਨ ਲਈ ਹਰ ਖੇਤਰ ਵਿੱਚ ਸ਼ਾਨਦਾਰ ਭੂਮਿਕਾ ਅਦਾ ਕੀਤੀ। ਕਾਮਰੇਡ ਸੰਧੂ ਸਮਝਦੇ ਸਨ ਕਿ ਪਬਲਿਕ ਅਦਾਰਿਆਂ ਦੀ ਬਿਹਤਰੀ ਲਈ ਇਹ ਜ਼ਰੂਰੀ ਹੈ ਕਿ ਕੰਮ ਕਰ ਰਹੇ ਕਿਰਤੀਆਂ ਅਤੇ ਕੰਮ ਦੀ ਉਡੀਕ ਵਿੱਚ ਬੈਠੇ ਬੇ-ਰੋਜ਼ਗਾਰਾਂ ਵਿੱਚ ਆਪਸੀ ਏਕਤਾ ਹੋਵੇ। ਇਸੇ ਸੋਚ ਦੇ ਚਲਦਿਆਂ ਕਾਮਰੇਡ ਸੰਧੂ ਅਤੇ ਗੁਰਮੇਲ ਮੋਗਾ ਨੇ ਰੁਜ਼ਗਾਰ ਪ੍ਰਾਪਤੀ ਚੇਤਨਾ ਮੁਹਿੰਮ ਦੀ ਉਸਾਰੀ ਲਈ ਹਰ ਤਰ੍ਹਾਂ ਦੀ ਮਦਦ ਕਰਕੇ ਇਸ ਲਹਿਰ ਦੀ ਉਸਾਰੀ ਕਰਨ ਵਿੱਚ ਸ਼ਾਨਦਾਰ ਭੂਮਿਕਾ ਨਿਭਾਈ। ਇਸ ਦਾ ਮੁੱਢ ਭਗਤ ਸਿੰਘ ਦੇ ਜਨਮ ਦਿਨ ਉੱਪਰ 28 ਸਤੰਬਰ 1997 ਨੂੰ ਮੋਗੇ ਵਿੱਚ ਮੁਲਾਜ਼ਮਾਂ, ਮਜ਼ਦੂਰਾਂ ਅਤੇ ਬੇਰੁਜ਼ਗਾਰਾਂ ਦਾ ਸ਼ਾਨਦਾਰ ਇਕੱਠ ਕਰਕੇ ਸ਼ੁਰੂਆਤ ਕੀਤੀ ਗਈ। ਉਹਨਾ ਦਾ ਪੱਕਾ ਵਿਸ਼ਵਾਸ ਸੀ ਕਿ ਯੋਗਤਾ ਅਨੁਸਾਰ ਕੰਮ ਅਤੇ ਬਿਹਤਰ ਸੇਵਾਵਾਂ ਪਬਲਿਕ ਅਦਾਰਿਆਂ ਤੋਂ ਬਿਨਾਂ ਕੋਈ ਨਹੀਂ ਦੇ ਸਕਦਾ, ਇਸ ਲਈ ਪਬਲਿਕ ਅਦਾਰਿਆਂ ਦੀ ਰਾਖੀ ਲਈ ਉਹਨਾਂ ਵਿਸ਼ੇਸ਼ ਮੁਹਿੰਮ ਚਲਾਈ, ਇਸ ਦੀ ਤਾਜ਼ਾ ਮਿਸਾਲ ਕੋਰੋਨਾ ਮਹਾਂਮਾਰੀ ਦੌਰਾਨ ਪ੍ਰਤੱਖ ਰੂਪ ਵਿੱਚ ਸਾਹਮਣੇ ਆਈ। ਉਹ ਪ੍ਰਾਈਵੇਟ ਅਦਾਰੇ ਜੋ ਗਰੀਬ ਲੋਕਾਂ ਨੂੰ ਸਹੂਲਤਾਂ ਦੇ ਨਾਂਅ ਉੱਪਰ ਕਰੋੜਾਂ, ਅਰਬਾਂ ਦੀਆਂ ਸਹੂਲਤਾਂ ਸਰਕਾਰ ਪਾਸੋਂ ਪ੍ਰਾਪਤ ਕਰਦੇ ਹਨ, ਪਰ ਜਦ ਮੁਸੀਬਤ ਦਾ ਸਮਾਂ ਆਇਆ ਤਾਂ ਪ੍ਰਾਈਵੇਟ ਅਦਾਰਿਆਂ ਨੇ ਆਪਣੇ ਬੂਹੇ ਮੁਸੀਬਤ ਮਾਰੀ ਜਨਤਾ ਲਈ ਬੰਦ ਕਰ ਲਏ, ਉਸ ਸਮੇਂ ਪਬਲਿਕ ਅਦਾਰਿਆਂ ਵਿੱਚ ਕੰਮ ਕਰਦੇ ਕਰਮਚਾਰੀਆਂ ਨੇ ਆਪਣੀ ਜਾਨ ਦੀ ਪ੍ਰਵਾਹ ਨਾ ਕਰਦਿਆਂ ਲੋਕਾਂ ਦੀ ਸਹੂਲਤ ਲਈ ਦਿਨ-ਰਾਤ ਕੰਮ ਕੀਤਾ, ਪਰ ਅਫ਼ਸੋਸ ਸਾਡੀਆਂ ਸਰਕਾਰਾਂ ਨੇ ਅਜੇ ਵੀ ਸਬਕ ਨਹੀਂ ਸਿੱਖਿਆ। ਸਰਕਾਰਾਂ ਅਜੇ ਵੀ ਰਹਿੰਦੇ ਪਬਲਿਕ ਅਦਾਰਿਆਂ ਦਾ ਭੋਗ ਪਾ ਕੇ ਪ੍ਰਾਈਵੇਟ ਅਦਾਰੇ ਸਾਜਣ ਲਈ ਕੰਮ ਕਰ ਰਹੀਆਂ ਹਨ। ਕਾਮਰੇਡ ਸੰਧੂ ਵਿੱਚ ਇਹ ਵਿਸ਼ੇਸ਼ ਗੁਣ ਸੀ ਕਿ ਉਹ ਹਰੇਕ ਵਰਗ ਅਤੇ ਹਰੇਕ ਉਮਰ ਦੇ ਸਾਥੀਆਂ ਨਾਲ ਘੁਲਮਿਲ ਜਾਂਦੇ ਸਨ। ਉਹ ਮਹਿਫ਼ਲਾਂ ਦਾ ਵੀ ਸ਼ਿੰਗਾਰ ਸਨ। ਉਹ ਹਮੇਸ਼ਾ ਕਿਹਾ ਕਰਦੇ ਸਨ ਕਿ ਗੱਲ ਕਰਨ ਤੋਂ ਪਹਿਲਾਂ ਗੱਲ ਨੂੰ ਚਿੱਥ ਲੈਣਾ ਚਾਹੀਦਾ ਹੈ, ਤਾਂ ਜੋ ਬਾਅਦ ਵਿੱਚ ਸ਼ਰਮਿੰਦਾ ਨਾ ਹੋਣਾ ਪਵੇ।

ਕਾਮਰੇਡ ਬਲਵਿੰਦਰ ਸਿੰਘ ਸੰਧੂ ਦਾ ਇਕਲੌਤਾ ਲੜਕਾ ਸੰਦੀਪ ਸਿੰਘ ਸੰਧੂ ਕੈਨੇਡਾ ਦੇ ਸ਼ਹਿਰ ਵੈਨਕੂਵਰ (ਸਰੀ) ਵਿੱਚ ਆਪਣੀ ਮਾਤਾ, ਪਤਨੀ ਅਤੇ ਬੱਚਿਆਂ ਸਮੇਤ ਪੱਕੇ ਤੌਰ 'ਤੇ ਸੈੱਟ ਹੈ, ਪਰ ਉਹ ਅੱਜ ਵੀ ਆਪਣੇ ਪਿਤਾ ਦੇ ਪੈਰ ਚਿੰਨ੍ਹਾਂ ਉੱਪਰ ਚੱਲਦਿਆਂ ਜਥੇਬੰਦੀ ਦੀ ਹਰ ਤਰ੍ਹਾਂ ਦੀ ਮਦਦ ਲਈ ਹਮੇਸ਼ਾ ਤਤਪਰ ਰਹਿੰਦਾ ਹੈ। ਜਥੇਬੰਦੀ ਜਾਂ ਪਾਰਟੀ ਦੇ ਕਿਸੇ ਵੀ ਪ੍ਰੋਗਰਾਮ ਲਈ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਦੀ ਸਲਾਨਾ ਬਰਸੀ ਸਮਾਗਮ ਅਤੇ ਆਪਣੇ ਪਿਤਾ ਦੀ ਯਾਦ ਵਿੱਚ 27 ਜੂਨ ਦੇ ਬਰਸੀ ਸਮਾਗਮਾਂ ਉੱਪਰ ਵੱਡੇ ਪੱਧਰ 'ਤੇ ਆਰਥਕ ਮਦਦ ਕਰਕੇ ਜਥੇਬੰਦੀ ਨਾਲ ਪਰਵਾਰਕ ਰਿਸ਼ਤਾ ਨਿਭਾਉਣ ਲਈ ਹਮੇਸ਼ਾ ਹੀ ਤਿਆਰ ਰਹਿੰਦਾ ਹੈ। ਕਾਮਰੇਡ ਸੰਧੂ ਸਰਕਾਰੀ ਨਿਯਮਾਂ ਮੁਤਾਬਕ 38 ਸਾਲ ਦੀ ਨੌਕਰੀ ਕਰਨ ਉਪਰੰਤ ਰਿਟਾਇਰ ਹੋਏ, ਪਰ ਜਥੇਬੰਦੀਆਂ ਦੀਆਂ ਨਿਰੰਤਰ ਸੇਵਾਵਾਂ ਲਗਾਤਾਰ ਨਿਭਾਉਂਦੇ ਰਹੇ। ਆਪ 12 ਜੂਨ 2003 ਨੂੰ ਮੁੱਲਾਂਪੁਰ (ਲੁਧਿਆਣਾ) ਨੇੜੇ ਮਾਮੂਲੀ ਸੜਕ ਹਾਦਸੇ ਵਿੱਚ ਜ਼ਖ਼ਮੀ ਹੋਣ ਉਪਰੰਤ 27 ਜੂਨ 2003 ਨੂੰ ਆਪਣੇ ਪਰਵਾਰ, ਰਿਸ਼ਤੇਦਾਰਾਂ, ਯਾਰਾਂ-ਮਿੱਤਰਾਂ ਅਤੇ ਕਿਰਤੀ ਜਮਾਤ ਦੇ ਵੱਡੇ ਪਰਵਾਰ ਨੂੰ ਸਦਾ ਲਈ ਅਲਵਿਦਾ ਕਹਿ ਗਏ।

ਕਾਮਰੇਡ ਸੰਧੂ ਅਜਿਹਾ ਮਨੁੱਖ ਸੀ, ਜੋ ਪੰਜਾਬ ਦੇ ਮਾੜੇ ਦੌਰ ਵਿੱਚ ਵੀ ਨਿੱਡਰਤਾ ਨਾਲ ਗੁਜ਼ਰਦਾ ਰਿਹਾ ਅਤੇ ਦਹਿਸ਼ਤੀ ਹਮਲਿਆਂ ਦੀ ਪ੍ਰਵਾਹ ਕੀਤੇ ਬਗ਼ੈਰ ਹਮੇਸ਼ਾ ਸਮਾਜ ਦੀ ਬਿਹਤਰੀ ਲਈ ਕੰਮ ਕਰਦਾ ਰਿਹਾ। ਆਪ ਸਰਕਾਰ ਅਤੇ ਅਫ਼ਸਰਸ਼ਾਹੀ ਦੀਆਂ ਕਿਰਤੀ ਲੋਕਾਂ ਪ੍ਰਤੀ ਵਧੀਕੀਆਂ ਦੇ ਖਿਲਾਫ਼ ਹਿੱਕ ਡਾਹ ਕੇ ਲੜਿਆ। ਅਜਿਹੇ ਦਲੇਰ, ਜ਼ਿੰਦਾਦਿਲ ਅਤੇ ਹਰਮਨ-ਪਿਆਰੇ ਆਗੂ ਨੂੰ ਯਾਦ ਕਰਨ ਲਈ ਉਹਨਾ ਦੀ ਜਥੇਬੰਦੀ ਵਿੱਚ ਕੰਮ ਕਰਦੇ ਮੁਲਾਜ਼ਮ, ਪੈਨਸ਼ਨਰ, ਠੇਕੇ 'ਤੇ ਭਰਤੀ ਮੁਲਾਜ਼ਮ, ਸਕੀਮ ਵਰਕਰ, ਭਰਾਤਰੀ ਜਥੇਬੰਦੀਆਂ ਦੇ ਆਗੂ ਅਤੇ ਵਰਕਰ ਸਾਥੀ ਉਸ ਮਹਾਨ ਆਗੂ ਦੀ ਯਾਦ ਨੂੰ ਤਾਜ਼ਾ ਕਰਨ ਲਈ 27 ਜੂਨ ਨੂੰ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਭਵਨ ਅੰਦਰ ਸ਼ਰਧਾ ਦੇ ਫੁੱਲ ਭੇਟ ਕਰਨਗੇ।

**# ਸੰਪਰਕ : 99149-00856**

# ਗਲੋਬਲ ਵਾਰਮਿੰਗ ਕੀ ਹੈ

**ਸੰਦੀਪ ਕੁਮਾਰ**

ਗਲੋਬਲ ਵਾਰਮਿੰਗ ਮੌਸਮੀ ਪ੍ਰਣਾਲੀ ਵਿੱਚ ਇੱਕ ਲੰਮੇ ਸਮੇਂ ਦੀ ਗਰਮਾਹਟ ਦਾ ਰੁਝਾਨ ਹੈ, ਜੋ ਮੁੱਖ ਤੌਰ 'ਤੇ ਮਾਨਵ ਗਤੀਵਿਧੀਆਂ ਦੇ ਕਾਰਨ ਹੈ। ਇਹ ਮਾਮਲਾ ਮੁੱਖ ਤੌਰ 'ਤੇ ਜੀਵਾਸਮ ਬਾਲਣਾਂ (ਕੋਲਾ, ਤੇਲ, ਅਤੇ ਪ੍ਰਾਕ੍ਰਿਤਿਕ ਗੈਸ) ਦੇ ਸੜਨ ਨਾਲ ਸੰਬੰਧਤ ਹੈ, ਜੋ ਵੱਡੇ ਪੱਧਰ 'ਤੇ ਕਾਰਬਨ ਡਾਈਆਕਸਾਈਡ ਅਤੇ ਹੋਰ ਹਰੇਕ ਗੈਸਾਂ ਨੂੰ ਵਾਯੂ ਮੰਡਲ ਵਿੱਚ ਛੱਡਦੇ ਹਨ। ਇਹ ਗੈਸਾਂ ਵਾਯੂ ਮੰਡਲ ਵਿੱਚ ਫੈਲ ਜਾਂਦੀਆਂ ਹਨ ਅਤੇ ਗਰਮੀ ਨੂੰ ਧਰਤੀ ਦੇ ਵਾਯੂਮੰਡਲ ਨੇੜੇ ਰੋਕ ਲੈਂਦੀਆਂ ਹਨ, ਜਿਸ ਨਾਲ ਗਰਮੀ ਵਧਦੀ ਹੈ। ਇਸ ਪ੍ਰਕਿਰਿਆ ਨੂੰ 'ਗਰੀਨ ਹਾਊਸ ਪ੍ਰਭਾਵ' ਕਿਹਾ ਜਾਂਦਾ ਹੈ।

ਗਲੋਬਲ ਵਾਰਮਿੰਗ ਦੇ ਬਹੁਤ ਸਾਰੇ ਪ੍ਰਭਾਵ ਹਨ, ਜਿਨ੍ਹਾਂ ਵਿੱਚ ਮੌਸਮੀ ਪੈਟਰਨਾਂ ਵਿੱਚ ਤਬਦੀਲੀ, ਸਮੁੰਦਰ ਦੇ ਪੱਧਰ ਦਾ ਵਧਣਾ ਅਤੇ ਜੰਗਲਾਤ ਦਾ ਘਟਣਾ ਸ਼ਾਮਲ ਹਨ। ਇਹ ਤਬਦੀਲੀਆਂ ਨਿਰੰਤਰ ਤੌਰ 'ਤੇ ਪਰਿਵਰਤਨਸ਼ੀਲ ਹਨ ਅਤੇ ਵਿਸ਼ਵ ਭਰ ਵਿੱਚ ਵੱਖ-ਵੱਖ ਤਰੀਕਿਆਂ ਨਾਲ ਮਹਿਸੂਸ ਕੀਤੀਆਂ ਜਾ ਸਕਦੀਆਂ ਹਨ। ਉਦਾਹਰਣ ਲਈ, ਵਧਦੇ ਤਾਪਮਾਨ ਨਾਲ ਬਰਫ ਦੇ ਗਲੇਸ਼ੀਅਰ ਤੇਜ਼ੀ ਨਾਲ ਪਿਘਲ ਰਹੇ ਹਨ, ਜੋ ਸਮੁੰਦਰ ਦੇ ਪੱਧਰ ਵਿੱਚ ਵਾਧੇ ਦਾ ਕਾਰਨ ਬਣ ਰਹੇ ਹਨ। ਇਸ ਦੇ ਨਤੀਜੇ ਵਜੋਂ ਤੱਟਵਰਤੀ ਖੇਤਰਾਂ ਵਿੱਚ ਬਨਸਪਤੀ ਅਤੇ ਪਾਣੀ ਦੇ ਸਰੋਤਾਂ ਨੂੰ ਖਤਰਾ ਹੈ।

ਇਸ ਤੋਂ ਇਲਾਵਾ, ਮੌਸਮੀ ਪੈਟਰਨਾਂ ਵਿੱਚ ਤਬਦੀਲੀ ਨਾਲ ਬਹੁਤ ਸਾਰੇ ਖੇਤਰਾਂ ਵਿੱਚ ਸੋਕੇ, ਹੜ੍ਹਾਂ ਅਤੇ ਹੋਰ ਅਕਾਲਪਨਿਕ ਮੌਸਮੀ ਹਾਦਸੇ ਵਧ ਰਹੇ ਹਨ। ਖੇਤੀਬਾੜੀ, ਜੰਗਲਾਤ ਅਤੇ ਪਾਣੀ ਦੀ ਉਪਲੱਬਧਤਾ ਉੱਤੇ ਇਸ ਦਾ ਪ੍ਰਭਾਵ ਪੈ ਰਿਹਾ ਹੈ, ਜਿਸ ਨਾਲ ਅੰਨ ਉਤਪਾਦਨ ਘਟਦਾ ਜਾ ਰਿਹਾ ਹੈ ਅਤੇ ਖਾਧ ਪਦਾਰਥਾਂ ਦੀ ਕੀਮਤ ਵਧ ਰਹੀ ਹੈ।

ਗਲੋਬਲ ਵਾਰਮਿੰਗ ਨਾਲ ਸੰਬੰਧਤ ਹੋਰ ਮੁੱਦਿਆਂ ਵਿੱਚ ਜੈਵਿਕ ਵਿਭਿੰਨਤਾ ਦੇ ਨਾਲ ਅਤੇ ਮਨੁੱਖੀ ਸਿਹਤ ਲਈ ਖਤਰੇ ਵੀ ਸ਼ਾਮਲ ਹਨ, ਕਿਉਂਕਿ ਵਾਤਾਵਰਣ ਦੇ ਤਾਪਮਾਨ ਵਿੱਚ ਵਾਧਾ ਬਹੁਤ ਸਾਰੀਆਂ ਬਿਮਾਰੀਆਂ ਦੇ ਫੈਲਣ ਦੀ ਸੰਭਾਵਨਾ ਨੂੰ ਵਧਾ ਸਕਦਾ ਹੈ।

ਇਸ ਗੰਭੀਰ ਸਮੱਸਿਆ ਨੂੰ ਹੱਲ ਕਰਨ ਲਈ ਦੁਨੀਆ ਭਰ ਦੀਆਂ ਸਰਕਾਰਾਂ ਅਤੇ ਸੰਸਥਾਵਾਂ ਨੇ ਵੱਖ-ਵੱਖ ਪੜਾਅ 'ਤੇ ਕਦਮ ਚੁੱਕੇ ਹਨ। ਪਰਿਵਰਤਨਕਾਰੀ ਊਰਜਾ ਸਰੋਤਾਂ, ਜਿਵੇਂ ਕਿ ਸੂਰਜੀ ਅਤੇ ਹਵਾ ਊਰਜਾ ਦੀ ਵਰਤੋਂ ਵਧਾ ਕੇ ਕਾਰਬਨ ਡਾਈਆਕਸਾਈਡ ਦੀ ਨਿਕਾਸੀ ਨੂੰ ਘਟਾਉਣ ਲਈ ਨਵੀਨ ਤਕਨਾਲੋਜੀਆਂ ਦਾ ਵਿਕਾਸ ਕੀਤਾ ਜਾ ਰਿਹਾ ਹੈ। ਇੱਕ ਸਾਫ ਅਤੇ ਸਵੱਛ ਵਾਤਾਵਰਣ ਲਈ ਸਾਨੂੰ ਸਾਰਿਆਂ ਨੂੰ ਹਰੇਕ ਪੱਧਰ 'ਤੇ ਯਤਨ ਕਰਨ ਦੀ ਲੋੜ ਹੈ, ਜਿਵੇਂ ਕਿ ਨਿੱਜੀ, ਸਮਾਜਕ ਅਤੇ ਰਾਜਨੀਤਕ।

**ਗਲੋਬਲ ਵਾਰਮਿੰਗ ਕਿੰਨੀ ਖਤਰਨਾਕ ਹੈ ?**

ਗਲੋਬਲ ਵਾਰਮਿੰਗ ਦੁਨੀਆ ਦੇ ਸਾਹਮਣੇ ਖੜੀਆਂ ਸਭ ਤੋਂ ਵੱਡੀਆਂ ਖਤਰਨਾਕ ਸਮੱਸਿਆਵਾਂ ਵਿੱਚੋਂ ਇੱਕ ਹੈ। ਇਸ ਦੇ ਪ੍ਰਭਾਵ ਬਹੁਤ ਵਿਆਪਕ ਅਤੇ ਗੰਭੀਰ ਹਨ, ਜਿਹਨਾਂ ਨੂੰ ਨਜ਼ਰਅੰਦਾਜ਼ ਕਰਨਾ ਮੁਮਕਿਨ ਨਹੀਂ। ਤਾਪਮਾਨ ਵਿੱਚ ਵਾਧਾ ਸਿਰਫ ਮੌਸਮ ਦੀ ਤਪਸ਼ ਹੀ ਨਹੀਂ ਲਿਆਉਂਦਾ, ਬਲਕਿ ਇਸ ਦੇ ਕਾਰਨ ਬਹੁਤ ਸਾਰੀਆਂ ਕੁਦਰਤੀ ਅਤੇ ਮਾਨਵ-ਸੰਬੰਧੀ ਪ੍ਰਣਾਲੀਆਂ ਵਿੱਚ ਗੰਭੀਰ ਤਬਦੀਲੀਆਂ ਵੀ ਹੁੰਦੀਆਂ ਹਨ।

ਪਹਿਲਾ ਮਹੱਤਵਪੂਰਨ ਪ੍ਰਭਾਵ ਸਮੁੰਦਰ ਦੇ ਪੱਧਰ ਵਿੱਚ ਵਾਧਾ ਹੈ। ਜਿਵੇਂ ਜੰਮਣ ਵਾਲੇ ਗਲੇਸ਼ੀਅਰ ਅਤੇ ਧਰਤੀ ਦੇ ਧਰੁਵਾਂ ਦੇ ਉੱਤੇ ਬਰਫ ਪਿਘਲ ਰਹੀ ਹੈ, ਸਮੁੰਦਰੀ ਪੱਧਰ ਵਧ ਰਿਹਾ ਹੈ, ਜਿਸ ਨਾਲ ਤੱਟਵਰਤੀ ਖੇਤਰਾਂ ਵਿੱਚ ਹੜ੍ਹਾਂ ਦੀ ਸੰਭਾਵਨਾ ਵਧ ਗਈ ਹੈ। ਇਹ ਤੱਟਵਰਤੀ ਸ਼ਹਿਰਾਂ, ਜਿਵੇਂ ਕਿ ਮਾਇਮੀ ਅਤੇ ਮੁੰਬਈ ਲਈ ਵੱਡਾ ਖਤਰਾ ਹੈ, ਕਿਉਂਕਿ ਇਹ ਖੇਤਰ ਬਾਹਰ ਦੇ ਅਸਰਾਂ ਤੋਂ ਬਚਾਉਣ ਲਈ ਬਹੁਤ ਸੰਵੇਦਨਸ਼ੀਲ ਹਨ। ਹੜ੍ਹਾਂ ਨਾਲ ਇਨਸਾਨੀ ਜਾਨਾਂ ਅਤੇ ਮਾਲ ਦੇ ਨੁਕਸਾਨ ਦੇ ਨਾਲ-ਨਾਲ ਖੇਤੀਬਾੜੀ ਨੂੰ ਵੀ ਨੁਕਸਾਨ ਪਹੁੰਚਦਾ ਹੈ। ਜੋ ਕਿ ਕਮਜ਼ੋਰ ਅਤੇ ਗਰੀਬ ਆਬਾਦੀ ਲਈ ਬਹੁਤ ਵੱਡੀ ਸਮੱਸਿਆ ਬਣ ਸਕਦਾ ਹੈ। ਬਹੁਤ ਸਾਰੇ ਜੀਵ ਜਾਤੀਆਂ ਨੂੰ ਉਨ੍ਹਾਂ ਦੇ ਆਬਾਦੀ ਖੇਤਰਾਂ ਵਿੱਚ ਤਬਦੀਲੀਆਂ ਕਾਰਨ ਨਾਸ਼ ਹੋਣ ਦਾ ਖਤਰਾ ਹੈ। ਇਹਨਾਂ ਤਬਦੀਲੀਆਂ ਨਾਲ ਕੁਦਰਤੀ ਪਰਿਵਰਤਨ ਦੀ ਪ੍ਰਕਿਰਿਆ ਵਿੱਚ ਵਿਘਨ ਪੈਂਦਾ ਹੈ, ਜਿਹੜਾ ਕਿ ਪੂਰੀ ਪ੍ਰਕਿਰਿਆ ਦੀ ਸਥਿਰਤਾ ਨੂੰ ਖਤਰੇ ਵਿੱਚ ਪਾ ਸਕਦਾ ਹੈ।

ਇਸ ਸਭ ਦੇ ਨਾਲ ਗਲੋਬਲ ਵਾਰਮਿੰਗ ਦਾ ਮਨੁੱਖੀ ਸਿਹਤ ਉੱਤੇ ਵੀ ਗੰਭੀਰ ਪ੍ਰਭਾਵ ਹੈ। ਵਧਦੇ ਤਾਪਮਾਨ ਨਾਲ ਬਿਮਾਰੀਆਂ, ਜਿਵੇਂ ਕਿ ਮਲੇਰੀਆ ਅਤੇ ਡੇਂਗੂ ਦੇ ਫੈਲਣ ਦੀ ਸੰਭਾਵਨਾ ਵਧ ਜਾਂਦੀ ਹੈ। ਇਨਫੈਕਸ਼ਨਜ਼ ਦੇ ਫੈਲਣ ਨਾਲ ਸਿਹਤ ਸੇਵਾਵਾਂ ਉੱਤੇ ਭਾਰੀ ਦਬਾਅ ਪੈਂਦਾ ਹੈ ਅਤੇ ਆਰਥਿਕਤਾ ਨੂੰ ਨੁਕਸਾਨ ਪਹੁੰਚਦਾ ਹੈ।

**ਗਲੋਬਲ ਵਾਰਮਿੰਗ ਤੋਂ ਕਿਵੇਂ ਬਚਾਅ ਕੀਤਾ ਜਾ ਸਕਦੈ ?**

ਗਲੋਬਲ ਵਾਰਮਿੰਗ ਤੋਂ ਬਚਾਅ ਲਈ ਕੁਝ ਮਹੱਤਵਪੂਰਨ ਕਦਮ ਅਪਣਾਏ ਜਾ ਸਕਦੇ ਹਨ। ਸਭ ਤੋਂ ਪਹਿਲਾਂ, ਸਾਨੂੰ ਨਵੀਨ ਊਰਜਾ ਸਰੋਤਾਂ; ਜਿਵੇਂ ਕਿ ਸੂਰਜੀ, ਹਵਾ ਅਤੇ ਜਲ ਊਰਜਾ ਦੀ ਵਰਤੋਂ ਵਧਾਉਣੀ ਚਾਹੀਦੀ ਹੈ। ਇਹ ਸਰੋਤ ਪਰੰਪਰਾਗਤ ਜੀਵਾਸਮ ਬਾਲਣਾਂ ਦਾ ਬਦਲ ਹੋ ਸਕਦੇ ਹਨ ਅਤੇ ਕਾਰਬਨ ਡਾਈਆਕਸਾਈਡ ਦੀ ਨਿਕਾਸੀ ਨੂੰ ਘਟਾਉਣ ਵਿੱਚ ਮਦਦ ਕਰ ਸਕਦੇ ਹਨ। ਇਸ ਤੋਂ ਇਲਾਵਾ ਸਾਡੀ ਯਾਤਰਾ ਦੇ ਢੰਗ ਨੂੰ ਬਦਲਣਾ ਵੀ ਬਹੁਤ ਮਹੱਤਵਪੂਰਨ ਹੈ। ਵਾਹਨਾਂ ਦੀ ਵਰਤੋਂ ਘਟਾ ਕੇ, ਪਬਲਿਕ ਟਰਾਂਸਪੋਰਟ, ਇਲੈਕਟ੍ਰਿਕ ਕਾਰਾਂ, ਸਾਈਕਲਾਂ ਅਤੇ ਕਾਰਪੂਲਿੰਗ ਨੂੰ ਪ੍ਰਮੋਟ ਕਰਕੇ ਹਰੇਕ ਤਰ੍ਹਾਂ ਦੀਆਂ ਗੈਸਾਂ ਦੀ ਨਿਕਾਸੀ ਨੂੰ ਘਟਾਇਆ ਜਾ ਸਕਦਾ ਹੈ। ਤੀਜਾ, ਸਾਨੂੰ ਦਰੱਖਤਾਂ ਨੂੰ ਕੱਟਣਾ ਘੱਟ ਕਰਨਾ ਚਾਹੀਦਾ ਹੈ ਅਤੇ ਮੌਜੂਦਾ ਜੰਗਲਾਂ ਦੀ ਸੁਰੱਖਿਆ ਕਰਨੀ ਚਾਹੀਦੀ ਹੈ, ਕਿਉਂਕਿ ਪੌਦੇ ਕਾਰਬਨ ਡਾਈਆਕਸਾਈਡ ਨੂੰ ਜਜ਼ਬ ਕਰਦੇ ਹਨ ਅਤੇ ਆਕਸੀਜਨ ਛੱਡਦੇ ਹਨ, ਜਿਸ ਨਾਲ ਵਾਤਾਵਰਣ ਸਾਫ-ਸੁਥਰਾ ਰਹਿੰਦਾ ਹੈ। ਸਥਿਰ ਖੇਤੀਬਾੜੀ ਪ੍ਰਕਿਰਿਆਵਾਂ ਨੂੰ ਅਪਣਾਉਣਾ ਅਤੇ ਖੇਤੀਬਾੜੀ ਵਿੱਚ ਰਸਾਇਣਾਂ ਦੀ ਵਰਤੋਂ ਨੂੰ ਘਟਾਉਣਾ ਵੀ ਪਰਿਵਰਤਨਕਾਰੀ ਹੋ ਸਕਦਾ ਹੈ।

ਇਸ ਦੇ ਨਾਲ-ਨਾਲ ਸਾਕਾਹਾਰੀ ਭੋਜਨ ਦੀ ਚੋਣ ਕਰਨਾ ਅਤੇ ਮਾਸਾਹਾਰੀ ਭੋਜਨ ਦੀ ਵਰਤੋਂ ਵਿੱਚ ਕਟੌਤੀ ਕਰਨ ਨਾਲ ਵੀ ਹਰੇਕ ਗੈਸਾਂ ਦੀ ਨਿਕਾਸੀ ਨੂੰ ਘਟਾਇਆ ਜਾ ਸਕਦਾ ਹੈ। ਘਰਾਂ ਅਤੇ ਦਫਤਰਾਂ ਵਿੱਚ ਉੱਚ ਕੁਸ਼ਲਤਾ ਵਾਲੇ ਉਪਕਰਣਾਂ ਦੀ ਵਰਤੋਂ ਕਰਕੇ ਊਰਜਾ ਦੀ ਬਚਤ ਕੀਤੀ ਜਾ ਸਕਦੀ ਹੈ। ਸਖਤ ਵਾਤਾਵਰਣਿਕ ਨੀਤੀਆਂ ਅਤੇ ਕਾਨੂੰਨਾਂ ਨੂੰ ਲਾਗੂ ਕਰਨਾ, ਨਵੀਨ ਊਰਜਾ ਪ੍ਰਾਜੈਕਟਾਂ ਨੂੰ ਸਬਸਿਡੀ ਦੇਣਾ ਵੀ ਬਹੁਤ ਜ਼ਰੂਰੀ ਹੈ। ਇਸ ਤੋਂ ਇਲਾਵਾ ਕਚਰੇ ਦੀ ਰੀਸਾਈਕਲਿੰਗ, ਬਿਜਲੀ ਅਤੇ ਪਾਣੀ ਦੀ ਬਚਤ ਅਤੇ ਸਮਾਜ ਵਿੱਚ ਜਾਗਰੂਕਤਾ ਫੈਲਾਉਣ ਲਈ ਸਿੱਖਿਆ ਅਤੇ ਜਾਗਰੂਕਤਾ ਅਭਿਆਨਾਂ ਦਾ ਆਯੋਜਨ ਕਰਨਾ ਚਾਹੀਦਾ ਹੈ। ਇਹ ਸਾਰੇ ਯਤਨ ਮਿਲ ਕੇ ਗਲੋਬਲ ਵਾਰਮਿੰਗ ਨੂੰ ਰੋਕਣ ਅਤੇ ਧਰਤੀ ਨੂੰ ਬਚਾਉਣ ਵਿੱਚ ਮਦਦਗਾਰ ਹੋ ਸਕਦੇ ਹਨ।

***#ਸੰਪਰਕ : 70098-07121***

# ਭਾਰਤ 'ਚ ਪ੍ਰਦੂਸ਼ਣ ਕਾਰਨ ਹਰ ਸਾਲ ਲੱਖਾਂ ਬੱਚਿਆਂ ਦੀ ਮੌਤ

**ਅਮਰਪਾਲ ਸਿੰਘ ਵਰਮਾ**

ਹਵਾ ਪ੍ਰਦੂਸ਼ਣ ਬਾਰੇ ਤਾਜ਼ਾ ਰਿਪੋਰਟ ਡਰਾਉਣੀ ਹੈ। ਹੈਲਥ ਇਫੈਕਟਸ ਇੰਸਟੀਚਿਊਟ (ਏ.ਈ.ਆਈ.) ਦੀ ਸਟੇਟ ਆਫ ਦਿ ਗਲੋਬਲ ਏਅਰ-2024 ਰਿਪੋਰਟ, ਜੋ ਕਿ ਯੂਨੀਸੇਫ ਨਾਲ ਮਿਲ ਕੇ ਬਣਾਈ ਗਈ ਹੈ, ਨਾ ਸਿਰਫ ਹਵਾ ਪ੍ਰਦੂਸਣ ਦੇ ਲਗਾਤਾਰ ਵਧਦੇ ਖਤਰਿਆਂ ਬਾਰੇ ਚੇਤਾਵਨੀ ਦੇ ਰਹੀ ਹੈ, ਸਗੋਂ ਇਸ ਤੋਂ ਬਚਣ ਲਈ ਉਪਾਅ ਕਰਨ 'ਤੇ ਵੀ ਜ਼ੋਰ ਦੇ ਰਹੀ ਹੈ। ਇਸ ਰਿਪੋਰਟ ਦੇ ਅਨੁਸਾਰ ਭਾਰਤ ਵਿੱਚ 2021 ਵਿੱਚ, 5 ਸਾਲ ਤੋਂ ਘੱਟ ਉਮਰ ਦੇ ਲੱਗਭੱਗ 1.6 ਲੱਖ ਬੱਚੇ ਹਵਾ ਪ੍ਰਦੂਸ਼ਣ ਨਾਲ ਜੁੜੀਆਂ ਬਿਮਾਰੀਆਂ ਕਾਰਨ ਆਪਣੀ ਜਾਨ ਗੁਆ ਚੁੱਕੇ ਹਨ।

ਸਾਡੇ ਆਲੇ-ਦੁਆਲੇ ਵੱਡੀਆਂ-ਵੱਡੀਆਂ ਫੈਕਟਰੀਆਂ, ਛੋਟੇ ਕਾਰਖਾਨੇ, ਵਾਹਨ, ਇੱਟਾਂ ਦੇ ਭੱਠਿਆਂ ਆਦਿ ਕਾਰਨ ਹਵਾ ਪ੍ਰਦੂਸ਼ਣ ਲਗਾਤਾਰ ਵਧ ਰਿਹਾ ਹੈ। ਕੋਈ ਵੀ ਪਿੰਡ ਜਾਂ ਸ਼ਹਿਰ ਇਸ ਤੋਂ ਅਛੂਤਾ ਨਹੀਂ ਰਿਹਾ। ਜ਼ਿਆਦਾਤਰ ਲੋਕ ਹਵਾ ਪ੍ਰਦੂਸ਼ਣ ਦੇ ਖਤਰਿਆਂ ਤੋਂ ਅਣਜਾਣ ਹਨ, ਪਰ ਜਿਹੜੇ ਲੋਕ ਇਸ ਬਾਰੇ ਅਤੇ ਇਸ ਦੇ ਮਾੜੇ ਪ੍ਰਭਾਵਾਂ ਨੂੰ ਜਾਣਦੇ ਹਨ, ਉਹ ਆਮ ਤੌਰ 'ਤੇ ਉਨ੍ਹਾਂ ਨੂੰ ਨਜ਼ਰ-ਅੰਦਾਜ਼ ਕਰਦੇ ਹਨ। ਅਸੀਂ ਹਵਾ ਪ੍ਰਦੂਸ਼ਣ ਦੇ ਮਾੜੇ ਪ੍ਰਭਾਵਾਂ ਨੂੰ ਮਹਿਸੂਸ ਕਰਦੇ ਹਾਂ, ਪਰ ਮਾਸੂਮ ਬੱਚੇ ਇਹ ਨਹੀਂ ਸਮਝ ਸਕਦੇ ਕਿ ਕੀ ਹੋ ਰਿਹਾ ਹੈ। ਅਜਿਹੇ ਬੱਚਿਆਂ ਦੀ ਗਿਣਤੀ ਵਧਦੀ ਜਾ ਰਹੀ ਹੈ, ਜੋ ਪਹਿਲਾਂ ਬਿਮਾਰ ਹੁੰਦੇ ਹਨ ਅਤੇ ਫਿਰ ਛੋਟੀ ਉਮਰ ਵਿੱਚ ਹੀ ਮਰ ਜਾਂਦੇ ਹਨ।

ਸਮੇਂ ਤੋਂ ਪਹਿਲਾਂ ਜਨਮ, ਘੱਟ ਵਜ਼ਨ, ਬੱਚਿਆਂ ਵਿੱਚ ਦਮਾ ਅਤੇ ਫੇਫੜਿਆਂ ਦੀਆਂ ਬਿਮਾਰੀਆਂ ਪ੍ਰਦੂਸ਼ਣ ਨਾਲ ਸਬੰਧਤ ਸਿਹਤ ਪ੍ਰਭਾਵਾਂ ਕਾਰਨ ਵਧ ਰਹੀਆਂ ਹਨ। ਇਹ ਰਿਪੋਰਟ ਦੱਸਦੀ ਹੈ ਕਿ ਸਾਡੇ ਦੇਸ਼ ਵਿੱਚ ਹਵਾ ਪ੍ਰਦੂਸ਼ਣ ਕਿਵੇਂ ਵਧ ਰਿਹਾ ਹੈ। ਇਸ ਰਿਪੋਰਟ ਮੁਤਾਬਕ ਭਾਰਤ ਦੁਨੀਆ ਦੇ 10 ਹਵਾ ਪ੍ਰਦੂਸ਼ਤ ਦੇਸ਼ਾਂ 'ਚੋਂ ਤੀਜੇ ਸਥਾਨ 'ਤੇ ਪਹੁੰਚ ਗਿਆ ਹੈ। ਵਿਸ਼ਵ ਸਿਹਤ ਸੰਗਠਨ ਦੇ ਹਵਾ ਗੁਣਵੱਤਾ ਦਿਸ਼ਾ-ਨਿਰਦੇਸ਼ਾਂ ਅਨੁਸਾਰ ਦੇਸ਼ ਦੇ 83 ਸ਼ਹਿਰਾਂ ਦੀ ਹਵਾ ਖਰਾਬ ਹੈ।

ਰਿਪੋਰਟ ਮੁਤਾਬਕ ਸਾਲ 2021 'ਚ ਦੁਨੀਆ 'ਚ ਹਵਾ ਪ੍ਰਦੂਸ਼ਣ ਕਾਰਨ 80 ਲੱਖ ਤੋਂ ਜ਼ਿਆਦਾ ਲੋਕਾਂ ਦੀ ਮੌਤ ਹੋ ਚੁੱਕੀ ਹੈ, ਜਿਸ 'ਚ ਭਾਰਤ 'ਚ 21 ਲੱਖ ਅਤੇ ਚੀਨ 'ਚ 23 ਲੱਖ ਲੋਕਾਂ ਦੀ ਮੌਤ ਸ਼ਾਮਲ ਹੈ। ਇਹ ਬਹੁਤ ਚਿੰਤਾ ਦੀ ਗੱਲ ਹੈ ਕਿ ਵਧ ਰਿਹਾ ਪ੍ਰਦੂਸ਼ਣ ਬੱਚਿਆਂ ਲਈ ਘਾਤਕ ਸਿੱਧ ਹੋ ਰਿਹਾ ਹੈ। ਸਾਲ 2021 ਵਿੱਚ ਭਾਰਤੀ ਬੱਚੇ ਹਵਾ ਪ੍ਰਦੂਸਣ ਦਾ ਸਭ ਤੋਂ ਵੱਧ ਸ਼ਿਕਾਰ ਹੋਏ ਹਨ। ਸਾਲ 2021 ਵਿੱਚ ਭਾਰਤ ਵਿੱਚ 169,400 ਬੱਚਿਆਂ ਦੀ ਮੌਤ ਪ੍ਰਦੂਸਣ ਕਾਰਨ ਹੋਈ ਹੈ। ਇਸ ਦੇ ਮੁਕਾਬਲੇ ਨਾਈਜੀਰੀਆ 'ਚ 114,100, ਪਾਕਿਸਤਾਨ 'ਚ 68,100, ਇਥੋਪੀਆ 'ਚ 31,100 ਅਤੇ ਬੰਗਲਾਦੇਸ਼ 'ਚ 19,100 ਬੱਚਿਆਂ ਨੂੰ ਵਧਦੇ ਪ੍ਰਦੂਸ਼ਣ ਦੀ ਕੀਮਤ ਆਪਣੀ ਜਾਨ ਦੇ ਨਾਲ ਚੁਕਾਉਣੀ ਪਈ ਹੈ। ਸਾਲ 2021 ਵਿੱਚ, ਪ੍ਰਦੂਸ਼ਿਤ ਹਵਾ ਕਾਰਨ ਦੁਨੀਆ ਭਰ ਵਿੱਚ 5 ਸਾਲ ਤੋਂ ਘੱਟ ਉਮਰ ਦੇ 7 ਲੱਖ ਤੋਂ ਵੱਧ ਬੱਚਿਆਂ ਦੀ ਮੌਤ ਹੋ ਗਈ। ਚਿੰਤਾਜਨਕ ਅੰਕੜਾ ਇਹ ਹੈ ਕਿ 2021 ਵਿੱਚ 5 ਸਾਲ ਤੋਂ ਘੱਟ ਉਮਰ ਦੇ 2,60,600 ਤੋਂ ਵੱਧ ਬੱਚਿਆਂ ਦੀ ਮੌਤ ਹਵਾ ਪ੍ਰਦੂਸ਼ਣ ਦੇ ਸੰਪਰਕ ਵਿੱਚ ਹੋਈ, ਜੋ ਕਿ ਦੱਖਣੀ ਏਸ਼ੀਆ ਵਿੱਚ ਇਸ ਉਮਰ ਸਮੂਹ ਦੇ ਬੱਚਿਆਂ ਲਈ ਮੌਤ ਦੇ ਸਭ ਤੋਂ ਵੱਡੇ ਕਾਰਨ ਵਜੋਂ ਕੁਪੋਸ਼ਣ ਤੋਂ ਬਾਅਦ ਦੂਜੇ ਨੰਬਰ 'ਤੇ ਹੈ, ਇਹ ਰਿਪੋਰਟ ਦੱਸਦੀ ਹੈ ਕਿ ਬੱਚੇ ਹਵਾ ਪ੍ਰਦੂਸ਼ਣ ਤੋਂ ਸਭ ਤੋਂ ਵੱਧ ਪ੍ਰਭਾਵਿਤ ਹੋ ਰਹੇ ਹਨ। ਬੱਚੇ ਹਵਾ ਪ੍ਰਦੂਸ਼ਣ ਕਾਰਨ ਹੋਣ ਵਾਲੀਆਂ ਬਿਮਾਰੀਆਂ ਪ੍ਰਤੀ ਬੇਹੱਦ ਸੰਵੇਦਨਸ਼ੀਲ ਹੁੰਦੇ ਹਨ। ਹਵਾ ਪ੍ਰਦੂਸ਼ਣ ਕਾਰਨ ਹੋਣ ਵਾਲੇ ਨੁਕਸਾਨ ਦਾ ਖਮਿਆਜ਼ਾ ਬੱਚਿਆਂ ਨੂੰ ਮਾਂ ਦੀ ਕੁੱਖ 'ਚ ਵੀ ਭੁਗਤਣਾ ਪੈ ਸਕਦਾ ਹੈ ਅਤੇ ਇਸ ਦੇ ਸਿਹਤ 'ਤੇ ਮਾੜੇ ਪ੍ਰਭਾਵ ਉਮਰ ਭਰ ਭੁਗਤਣੇ ਪੈ ਸਕਦੇ ਹਨ। ਇਸ ਕਾਰਨ ਬੱਚਿਆਂ ਨੂੰ ਸਮੇਂ ਤੋਂ ਪਹਿਲਾਂ ਜਨਮ ਲੈਣਾ ਪੈ ਸਕਦਾ ਹੈ, ਉਨ੍ਹਾਂ ਦਾ ਭਾਰ ਘਟ ਸਕਦਾ ਹੈ, ਉਹ ਦਮੇ ਅਤੇ ਫੇਫੜਿਆਂ ਦੀਆਂ ਬਿਮਾਰੀਆਂ ਦਾ ਸ਼ਿਕਾਰ ਹੋ ਸਕਦੇ ਹਨ। ਹਵਾ ਪ੍ਰਦੂਸ਼ਣ ਦੁਨੀਆ ਭਰ ਵਿੱਚ ਨਵਜੰਮੇ ਬੱਚਿਆਂ ਦੀ 20 ਪ੍ਰਤੀਸ਼ਤ ਮੌਤਾਂ ਦਾ ਕਾਰਨ ਬਣਦਾ ਹੈ, ਜ਼ਿਆਦਾਤਰ ਕੇਸ ਘੱਟ ਜਨਮ ਵਜ਼ਨ ਅਤੇ ਸਮੇਂ ਤੋਂ ਪਹਿਲਾਂ ਜਨਮ ਦੀਆਂ ਪੇਚੀਦਗੀਆਂ ਨਾਲ ਸੰਬੰਧਤ ਹਨ।

ਪ੍ਰਦੂਸ਼ਿਤ ਹਵਾ ਕਾਰਨ ਲੱਖਾਂ ਲੋਕ ਸਾਹ ਦੀਆਂ ਬਿਮਾਰੀਆਂ ਤੋਂ ਪੀੜਤ ਹਨ। ਇਨ੍ਹਾਂ ਬਿਮਾਰੀਆਂ ਦਾ ਇਲਾਜ ਕਰਨਾ ਬਹੁਤ ਮਹਿੰਗਾ ਹੈ, ਜਿਸ ਨਾਲ ਹਸਪਤਾਲਾਂ, ਆਰਥਿਕਤਾ ਅਤੇ ਸਮੁੱਚੇ ਸਮਾਜ 'ਤੇ ਬੋਝ ਪੈਂਦਾ ਹੈ। ਪੰਜ ਸਾਲ ਤੋਂ ਘੱਟ ਉਮਰ ਦੇ ਬੱਚੇ ਪ੍ਰਦੂਸ਼ਿਤ ਹਵਾ ਦਾ ਸਭ ਤੋਂ ਵੱਧ ਸ਼ਿਕਾਰ ਹੁੰਦੇ ਹਨ।

ਸਾਡੇ ਦੇਸ਼ ਵਿੱਚ ਬੱਚਿਆਂ ਵਿੱਚ ਫੇਫੜਿਆਂ ਦੀ ਲਾਗ ਭਾਵ ਨਮੂਨੀਆ ਆਮ ਗੱਲ ਹੈ, ਪਰ ਕਿੰਨੇ ਲੋਕ ਇਸਦੇ ਲਈ ਆਪਣੇ ਆਲੇ-ਦੁਆਲੇ ਦੇ ਹਵਾ ਪ੍ਰਦੂਸ਼ਣ ਨੂੰ ਜ਼ਿੰਮੇਵਾਰ ਮੰਨਦੇ ਹਨ? ਬਹੁਤੇ ਲੋਕ ਹਵਾ ਪ੍ਰਦੂਸ਼ਣ ਵੱਲ ਧਿਆਨ ਨਹੀਂ ਦਿੰਦੇ। ਦੁਨੀਆ ਵਿੱਚ ਹਰ ਪੰਜ ਵਿੱਚੋਂ ਇੱਕ ਬੱਚੇ ਦੀ ਮੌਤ ਨਮੂਨੀਆ ਕਾਰਨ ਹੁੰਦੀ ਹੈ। ਪ੍ਰਦੂਸ਼ਿਤ ਵਾਤਾਵਰਨ ਵਿੱਚ ਰਹਿਣ ਵਾਲੇ ਬੱਚਿਆਂ ਦੇ ਫੇਫੜਿਆਂ ਦੀ ਸਮਰੱਥਾ 20 ਫੀਸਦੀ ਤੱਕ ਘਟ ਸਕਦੀ ਹੈ। ਇਹ ਸਿਗਰੇਟ ਦੇ ਧੂੰਏਂ ਵਾਲੇ ਘਰ ਵਿੱਚ ਵੱਡੇ ਹੋਣ ਦੇ ਪ੍ਰਭਾਵ ਦੇ ਸਮਾਨ ਹੈ। ਹਵਾ ਪ੍ਰਦੂਸ਼ਣ ਨਮੂਨੀਆ ਨਾਲ ਜੁੜਿਆ ਹੋਇਆ ਹੈ, ਵਿਸ਼ਵ ਪੱਧਰ 'ਤੇ ਬੱਚਿਆਂ ਵਿੱਚ ਮੌਤ ਦਾ ਪ੍ਰਮੁੱਖ ਛੂਤ ਕਾਰਨ ਹੈ। ਪ੍ਰਦੂਸ਼ਿਤ ਹਵਾ ਵੱਡੀ ਉਮਰ ਦੇ ਬੱਚਿਆਂ ਵਿੱਚ ਦਮਾ, ਸਭ ਤੋਂ ਆਮ ਸਾਹ ਦੀ ਬਿਮਾਰੀ ਦਾ ਕਾਰਨ ਬਣਦੀ ਹੈ।

ਯੂਨੀਸੈਫ ਦੇ ਅਨੁਸਾਰ ਹਵਾ ਪ੍ਰਦੂਸ਼ਣ ਗਰੀਬੀ ਵਿੱਚ ਰਹਿ ਰਹੇ ਬੱਚਿਆਂ ਨੂੰ ਅਸਮਾਨ ਤੌਰ 'ਤੇ ਨੁਕਸਾਨ ਪਹੁੰਚਾਉਂਦਾ ਹੈ ਅਤੇ ਘੱਟ ਅਤੇ ਮੱਧ ਆਮਦਨੀ ਵਾਲੇ ਦੇਸ਼ਾਂ ਵਿੱਚ ਜ਼ਿਆਦਾਤਰ ਬਿਮਾਰੀਆਂ ਅਤੇ ਸਮੇਂ ਤੋਂ ਪਹਿਲਾਂ ਮੌਤਾਂ ਲਈ ਜ਼ਿੰਮੇਵਾਰ ਹੈ। ਗਰੀਬੀ ਲੋਕਾਂ ਨੂੰ ਖਾਣਾ ਪਕਾਉਣ ਲਈ, ਪ੍ਰਦੂਸ਼ਿਤ ਈਂਧਨ ਅਤੇ ਉਪਕਰਣਾਂ ਦੀ ਵਰਤੋਂ ਕਰਨ ਲਈ ਮਜਬੂਰ ਕਰਦੀ ਹੈ, ਜੋ ਕਿ ਅੰਦਰੂਨੀ ਹਵਾ ਪ੍ਰਦੂਸ਼ਣ ਦਾ ਇੱਕ ਵੱਡਾ ਸਰੋਤ ਬਣਿਆ ਹੋਇਆ ਹੈ। ਬਾਹਰੀ ਹਵਾ ਪ੍ਰਦੂਸ਼ਣ ਦੇ ਸਭ ਤੋਂ ਮਾੜੇ ਸਰੋਤ, ਜਿਵੇਂ ਕਿ ਪਾਵਰ ਪਲਾਂਟ, ਫੈਕਟਰੀਆਂ ਅਤੇ ਵਿਅਸਤ ਸੜਕਾਂ, ਅਕਸਰ ਗਰੀਬ ਭਾਈਚਾਰਿਆਂ ਦੇ ਨੇੜੇ ਸਥਿਤ ਹੁੰਦੀਆਂ ਹਨ। ਘੱਟ ਗੁਣਵੱਤਾ ਵਾਲੇ ਮਕਾਨਾਂ ਅਤੇ ਅਸਥਾਈ ਬਸਤੀਆਂ ਵਿੱਚ ਰਹਿਣ ਵਾਲੇ ਲੋਕ ਵੀ ਹਵਾ ਪ੍ਰਦੂਸ਼ਣ ਤੋਂ ਪ੍ਰਭਾਵਿਤ ਹੁੰਦੇ ਹਨ।

ਬਾਰਸੀਲੋਨਾ ਇੰਸਟੀਚਿਊਟ ਫਾਰ ਗਲੋਬਲ ਹੈਲਥ ਨਾਲ ਜੁੜੇ ਖੋਜਕਾਰਾਂ ਵੱਲੋਂ ਕੀਤੇ ਗਏ ਅਧਿਐਨ ਤੋਂ ਪਤਾ ਚੱਲਦਾ ਹੈ ਕਿ ਹਵਾ ਪ੍ਰਦੂਸ਼ਣ ਕਾਰਨ ਸਾਡੇ ਬੱਚੇ ਮਾਨਸਿਕ ਤੌਰ 'ਤੇ ਕਮਜ਼ੋਰ ਹੋ ਰਹੇ ਹਨ। ਪ੍ਰਦੂਸ਼ਣ ਕਾਰਨ ਉਨ੍ਹਾਂ ਦੀ ਬੌਧਿਕਤਾ ਅਤੇ ਧਿਆਨ ਕੇਂਦਰਿਤ ਕਰਨ ਦੀ ਸਮਰੱਥਾ 'ਤੇ ਮਾੜਾ ਅਸਰ ਪੈ ਰਿਹਾ ਹੈ। ਗਰਭ ਅਵਸਥਾ ਅਤੇ ਸ਼ੁਰੂਆਤੀ ਬਚਪਨ ਦੌਰਾਨ ਪ੍ਰਦੂਸ਼ਿਤ ਹਵਾ ਵਿੱਚ ਸਾਹ ਲੈਣ ਨਾਲ ਦਿਮਾਗ ਦੇ ਵਿਕਾਸ 'ਤੇ ਮਾੜਾ ਪ੍ਰਭਾਵ ਪੈ ਸਕਦਾ ਹੈ।

ਵੱਡਾ ਸਵਾਲ ਇਹ ਹੈ ਕਿ ਅਸੀਂ ਆਪਣੇ ਬੱਚਿਆਂ ਨੂੰ ਹਵਾ ਪ੍ਰਦੂਸ਼ਣ ਤੋਂ ਕਿਵੇਂ ਬਚਾ ਸਕਦੇ ਹਾਂ? ਯੂਨੀਸੈਫ ਨੇ ਇਸ ਸੰਬੰਧ ਵਿਚ ਕਈ ਸੁਝਾਅ ਦਿੱਤੇ ਹਨ। ਯੂਨੀਸੈਫ ਦੀਆਂ ਸਿਫਾਰਸ਼ਾਂ ਅਨੁਸਾਰ ਜਦੋਂ ਹਵਾ ਪ੍ਰਦੂਸ਼ਣ ਦਾ ਪੱਧਰ ਉੱਚਾ ਹੁੰਦਾ ਹੈ ਤਾਂ ਬੱਚਿਆਂ ਨੂੰ ਘਰ ਦੇ ਅੰਦਰ ਹੀ ਰੱਖਿਆ ਜਾਣਾ ਚਾਹੀਦਾ ਹੈ। ਜੇਕਰ ਉਨ੍ਹਾਂ ਨੂੰ ਬਾਹਰ ਜਾਣਾ ਹੈ ਤਾਂ ਉਨ੍ਹਾਂ ਨੂੰ ਫਿਲਟਰਿੰਗ ਅਤੇ ਚੰਗੀ ਤਰ੍ਹਾਂ ਫਿਟਿੰਗ ਮਾਸਕ ਨਾਲ ਸੁਰੱਖਿਅਤ ਕੀਤਾ ਜਾਣਾ ਚਾਹੀਦਾ ਹੈ। ਜੇਕਰ ਸੰਭਵ ਹੋਵੇ ਤਾਂ ਘਰ ਦੀਆਂ ਖਿੜਕੀਆਂ ਵਿੱਚ ਏਅਰ ਫਿਲਟਰ ਲਗਾਓ। ਜਦੋਂ ਵੀ ਸੰਭਵ ਹੋਵੇ, ਖਾਣਾ ਪਕਾਉਣ, ਘਰ ਨੂੰ ਗਰਮ ਕਰਨ ਅਤੇ ਰੋਸ਼ਨੀ ਲਈ ਸਾਫ ਈਂਧਨ ਅਤੇ ਤਕਨਾਲੋਜੀਆਂ ਦੀ ਵਰਤੋਂ ਕਰੋ। ਬੱਚਿਆਂ ਨੂੰ ਵਿਟਾਮਿਨ ਸੀ, ਈ ਅਤੇ ਓਮੇਗਾ-3 ਐਂਟੀਆਕਸੀਡੈਂਟ ਨਾਲ ਭਰਪੂਰ ਭੋਜਨ ਅਤੇ ਪੀਣ ਵਾਲੇ ਪਦਾਰਥ ਪ੍ਰਦਾਨ ਕਰੋ।

ਯੂਨੀਸੈਫ ਦੇ ਇਹ ਸੁਝਾਅ ਆਪਣੀ ਥਾਂ ਸਹੀ ਹਨ, ਪਰ ਭਾਰਤ ਦੇ ਕਰੋੜਾਂ ਲੋਕਾਂ ਨੂੰ ਦੋ ਵਕਤ ਦਾ ਭੋਜਨ ਪ੍ਰਾਪਤ ਕਰਨ ਲਈ ਸੰਘਰਸ਼ ਕਰਨਾ ਪੈਂਦਾ ਹੈ, ਉਨ੍ਹਾਂ ਲੋਕਾਂ ਲਈ, ਬੱਚਿਆਂ ਲਈ ਮਾਸਕ, ਖਿੜਕੀਆਂ 'ਤੇ ਏਅਰ ਫਿਲਟਰ ਦਾ ਪ੍ਰਬੰਧ, ਖਾਣਾ ਬਣਾਉਣ, ਘਰ ਨੂੰ ਗਰਮ ਕਰਨ ਅਤੇ ਰੌਸ਼ਨੀ ਲਈ ਸਾਫ ਈਂਧਨ ਅਤੇ ਤਕਨਾਲੋਜੀਆਂ ਦੀ ਵਰਤੋਂ ਕਰਨਾ ਇੱਕ ਸੁਪਨੇ ਵਰਗਾ ਹੈ।

ਹਵਾ ਪ੍ਰਦੂਸ਼ਣ ਨੂੰ ਰੋਕਣ ਲਈ ਸਰਕਾਰਾਂ, ਆਮ ਲੋਕਾਂ ਅਤੇ ਉਦਯੋਗਿਕ ਅਦਾਰਿਆਂ ਨੂੰ ਮਿਲ ਕੇ ਕੰਮ ਕਰਨਾ ਹੋਵੇਗਾ। ਇਸ ਵਿੱਚ ਸਰਕਾਰਾਂ ਦੀ ਵੀ ਵੱਡੀ ਜ਼ਿੰਮੇਵਾਰੀ ਹੈ। ਜਦੋਂ ਤੱਕ ਸਰਕਾਰਾਂ ਹਵਾ ਪ੍ਰਦੂਸ਼ਣ ਨਾਲ ਹੋਣ ਵਾਲੀਆਂ ਬਿਮਾਰੀਆਂ ਦਾ ਪਤਾ ਲਗਾਉਣ, ਰੋਕਥਾਮ ਅਤੇ ਇਲਾਜ ਕਰਨ ਲਈ ਸਿਹਤ ਖੇਤਰ ਦੀ ਸਮਰੱਥਾ ਦਾ ਨਿਰਮਾਣ ਨਹੀਂ ਕਰਦੀਆਂ, ਪ੍ਰਦੂਸ਼ਣ ਨਾਲ ਹੋਣ ਵਾਲੀਆਂ ਮੌਤਾਂ ਜਾਰੀ ਰਹਿਣਗੀਆਂ। ਇਸੇ ਤਰ੍ਹਾਂ ਹਵਾ ਦੀ ਗੁਣਵੱਤਾ ਨਿਗਰਾਨੀ ਪ੍ਰਣਾਲੀਆਂ ਦੀ ਸਥਾਪਨਾ ਅਤੇ ਸਾਂਭ-ਸੰਭਾਲ ਲਈ ਅਤੇ ਜਨਤਾ ਨੂੰ ਇਸ ਬਾਰੇ ਜਾਗਰੂਕ ਕਰਨ ਲਈ ਜ਼ਰੂਰੀ ਕਦਮ ਚੁੱਕਣੇ ਪੈਣਗੇ।

ਯੂਨੀਸੈਫ ਵਰਗੀਆਂ ਸੰਸਥਾਵਾਂ ਸੁਝਾਅ ਦਿੰਦੀਆਂ ਹਨ ਕਿ ਸਰਕਾਰਾਂ ਨੂੰ ਅਭਿਲਾਸੀ ਜਲਵਾਯੂ ਅਤੇ ਵਾਤਾਵਰਨ ਨੀਤੀਆਂ ਅਤੇ ਟੀਚੇ ਨਿਰਧਾਰਤ ਕਰਨੇ ਚਾਹੀਦੇ ਹਨ, ਆਵਾਜਾਈ ਦੇ ਸਾਫ-ਸੁਥਰੇ ਢੰਗਾਂ ਨੂੰ ਅਪਣਾਉਣ ਲਈ ਕਿਫਾਇਤੀ, ਸਾਫ ਈਂਧਨ ਦੇ ਵਿਕਲਪ ਪ੍ਰਦਾਨ ਕਰਨੇ ਚਾਹੀਦੇ ਹਨ ਅਤੇ ਸਾਫ, ਕੁਸ਼ਲ ਊਰਜਾ ਅਤੇ ਆਵਾਜਾਈ ਵਿੱਚ ਤਬਦੀਲੀ ਨੂੰ ਤੇਜ਼ ਕਰਨਾ ਨੀਤੀਆਂ ਅਤੇ ਨਿਵੇਸ਼ਾਂ ਨੂੰ ਮਜ਼ਬੂਤ ਕਰਨਾ ਅਤੇ ਉੱਨਤ ਨਿਕਾਸ ਮਿਆਰਾਂ ਨੂੰ ਲਾਗੂ ਕਰਨ ਵਰਗੇ ਕਦਮ ਚੁੱਕੇ ਜਾਣੇ ਚਾਹੀਦੇ ਹਨ। ਇਸ ਦੇ ਨਾਲ ਹੀ ਵੱਧ ਤੋਂ ਵੱਧ ਰੁੱਖ ਲਗਾ ਕੇ ਪ੍ਰਦੂਸ਼ਣ ਨੂੰ ਘੱਟ ਕਰਨ ਲਈ ਕਦਮ ਚੁੱਕਣੇ ਪੈਣਗੇ, ਉਥੇ ਹੀ ਹਵਾ ਪ੍ਰਦੂਸ਼ਣ ਲਈ ਜ਼ਿੰਮੇਵਾਰੀ ਉਦਯੋਗਿਕ ਇਕਾਈਆਂ 'ਤੇ ਸ਼ਿਕੰਜਾ ਕੱਸਣਾ ਹੋਵੇਗਾ। ਇਸ ਦੀ ਅਣਹੋਂਦ ਵਿੱਚ ਹਵਾ ਪ੍ਰਦੂਸ਼ਣ ਲਗਾਤਾਰ ਵਧਦਾ ਰਹੇਗਾ ਅਤੇ ਸਾਡੇ ਬੱਚੇ ਇਸ ਦੇ ਮਾੜੇ ਪ੍ਰਭਾਵ ਭੁਗਤਣ ਲਈ ਮਜਬੂਰ ਹੋਣਗੇ।

**# ਸੰਪਰਕ : 98290-19785**

# ਜ਼ਮੀਨ 'ਤੇ ਕਬਜ਼ੇ ਨੂੰ ਲੈ ਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਲੱਠਮਾਰਾਂ ਤੇ ਮਹੰਤ ਪਰਵਾਰ ਵਿਚਾਲੇ ਖ਼ੂਨੀ ਝੜਪ

ਦੋਰਾਹਾ (ਹਰਮਿੰਦਰ ਸੇਠ)

ਪਿੰਡ ਬਿਲਾਸਪੁਰ ਵਿਖੇ ਅਣਪਛਾਤੇ ਵਿਅਕਤੀਆਂ ਵੱਲੋਂ ਪਿੰਡ ਦੇ ਇੱਕ ਮਹੰਤ ਪਰਵਾਰ ਦੀ ਜ਼ਮੀਨ ਉੱਪਰ ਕਬਜ਼ੇ ਦੀ ਕੋਸ਼ਿਸ਼ ਕੀਤੀ ਗਈ।ਮਹੰਤ ਪਰਵਾਰ ਨੇ ਦੱਸਿਆ ਕਿ ਉਨ੍ਹਾਂ ਦਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਨਾਲ ਇਸ ਜ਼ਮੀਨ ਨੂੰ ਲੈ ਕੇ ਕਾਫੀ ਲੰਮੇ ਸਮੇਂ ਤੋਂ ਵਿਵਾਦ ਚੱਲ ਰਿਹਾ ਹੈ।ਪਰਵਾਰ ਦੇ ਮੈਂਬਰਾਂ ਨੇ ਦੱਸਿਆ ਕਿ ਇਹ ਜ਼ਮੀਨ ਉਨ੍ਹਾਂ ਨੂੰ ਮਹਾਰਾਜਾ ਪਟਿਆਲਾ ਭਾਈ ਸਾਹਿਬ ਸਿੰਘ ਵੱਲੋਂ ਦਾਨ ਵਿੱਚ ਦਿੱਤੀ ਗਈ ਸੀ ਤੇ ਇਹ ਉਨ੍ਹਾਂ ਦੀ 9ਵੀਂ ਪੀੜ੍ਹੀ ਹੈ, ਜੋ ਇਸ ਜ਼ਮੀਨ ਉੱਪਰ ਖੇਤੀ ਕਰਕੇ ਆਪਣੇ ਪਰਵਾਰ ਦੇ ਮੈਂਬਰਾਂ ਦਾ ਪਾਲਣ-ਪੋਸ਼ਣ ਕਰ ਰਹੀ ਹੈ।

ਦੂਜੇ ਪਾਸੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਥੇਦਾਰਾਂ ਨੇ ਇਸ ਗੱਲ ਦਾ ਦਾਅਵਾ ਕੀਤਾ ਕਿ ਇਹ ਜ਼ਮੀਨ ਗੁਰੂ ਰਾਮਦਾਸ ਦੇ ਘਰ ਦੀ ਹੈ ਤੇ ਉਹ ਇਸ ਜ਼ਮੀਨ ਉੱਪਰ ਇੱਕ ਕੇਸ ਜਿੱਤ ਚੁੱਕੇ ਹਨ ਤੇ ਦੂਜਾ ਕੇਸ ਕੋਰਟ ਵਿੱਚ ਚੱਲ ਰਿਹਾ ਹੈ। ਇਹ ਇਨ੍ਹਾਂ ਦੀ ਆਪਣੀ ਜ਼ਮੀਨ ਹੈ, ਜਿਸ ਨੂੰ ਉਹ ਵਾਹੁਣ ਗਏ ਸਨ। ਪੱਤਰਕਾਰਾਂ ਵੱਲੋਂ ਪੁੱਛੇ ਜਾਣ 'ਤੇ ਕਿ ਜੇ ਇਹ ਵਿਵਾਦਤ ਜ਼ਮੀਨ ਹੈ ਤਾਂ ਉਹ ਆਪਣੇ ਨਾਲ ਪਿੰਡ ਦੀ ਪੰਚਾਇਤ, ਪਿੰਡ ਦੇ ਮੋਹਤਵਰ ਜਾਂ ਪ੍ਰਸ਼ਾਸਨ ਨੂੰ ਨਾਲ ਕਿਉਂ ਨਹੀਂ ਲੈ ਕੇ ਗਏ ਤਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਦੇ ਇਸ ਗੱਲ ਦਾ ਤਸੱਲੀਬਖਸ਼ ਜਵਾਬ ਨਹੀਂ ਦੇ ਸਕੇ।

ਦੂਜੇ ਪਾਸੇ ਮਹੰਤ ਪਰਵਾਰ ਨੇ ਦੋਸ਼ ਲਾਇਆ ਕਿ ਉਨਾਂ ਦਾ ਇਸ ਜ਼ਮੀਨੀ ਵਿਵਾਦ ਨੂੰ ਲੈ ਕੇ ਇੱਕ ਕੇਸ ਮਾਨਯੋਗ ਪੰਜਾਬ ਤੇ ਹਰਿਆਣਾ ਹਾਈਕੋਰਟ ਵਿੱਚ ਚੱਲ ਰਿਹਾ ਹੈ, ਜਿਸ ਦੀ ਤਰੀਕ 3 ਜੁਲਾਈ ਨੂੰ ਪੈਣੀ ਸੀ, ਪ੍ਰੰਤੂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਇਨ੍ਹਾਂ ਮੁਲਾਜ਼ਮਾਂ



ਨੇ ਜਿਨ੍ਹਾਂ ਦੀ ਗਿਣਤੀ ਤਕਰੀਬਨ 250 ਦੇ ਕਰੀਬ ਸੀ, ਜੋ ਹਥਿਆਰਬੰਦ ਸਨ, ਨੇ ਟਰੈਕਟਰਾਂ ਉੱਪਰ ਸਵਾਰ ਹੋ ਕੇ ਉਨ੍ਹਾਂ ਦੀ ਜ਼ਮੀਨ, ਜਿਸ ਵਿੱਚ ਮੂੰਗੀ ਬੀਜੀ ਹੋਈ ਸੀ, ਨੂੰ ਵਾਹੁਣ ਦੀ ਕੋਸ਼ਿਸ਼ ਕੀਤੀ, ਜਦੋਂ ਪਰਵਾਰਕ ਮੈਂਬਰਾਂ ਨੇ ਇਸ ਦਾ ਵਿਰੋਧ ਕੀਤਾ ਤਾਂ ਇਸ ਵੱਡੇ ਹਜੂਮ ਨੇ ਉਨ੍ਹਾਂ ਦੇ ਪਰਵਾਰਕ ਮੈਂਬਰਾਂ ਉੱਪਰ ਇੱਟਾਂ ਰੋੜੇ ਕਿਰਪਾਨਾਂ ਤੇ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰ ਦਿੱਤਾ, ਜਿਸ ਕਰਕੇ ਉਨ੍ਹਾਂ ਦੇ ਬਹੁਤ ਪਰਵਾਰਕ ਮੈਂਬਰ ਬੁਰੀ ਤਰ੍ਹਾਂ ਜ਼ਖਮੀ ਹੋ ਗਏ, ਜਿਨ੍ਹਾਂ ਵਿੱਚੋਂ 2 ਦੀ ਹਾਲਤ ਬਹੁਤ ਗੰਭੀਰ ਹੈ ਤੇ 1 ਨੂੰ ਐਮਰਜੈਂਸੀ ਵਿੱਚ ਰੱਖਿਆ ਹੋਇਆ ਹੈ।ਮਹੰਤ ਪਰਵਾਰ ਨੇ ਦੋਸ਼ ਲਾਇਆ ਕਿ ਕਰੌਸ ਪਰਚਾ ਕਰਾਉਣ ਦੇ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਬਹੁਤ ਸਾਰੇ ਮੁਲਾਜ਼ਮ ਖੁਦ ਆਪਣੇ ਆਪ ਸੱਟਾਂ ਮਾਰ ਕੇ ਹਸਪਤਾਲ ਵਿੱਚ ਦਾਖਲ ਹੋ ਰਹੇ ਹਨ, ਜੋ ਸਰਾਸਰ ਝੂਠ ਤੇ ਗ਼ਲਤ ਹੈ।

ਦੂਜੇ ਪਾਸੇ ਪਿੰਡ ਦੀ ਪੰਚਾਇਤ ਮੈਂਬਰਾਂ ਤੇ ਮੋਹਤਵਰਾਂ ਨੇ ਕਿਹਾ ਕਿ ਇਹ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਬਿਲਕੁਲ ਹੀ ਗੁੰਡਾਗਰਦੀ ਕੀਤੀ ਗਈ ਹੈ, ਜਿਸ ਤਰ੍ਹਾਂ ਇਹ ਹਮਲਾ ਤੇ ਗੁੰਡਾਗਰਦੀ ਦਾ ਨੰਗਾ ਨਾਚ ਕੀਤਾ ਗਿਆ ਹੈ ਅਤਿ ਨਿੰਦਣਯੋਗ ਹੈ ਕਿਉਂਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸਿੱਖਾਂ ਦੀ ਸਿਰਮੌਰ ਸੰਸਥਾਵਾਂ ਵਿੱਚੋਂ ਇੱਕ ਹੈ।ਉਨ੍ਹਾਂ ਦੱਸਿਆ ਕਿ ਵਿਵਾਦਤ ਜ਼ਮੀਨ ਉੱਪਰ ਮਹੰਤ ਪਰਵਾਰ ਦਾ ਕਈ ਪੀੜ੍ਹੀਆਂ ਤੋਂ ਕਬਜ਼ਾ ਹੈ ਤੇ ਉਹ ਇਸ ਜ਼ਮੀਨ ਉੱਪਰ ਖੇਤੀ ਕਰਕੇ ਆਪਣਾ ਜੀਵਨ ਬਸਰ ਕਰਦੇਣਆ ਰਹੇ ਹਨ।ਡੀਐਸਪੀ ਪਾਇਲ ਸ੍ਰੀ ਨਿਖ਼ਲ ਗਰਗ ਨੇ ਦੱਸਿਆ ਕਿ ਉਨ੍ਹਾਂ ਨੂੰ ਤਕਰੀਬਨ ਪੌਣੇ 10 ਵਜੇ ਦੇ ਕਰੀਬ ਇਸ ਗੱਲ ਦੀ ਸੂਚਨਾ ਮਿਲੀ ਸੀ ਕਿ ਪਿੰਡ ਬਿਲਾਸਪੁਰ ਵਿਖੇ ਜ਼ਮੀਨੀ ਵਿਵਾਦ ਨੂੰ ਲੈ ਕੇ ਇੱਕ ਝਗੜਾ ਹੋ ਗਿਆ ਹੈ।ਮੌਕੇ 'ਤੇ ਪਹੁੰਚਣ ਮਗਰੋਂ ਜੋ ਇੱਥੇ ਲੋਕਾਂ ਦਾ ਇਕੱਠ ਸੀ, ਉਹ ਖਿੱਲਰ ਗਿਆ। ਉਹਨੇ ਦੱਸਿਆ ਉਨ੍ਹਾਂ ਨੂੰ ਇਹ ਵੀ ਪਤਾ ਚੱਲਿਆ ਹੈ ਕਿ ਇਸ ਜ਼ਮੀਨ ਉੱਪਰ ਮਾਨਯੋਗ ਹਾਈਕੋਰਟ ਵਿੱਚ ਕੇਸ ਚੱਲ ਰਹੇ ਹਨ, ਜਿਸ ਨੂੰ ਵੈਰੀਫਾਈ ਕਰ ਰਹੇ ਹਨ, ਜੋ ਵੀ ਧਿਰ ਕਸੂਰਵਾਰ ਪਾਈ ਗਈ, ਉਸ ਉੱਪਰ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

## ਭੁੱਲਰਹੇੜੀ ਗਰਿੱਡ ਅੱਗੇ ਅਣਮਿੱਥੇ ਸਮੇਂ ਲਈ ਪੱਕਾ ਧਰਨਾ ਸ਼ੁਰੂ



ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)-ਭੁੱਲਰਹੇੜੀ ਗਰਿੱਡ ਨੂੰ ਜਲਦੀ ਸ਼ੁਰੂ ਕਰਨ ਤੇ ਰਹਿੰਦੇ ਟਾਵਰ ਨੂੰ ਲਵਾਉਣ ਦੀ ਮੰਗ ਨੂੰ ਲੈ ਕੇ ਕਿਸਾਨ ਜਥੇਬੰਦੀਆਂ ਵੱਲੋਂ ਭੁੱਲਰਹੇੜੀ ਗਰਿੱਡ ਵਿਖੇ ਅਣਮਿੱਥੇ ਸਮੇਂ ਲਈ ਧਰਨਾ ਸ਼ੁਰੂ ਕਰ ਦਿੱਤਾ ਗਿਆ।ਕੋਆਪ੍ਰੇਟਿਵ ਬੈਂਕ ਸੰਗਰੂਰ ਦੇ ਮੈਂਬਰ ਡਾਇਰੈਕਟਰ ਅਵਤਾਰ ਸਿੰਘ ਤਾਰੀ ਭੁੱਲਰਹੇੜੀ, ਬੀਕੇਯੂ ਰਾਜੇਵਾਲ ਦੇ ਬਲਾਕ ਪ੍ਰਧਾਨ ਭੁਪਿੰਦਰ ਸਿੰਘ, ਗੁਰਜੀਤ ਸਿੰਘ ਭੜੀ ਮਾਨਸਾ, ਇਕਾਈ ਪ੍ਰਧਾਨ ਜਸਕਰਨ ਸਿੰਘ, ਬੀਕੇਯੂ ਏਕਤਾ ਉਗਰਾਹਾਂ ਦੇ ਆਗੂ ਪਵਿੱਤਰ ਸਿੰਘ, ਸਤਵੰਤ ਸਿੰਘ ਭੱਦਲਵੜ੍ਹ, ਜਗਜੀਤ ਸਿੰਘ ਮੀਰਹੇੜੀ, ਕਿਸਾਨ ਸੰਘਰਸ਼ ਕਮੇਟੀ ਦੇ ਸਰਬਜੀਤ ਸਿੰਘ ਅਲਾਲ ਤੇ ਨਿਰਭੈ ਸਿੰਘ ਨੇ ਕਿਹਾ ਕਿ ਇੱਕ ਪਾਸੇ ਤਾਂ ਝੋਨੇ ਦੇ ਸੀਜ਼ਨ ਦੌਰਾਨ ਗਰਿੱਡ ਨੂੰ ਚਾਲੂ ਕਰਨਾ ਕਈ ਪਿੰਡਾਂ ਦੇ ਹਿੱਤ ਵਿੱਚ ਹੈ, ਪਰ ਦੂਜੇ ਪਾਸੇ ਇੱਕ ਵੱਡਾ ਸਨਅਤਕਾਰ ਆਪਣੀ ਜਗ੍ਹਾ ਵਿੱਚ ਤਾਰਾਂ ਕੱਢਣ ਲਈ ਟਾਵਰ ਲਗਾਏ ਜਾਣ ਤੋਂ ਲਗਾਤਰ ਅੜਿੱਕਾ ਬਣਿਆ ਹੋਇਆ ਹੈ।

ਆਗੂਆਂ ਨੇ ਕਿਹਾ ਕਿ ਹੁਣ ਲੋਕ ਪਾਵਰਕਾਮ ਅਧਿਕਾਰੀਆਂ ਦੇ ਲਾਰਿਆਂ ਤੋਂ ਅੱਕ ਚੁੱਕੇ ਹਨ ਤੇ ਹੁਣ ਸੰਘਰਸ਼ ਤੋਂ ਸਿਵਾਏ ਹੋਰ ਕੋਈ ਰਾਹ ਨਜ਼ਰ ਨਹੀਂ ਆ ਰਿਹਾ।ਉਨ੍ਹਾਂ ਚੇਤਾਵਨੀ ਭਰੇ ਲਹਿਜ਼ੇ ਵਿੱਚ ਕਿਹਾ ਕਿ ਜੇਕਰ ਲੋੜ ਪਈ ਤਾਂ ਧੂਰੀ ਵਿਖੇ ਮੁੱਖ ਮਾਰਗ ਨੂੰ ਜਾਮ ਕਰਨ ਤੋਂ ਗੁਰੇਜ਼ ਨਹੀਂ ਕਰਨਗੇ।

# ਜਲੰਧਰ ਚੋਣ 'ਚ ਸਰਕਾਰ ਦੇ ਛੱਕੇ ਛੁਡਾਵਾਂਗੇ : ਜਥੇਬੰਦੀਆਂ

ਚੌਕੀਮਾਨ (ਬਲਬੀਰ ਮਾਨ)

ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਵੱਲੋਂ ਸਮੂਹ ਯੂਨੀਅਨਾਂ ਤੇ ਜਥੇਬੰਦੀਆਂ ਦੇ ਸੱਦੇ 'ਤੇ ਕੀਤੀ ਮੀਟਿੰਗ ਦੌਰਾਨ ਸਰਬਸੰਮਤੀ ਨਾਲ ਫੈਸਲਾ ਕਰਦੇ ਹੋਏ ਸੂਬੇ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਲੋਕ ਸਭਾ ਚੋਣਾਂ ਵਾਂਗ ਸਬਕ ਸਿਖਾਉਣ ਲਈ ਜਲੰਧਰ ਦੀ ਜ਼ਿਮਨੀ ਚੋਣ ਵਿੱਚ ਇੱਕ ਹੋਰ ਜੇਤੂ ਛੱਕਾ ਲਾ ਕੇ ਭਗਵੰਤ ਮਾਨ ਦੀ ਸਰਕਾਰ ਨੂੰ ਸੱਤਾ ਤੋਂ ਲਾਂਭੇ ਕਰਕੇ ਛੱਕੇ ਛਡਾਉਣ ਦੀ ਸ਼ੁਰੂਆਤ ਕਰਨਗੇ।ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਬਕਾਇਆ ਪਏ ਕੰਮ ਜਿੰਨਾ ਵੱਲ ਸਮੇਂ ਦੀ ਸਰਕਾਰ ਦਾ ਕੋਈ ਧਿਆਨ ਨਹੀਂ, ਨਾ ਹੀ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਕੇ ਨਵੀਂ ਭਰਤੀ ਦੀ ਸ਼ੁਰੂਆਤ ਕੀਤੀ ਹੈ, ਨਾ ਹੀ ਪੁਰਾਣੀ ਪੈਨਸ਼ਨ ਸਕੀਮ ਦੀ ਬਹਾਲੀ ਕੀਤੀ ਹੈ, ਨਾ ਹੀ ਪੇ ਕਮਿਸ਼ਨ ਅਤੇ ਪੇ ਬੈਂਡ ਦੀਆਂ ਤਰੱਕੀਆਂ ਦੂਰ ਕਰਕੇ ਬਕਾਏ ਜਾਰੀ ਕੀਤੇ ਹਨ, ਨਾ ਹੀ ਸਾਲਾਂ ਤੋਂ ਬਕਾਇਆ ਪਏ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਜਾਰੀ ਕੀਤੀਆਂ ਹਨ।ਚੋਣ ਮਨੋਰਥ ਪੱਤਰਾਂ ਵਿੱਚ ਝੂਠੇ ਵਾਅਦੇ ਕਰਕੇ ਵੋਟਾਂ ਵਟੋਰ ਕੇ ਸੱਤਾ ਵਿੱਚ ਆਉਣ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਚੱਲਦਾ ਕਰਨ ਲਈ ਮੁਲਾਜ਼ਮ, ਮਜ਼ਦੂਰ, ਪੈਨਸ਼ਨਰਜ਼ ਅਤੇ ਕਿਸਾਨ ਇਕੱਠੇ ਹੋ ਕੇ ਹੰਭਲਾ ਮਾਰਨਗੇ, ਤਾਂ ਝੂਠੇ ਵਾਅਦਿਆਂ ਤੇ ਦਾਅਵਿਆਂ ਵਾਲੀ ਸਰਕਾਰ ਨੂੰ ਸਬਕ ਸਿਖਾ ਕੇ ਸੱਤਾ ਤੋਂ ਲਾਂਭੇ ਕਰਨਗੇ।ਸਾਂਝੇ ਫਰੰਟ ਦੇ ਸੱਦੇ 'ਤੇ 6 ਜੁਲਾਈ ਨੂੰ ਜਲੰਧਰ ਵਿਖੇ ਕੀਤੇ ਜਾ ਰਹੇ ਸੰਘਰਸ਼ ਤੇ ਝੰਡਾ ਮਾਰਚ ਦੀ ਤਿਆਰੀ ਵਜੋਂ ਅੱਡਾ ਦਾਖਾ ਵਿਖੇ ਪ੍ਰਧਾਨ ਮਨਜੀਤ ਸਿੰਘ ਮਨਸੂਰਾਂ ਸਰਕਲ ਯੂਨਿਟ ਲੁਧਿਆਣਾ ਵੱਲੋਂ ਮੀਟਿੰਗ ਕੀਤੀ ਗਈ, ਜਿਸ ਵਿੱਚ ਸਮੂਹ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਭਾਵੇਂ ਇਨ੍ਹਾਂ ਜ਼ਿਮਨੀ ਚੋਣਾਂ ਕਰਕੇ ਸਰਕਾਰ ਨੂੰ ਬਹੁਤਾ ਖ਼ਤਰਾ ਨਹੀਂ ਹੈ, ਪਰ ਜ਼ਿਮਨੀ ਚੋਣਾਂ ਵਿੱਚ ਹਰਾ ਕੇ ਹੈਂਕੜਬਾਜ ਸਰਕਾਰ ਨੂੰ ਮੂਧੇ ਮੂੰਹ ਸੁੱਟ ਕੇ ਸਬਕ ਸਿਖਾਇਆ ਜਾਵੇਗਾ, ਜੋ ਲੱਖਾਂ, ਅਰਬਾਂ ਰੁਪਏ ਬਕਾਏ ਰੋਕ ਕੇ ਹਿਟਲਰਸ਼ਾਹੀ ਹੋਣ ਦਾ ਸਬੂਤ ਦੇ ਰਹੀ ਹੈ।



## ਕਾਤਰਾਂ

### ਸਭਾ ਦੇ ਸਥਾਪਨਾ ਦਿਵਸ ਨੂੰ ਸਮਰਪਤ ਸਮਾਗਮ 30 ਨੂੰ

ਸੰਗਰੂਰ (ਪ੍ਰਵੀਨ ਸਿੰਘ)-ਮਾਲਵਾ ਲਿਖਾਰੀ ਸਭਾ (ਰਜਿ:) ਵੱਲੋਂ 30 ਜੂਨ ਨੂੰ ਸਵੇਰੇ 10:00 ਵਜੇ ਤੋਂ ਦੁਪਹਿਰ 1:00 ਵਜੇ ਤੱਕ ਧਰਮਸ਼ਾਲਾ ਬਾਬਾ ਹਿੰਮਤ ਸਿੰਘ ਸੰਗਰੂਰ ਵਿਖੇ ਸਭਾ ਦੇ ਗਿਆਰ੍ਹਵੇਂ ਸਥਾਪਨਾ ਦਿਵਸ ਨੂੰ ਸਮਰਪਤ ਸਮਾਗਮ ਹੋ ਰਿਹਾ ਹੈ।ਸਭਾ ਦੇ ਪ੍ਰੈੱਸ ਸਕੱਤਰ ਅਮਨ ਜੱਖਲਾਂ ਨੇ ਦੱਸਿਆ ਕਿ ਇਸ ਮੌਕੇ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਨੂੰ ਸਮਰਪਤ ਕਵੀ ਦਰਬਾਰ ਵੀ ਹੋਵੇਗਾ।

### ਕੇਂਦਰੀ ਜੇਲ੍ਹ 'ਚੋਂ 3 ਮੋਬਾਇਲ ਫੋਨ ਬਰਾਮਦ, ਮਾਮਲਾ ਦਰਜ

ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)-ਕੇਂਦਰੀ ਜੇਲ੍ਹ 'ਚ ਤਲਾਸ਼ੀ ਦੌਰਾਨ 3 ਮੋਬਾਇਲ ਫੋਨ ਬਰਾਮਦ ਹੋਏ ਹਨ। ਇਸ ਸਬੰਧ ਵਿਚ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਅਣਪਛਾਤੇ ਵਿਅਕਤੀਆਂ ਖਿਲਾਫ 52-ਏ ਪਰੀਸੰਨਜ਼ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਸਹਾਇਕ ਥਾਣੇਦਾਰ ਗੁਰਮੇਲ ਸਿੰਘ ਨੇ ਦੱਸਿਆ ਕਿ ਪੱਤਰ ਨੰਬਰ 6214 ਰਾਹੀਂ ਸੁਖਜਿੰਦਰ ਸਿੰਘ ਸਹਾਇਕ ਸੁਪਰਡੈਂਟ ਕੇਂਦਰੀ ਜੇਲ੍ਹ ਫਿਰੋਜ਼ਪੁਰ ਨੇ ਦੱਸਿਆ ਕਿ 23 ਜੂਨ ਨੂੰ ਉਹ ਕੇਂਦਰੀ ਜੇਲ੍ਹ ਫਿਰੋਜ਼ਪੁਰ ਵਿਚ ਸਮੇਤ ਸਾਥੀ ਕਰਮਚਾਰੀਆਂ ਦੇ ਬੈਰਕ ਨੰਬਰ 7 ਦੀ ਤਲਾਸ਼ੀ ਦੌਰਾਨ 1 ਮੋਬਾਇਲ ਫੋਨ ਟੱਚ ਸਕਰੀਨ ਸੈਮਸੰਗ ਸਮੇਤ ਸਿੰਮ ਕਾਰਡ ਵੀਆਈ, 1 ਮੋਬਾਇਲ ਫੋਨ ਟੱਚ ਸਕਰੀਨ ਰੀਅਲ ਮੀ ਸਮੇਤ ਸਿੰਮ ਕਾਰਡ ਅਤੇ 1 ਮੋਬਾਇਲ ਫੋਨ ਨੋਕੀਆ ਕੀਪੈਡ ਸਮੇਤ ਬੈਟਰੀ ਤੇ ਸਿੰਮ ਕਾਰਡ ਵੀਆਈ ਬਰਾਮਦ ਹੋਇਆ। ਪੁਲਿਸ ਨੇ ਦੱਸਿਆ ਕਿ ਅਣਪਛਾਤੇ ਵਿਅਕਤੀਆਂ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ।

### ਕਤਲ ਕਰਨ ਦੇ ਦੋਸ਼ 'ਚ 9 ਨਾਮਜ਼ਦ

ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)-ਗੋਲੀਆਂ ਮਾਰ ਕੇ ਵਿਅਕਤੀ ਦਾ ਕਤਲ ਕਰਕੇ ਲਾਸ਼ ਬੰਨ੍ਹ ਦਰਿਆ ਨੇੜੇ ਪਿੰਡ ਕੁੰਢੇ ਸੁੱਟਣ ਦੀ ਸੂਚਨਾ ਮਿਲੀ ਹੈ। ਇਸ ਸਬੰਧ ਵਿਚ ਥਾਣਾ ਸਦਰ ਫ਼ਿਰੋਜ਼ਪੁਰ ਪੁਲਸ ਨੇ 4 ਬਾਏ ਨੇਮ ਵਿਅਕਤੀਆਂ ਅਤੇ 4-5 ਅਣਪਛਾਤੇ ਵਿਅਕਤੀਆਂ ਖਿਲਾਫ 302, 120-ਬੀ ਆਈਪੀਸੀ ਅਤੇ ਆਰਮਜ਼ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਮੋਨੂੰ ਪੁੱਤਰ ਕਿਰਪਾਲ ਸਿੰਘ ਵਾਸੀ ਦੇਵ ਕਾਲੋਨੀ ਦੁਲਚੀ ਕੇ ਰੋਡ ਸਿਟੀ ਫ਼ਿਰੋਜ਼ਪੁਰ ਨੇ ਦੱਸਿਆ ਕਿ ਉਸ ਦੇ ਭਰਾ ਅਮਨਦੀਪ ਸਿੰਘ ਉਮਰ 23 ਸਾਲ ਨੂੰ ਦੋਸ਼ੀਅਨ ਜਸਪਾਲ ਸਿੰਘ ਪੁੱਤਰ ਮਹਿੰਦਰ ਸਿੰਘ ਵਾਸੀ ਬਸਤੀ ਬਾਗ ਵਾਲੀ ਸਿਟੀ ਫਿਰੋਜ਼ਪੁਰ, ਸਚਿਨ ਵਾਸੀ ਪਿੰਡ ਕੁੰਡੇ, ਸੁੱਚਾ ਵਾਸੀ ਫ਼ਤਿਹਗੜ੍ਹ ਪੰਜਤੂਰ, ਜ਼ਿਲ੍ਹਾ ਮੋਗਾ, ਸੁਨੀਲ ਨਾਟਾ ਪੁੱਤਰ ਜੋਗਿੰਦਰ ਸਿੰਘ ਵਾਸੀ ਬਾਨ੍ਹੂੰ ਵਾਲਾ ਵੇਹੜਾ ਤੇ 4-5 ਅਣਪਛਾਤੇ ਵਿਅਕਤੀਆਂ ਨੇ ਗੋਲੀਆਂ ਮਾਰ ਕੇ ਕਤਲ ਕਰਕੇ ਲਾਸ਼ ਬੰਨ੍ਹ ਦਰਿਆ ਨੇੜੇ ਪਿੰਡ ਕੁੰਢੇ ਸੁੱਟ ਦਿੱਤੀ ਹੈ। ਮਾਮਲੇ ਦੀ ਜਾਂਚ ਕਰ ਰਹੇ ਇੰਸਪੈਕਟਰ ਮੁੱਖ ਅਫਸਰ ਜਸਵੰਤ ਸਿੰਘ ਨੇ ਦੱਸਿਆ ਕਿ ਪੁਲਸ ਨੇ ਉਕਤ ਦੋਸ਼ੀਅਨ ਖਿਲਾਫ ਮੁਕੱਦਮਾ ਦਰਜ ਰਜਿਸਟਰ ਕਰਕੇ ਅਗਲੀ ਕਾਰਵਾਈ ਅਮਲ ਵਿਚ ਲਿਆਂਦੀ ਜਾ ਰਹੀ ਹੈ।

## ਭ੍ਰਿਸ਼ਟਾਚਾਰ ਦੇ ਮੱਕੜਜਾਲ 'ਚ ਉਲਝਿਆ ਤਹਿਸੀਲ ਦਫ਼ਤਰ

ਬਰੇਟਾ (ਰੀਤਵਾਲ)-ਸੂਬਾ ਸਰਕਾਰ ਵੱਲੋਂ ਭ੍ਰਿਸ਼ਟਾਚਾਰ ਖਤਮ ਕਰਨ ਦੇ ਵੱਡੇ-ਵੱਡੇ ਦਾਅਵੇ ਕੀਤੇ ਜਾ ਰਹੇ ਹਨ, ਪਰ ਸਰਕਾਰੀ ਦਫਤਰਾਂ ਵਿਚ ਭ੍ਰਿਸ਼ਟਾਚਾਰ ਦਾ



ਬੋਲ-ਬਾਲਾ ਬੇਖੌਫ਼ ਜਿਉਂ ਦਾ ਤਿਉਂ ਚੱਲ ਰਿਹਾ ਹੈ। ਸਰਕਾਰਾਂ ਵੱਲੋਂ ਕਾਨੂੰਨੀ ਸੇਵਾਵਾਂ ਦੇਣ ਲਈ ਤੈਅਸ਼ੁਦਾ ਸਮਾਂ ਤੇ ਸਰਕਾਰੀ ਰੇਟ ਸਿਰਫ਼ ਦਫ਼ਤਰਾਂ ਦੇ ਬਾਹਰ ਲਾਏ ਬੋਰਡਾਂ 'ਤੇ ਸ਼ੋਅ ਪੀਸ ਬਣੇ ਹੋਏ ਹਨ। ਇਸ ਦੀ ਮਿਸਾਲ ਸਬ ਤਹਿਸੀਲ ਦਫ਼ਤਰ ਵਿੱਚੋਂ ਜਾਇਦਾਦਾਂ ਦੀਆਂ ਰਜਿਸਟਰੀਆਂ ਕਰਾਉਣ ਆਉਂਦੇ ਲੋਕਾਂ ਤੋਂ ਹੱਡਬੀਤੀ ਪੁੱਛ ਕੇ ਸਹਿਜੇ ਹੀ ਮਿਲ ਜਾਂਦੀ ਹੈ, ਜਿੱਥੇ ਐਨ ਓ ਸੀ ਦੇ ਨਾਂਅ 'ਤੇ ਖੱਜਲ ਖੁਆਰ ਕਰਨ ਤੋਂ ਬਾਅਦ ਕਈ ਵਾਰ ਬਿਨਾਂ ਐਨ ਓ ਸੀ ਦੇ ਵੀ ਰਜਿਸਟਰੀ ਕਰ ਦਿੱਤੀ ਜਾਂਦੀ ਹੈ। ਬਰੇਟਾ ਤਹਿਸੀਲ ਨਾਲ ਸਬੰਧਤ ਜ਼ਮੀਨ-ਜਾਇਦਾਦਾਂ ਦੀਆਂ ਰਜਿਸਟਰੀਆਂ ਕਰਾਉਣ ਲਈ ਖਰੀਦਦਾਰਾਂ ਦੀ ਜੇਬ ਨੂੰ ਮੋਟਾ ਚੂਨਾ ਲੱਗਣ ਦਾ ਰੁਝਾਨ ਲੰਮੇ ਸਮੇਂ ਤੋਂ ਚੱਲ ਰਿਹਾ ਹੈ। ਸਹੀ ਕਾਗ਼ਜ਼ਾਤ ਹੋਣ 'ਤੇ ਵੀ ਰਿਸ਼ਵਤ ਦਾ ਕੰਮ ਸ਼ੁਰੂ ਹੋ ਕੇ ਅਧੂਰੇ ਜਾਂ ਵਿਵਾਦਤ ਮਾਮਲਿਆਂ ਵਿੱਚ ਇਹ ਰੇਟ ਵਧਦੇ ਜਾਂਦੇ ਹਨ। ਰਿਸ਼ਵਤ ਦੇ ਪੈਸੇ ਅਖੌਤੀ ਏਜੰਟਾਂ ਰਾਹੀਂ ਅਧਿਕਾਰੀਆਂ ਦੇ ਨਾਂਅ 'ਤੇ ਵਸੂਲੇ ਜਾਂਦੇ ਹਨ। ਕੁੱਝ ਅਖੌਤੀ ਏਜੰਟ ਇਹ ਗੱਲਾਂ ਕਰਦੇ ਵੀ ਆਮ ਸੁਣੇ ਜਾਂਦੇ ਹਨ ਕਿ ਬਰੇਟਾ ਤਾਂ ਕੀ, ਪੰਜਾਬ ਵਿੱਚ ਕਿਤੇ ਵੀ ਤਹਿਸੀਲ ਦਫ਼ਤਰ 'ਚ ਪੈਸਿਆਂ ਬਿਨਾਂ ਕੰਮ ਨਹੀਂ ਹੁੰਦਾ, ਇਸ ਲਈ ਜੇਕਰ ਜਲਦੀ ਤੇ ਸਹੀ ਕੰਮ ਕਰਾਉਣਾ ਹੈ ਤਾਂ ਫ਼ੀਸ ਦੇਣੀ ਪਵੇਗੀ। ਨਾਇਬ ਤਹਿਸੀਲਦਾਰ ਦਰਸ਼ਨ ਸਿੰਘ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਰਜਿਸਟਰੀਆਂ ਦੇ ਮਾਮਲੇ 'ਚ ਉਨ੍ਹਾਂ ਵੱਲੋਂ ਕਿਸੇ ਨਾਲ ਕੋਈ ਪੱਖਪਾਤ ਨਹੀਂ ਕੀਤਾ ਜਾਂਦਾ ਤੇ ਕੋਈ ਵੀ ਰਜਿਸਟਰੀ ਕਦੇ ਬਿਨਾਂ ਐਨ ਓ ਸੀ ਦੇ ਨਹੀਂ ਕੀਤੀ ਗਈ ਹੈ। ਐਸ.ਐਸ.ਪੀ ਜ਼ਿਲ੍ਹਾ ਹੁਸ਼ਿਆਰਪੁਰ ਸੁਰੇਂਦਰ ਲਾਂਬਾ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹੇ ਅੰਦਰ ਮਾੜੇ ਅਨਸਰਾਂ ਤੇ ਨਸ਼ੇ ਉੱਪਰ ਕਾਬੂ ਪਾਉਣ ਲਈ ਵਿਸ਼ੇਸ਼ ਮੁਹਿੰਮ ਚਲਾਈ ਹੈ, ਜਿਸ ਤਹਿਤ ਹਰਜੀਤ ਸਿੰਘ ਡੀ.ਐਸ.ਪੀ ਟਾਂਡਾ ਤੇ ਮੁੱਖ ਅਫ਼ਸਰ ਜੀ.ਐਸ ਬੜੈਚ ਥਾਣਾ ਟਾਂਡਾ ਵੱਲੋਂ ਏਰੀਆ ਚੰਡੀਗੜ੍ਹ ਕਲੋਨੀ ਟਾਂਡਾ 'ਚ ਨਸ਼ਿਆਂ ਦੇ ਖਿਲਾਫ਼ ਡਰੱਗ ਸੈਮੀਨਾਰ ਲਾਇਆ ਗਿਆ।

## ਬੱਚਿਆਂ ਲਈ ਭਾਸ਼ਾ ਲੈਬ ਸਮੇਤ ਸੈਮੀਨਾਰ ਸ਼ੁਰੂ ਕੀਤੇ ਜਾਣਗੇ : ਫਾਰੂਕੀ

ਮਾਲੇਰਕੋਟਲਾ (ਅਸਗਰ ਪਰਿਹਾਰ)-ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਵਕਫ਼ ਬੋਰਡ ਵਲੋਂ ਲਗਾਤਾਰ ਨਿਵੇਕਲੇ ਉਪਰਾਲੇ



ਕੀਤੇ ਜਾ ਰਹੇ ਹਨ ਤਾਂ ਜੁ ਵਿਦਿਆਰਥੀਆਂ ਨੂੰ ਸਮੇਂ ਦਾ ਹਾਣੀ ਬਣਾਇਆ ਜਾ ਸਕੇ। ਏ.ਡੀ.ਜੀ.ਪੀ ਐਮ.ਐਫ ਫਾਰੂਕੀ ਨੇ ਕਿਹਾ ਕਿ ਸਿੱਖਿਆ ਪ੍ਰਣਾਲੀ ਨੂੰ ਅਪਗ੍ਰੇਡ ਕਰਕੇ ਹੀ ਸਿੱਖਿਆ ਵਿੱਚ ਸੁਧਾਰ ਕੀਤਾ ਜਾ ਸਕਦਾ ਹੈ। ਹੁਣ ਵਕਫ਼ ਬੋਰਡ ਦੀ ਅਗਵਾਈ ਹੇਠ ਚੱਲ ਰਹੇ ਸਾਰੇ ਸਕੂਲਾਂ ਨੂੰ ਅੰਗਰੇਜ਼ੀ ਮਾਧਿਅਮ ਨਾਲ ਜੋੜਿਆ ਜਾਵੇਗਾ ਅਤੇ ਇਸ ਸਾਲ ਇਹ ਫ਼ੈਸਲਾ ਲਿਆ ਗਿਆ ਹੈ ਕਿ ਇਸ ਸੈਸ਼ਨ ਵਿੱਚ ਪਹਿਲੀ ਜਮਾਤ ਤੋਂ ਬੱਚਿਆਂ ਨੂੰ ਅੰਗਰੇਜ਼ੀ ਮਾਧਿਅਮ ਵਿੱਚ ਪੜ੍ਹਾਇਆ ਜਾਵੇਗਾ। ਜਿਸ ਲਈ ਪੰਜਾਬ ਵਕਫ਼ ਬੋਰਡ ਪੂਰੀ ਤਰ੍ਹਾਂ ਤਿਆਰ ਹੈ।

ਉਨ੍ਹਾਂ ਕਿਹਾ ਕਿ ਇਸ ਲਈ ਮੌਜੂਦਾ ਅਧਿਆਪਕਾਂ ਦੇ ਹੁਨਰ ਨੂੰ ਵਿਕਸਤ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਪੂਰੀ ਸਿਖਲਾਈ ਵੀ ਦਿੱਤੀ ਜਾਵੇਗੀ, ਤਾਂ ਜੁ ਉਹ ਆਸਾਨੀ ਨਾਲ ਬੱਚਿਆਂ ਨੂੰ ਪੜ੍ਹਾ ਸਕਣ ਅਤੇ ਸਕੂਲਾਂ ਵਿੱਚ ਭਾਸ਼ਾ ਲੈਬ ਸ਼ੁਰੂ ਕਰਨ ਦੇ ਨਾਲ-ਨਾਲ ਇਮਾਰਤਾਂ ਨੂੰ ਅਪਗ੍ਰੇਡ ਕਰ ਸਕੇ। ਸਕੂਲਾਂ ਵਿੱਚ ਸਿੱਖਿਆ ਨੀਤੀ ਨੂੰ ਲਾਗੂ ਕਰਨ, ਅਧਿਆਪਕਾਂ ਦੀ ਘਾਟ ਨੂੰ ਦੂਰ ਕਰਨ ਤੇ ਵਿਦਿਆਰਥੀਆਂ ਦੇ ਹੁਨਰ ਨੂੰ ਵਿਕਸਤ ਕਰਨ ਲਈ ਕੰਮ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਮੌਜੂਦਾ ਸਮਾਂ ਆਧੁਨਿਕ ਸਿੱਖਿਆ ਦਾ ਯੁੱਗ ਹੈ ਅਤੇ ਜਿਸ ਵਿੱਚ ਤਕਨੀਕੀ ਅਤੇ ਹੁਨਰ ਸਿੱਖਿਆ ਦੋਵੇਂ ਮਹੱਤਵਪੂਰਨ ਹਨ। ਵਕਫ਼ ਬੋਰਡ ਨੇ ਆਪਣੇ ਸਕੂਲਾਂ ਨੂੰ ਅਪਗ੍ਰੇਡ ਕਰਨ ਲਈ ਵੱਡੀ ਯੋਜਨਾ ਤਿਆਰ ਕੀਤੀ ਹੈ। ਵਿਦਿਆਰਥੀਆਂ ਨੂੰ ਇਸ ਦਾ ਪੂਰਾ ਲਾਭ ਮਿਲੇਗਾ। ਉਨ੍ਹਾਂ ਕਿਹਾ ਕਿ ਸਕੂਲਾਂ ਦੇ ਟੀਚਿੰਗ ਅਤੇ ਨਾਨ-ਟੀਚਿੰਗ ਸਟਾਫ ਦੀਆਂ ਕਈ ਮੰਗਾਂ ਵੀ ਪੂਰੀਆਂ ਹੋ ਚੁੱਕੀਆਂ ਹਨ ਅਤੇ ਜੋ ਵੀ ਉਨ੍ਹਾਂ ਦੀਆਂ ਮੰਗਾਂ ਹਨ, ਉਨ੍ਹਾਂ ਨੂੰ ਪੂਰਾ ਕਰਨ ਲਈ ਵੀ ਵਿਚਾਰ ਕੀਤਾ ਜਾ ਰਿਹਾ ਹੈ। ਸਕੂਲਾਂ ਨੂੰ ਅਪਗ੍ਰੇਡ ਕਰਨਾ ਸਮੇਂ ਦੀ ਨਜ਼ਾਕਤ ਸੀ ਤਾਂ ਜੋ ਵਿਦਿਆਰਥੀ ਆਪਣੇ ਭਵਿੱਖ ਨੂੰ ਸਿਰਜ ਸਕਣ।

# ਜ਼ਿਲ੍ਹਾ ਪ੍ਰਸ਼ਾਸਨ ਨੇ ਪੰਚਾਇਤੀ ਜ਼ਮੀਨ ਦਾ ਛੁਡਵਾਇਆ ਕਬਜ਼ਾ



ਮਲੋਟ/ਮੁਕਤਸਰ ਸਾਹਿਬ (ਗੁਰਮੀਤ ਸਿੰਘ ਮੱਕੜ/ਸ਼ਮਿੰਦਰ, ਪੂਜਾ)

ਪੰਜਾਬ ਸਰਕਾਰ ਵੱਲੋਂ ਪੰਚਾਇਤੀ ਜ਼ਮੀਨਾਂ 'ਤੇ ਹੋਏ ਕਬਜ਼ੇ ਨੂੰ ਲਗਾਤਾਰ ਛੁਡਵਾਇਆ ਜਾ ਰਿਹਾ ਹੈ। ਇਸ ਮੁਹਿੰਮ ਦੇ ਤਹਿਤ ਲਾਲਜੀਤ ਸਿੰਘ ਭੁੱਲਰ, ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ, ਪੰਜਾਬ ਦੇ ਦਿਸ਼ਾਂ ਨਿਰਦੇਸ਼ਾਂ ਅਨੁਸਾਰ ਸ਼੍ਰੀ ਹਰਪ੍ਰੀਤ ਸਿੰਘ ਸੂਦਨ, ਡਿਪਟੀ ਕਮਿਸ਼ਨਰ, ਸ਼੍ਰੀ ਮੁਕਤਸਰ ਸਾਹਿਬ, ਸ਼੍ਰੀ ਭਾਗੀਰਥ ਸਿੰਘ ਮੀਨਾ, ਸੀਨੀਅਰ ਕਪਤਾਨ ਪੁਲਿਸ, ਸ਼੍ਰੀ ਮੁਕਤਸਰ ਸਾਹਿਬ ਦੇ ਯਤਨਾਂ ਸਦਕਾ ਜ਼ਿਲ੍ਹੇ ਦੇ ਗ੍ਰਾਮ ਪੰਚਾਇਤ ਦਬੜਾ ਬਲਾਕ ਮਲੋਟ ਦੀ 4 ਏਕੜ 2 ਕਨਾਲ 10 ਮਰਲੇ ਸ਼ਾਮਲਾਤ ਜ਼ਮੀਨ, ਜੋ ਪਿਛਲੇ ਲੰਮੇ ਸਮੇਂ ਤੋਂ ਨਜਾਇਜ਼ ਕਬਜ਼ੇ ਹੇਠ ਸੀ, ਨੂੰ ਜ਼ਿਲ੍ਹਾ ਪ੍ਰਸ਼ਾਸਨ ਤੇ ਪੁਲਸ ਪ੍ਰਸ਼ਾਸਨ ਦੇ ਸਹਿਯੋਗ ਨਾਲ ਛੁਡਵਾਇਆ ਗਿਆ। ਸ਼੍ਰੀ ਸੁਰਿੰਦਰ ਸਿੰਘ ਢਿੱਲੋਂ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਨੇ ਦੱਸਿਆ ਕਿ ਮਲੋਟ ਬਲਾਕ ਦੇ ਪਿੰਡ ਦਬੜਾ ਦੀ ਸ਼ਾਮਲਾਤ ਜ਼ਮੀਨ ਤੇ ਲੰਬੇ ਸਮੇਂ ਤੋਂ ਨਜਾਇਜ਼ ਕਬਜ਼ਾ ਕੀਤਾ ਹੋਇਆ ਸੀ।

ਇਸ 4 ਏਕੜ 2 ਕਨਾਲ 10 ਮਰਲੇ ਸ਼ਾਮਲਾਤ ਜ਼ਮੀਨ ਦੀ ਕੀਮਤ 2 ਕਰੋੜ ਰੁਪਏ ਤੋਂ ਵੱਧ ਬਣਦੀ ਹੈ। ਇਹ ਕਬਜ਼ਾ ਛੁਡਵਾ ਕੇ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਦੇ ਹਵਾਲੇ ਹੋ ਗਿਆ ਹੈ। ਇਸ ਮੌਕੇ ਸ਼੍ਰੀ ਸੁਖਵਿੰਦਰ ਸਿੰਘ ਟਿਵਾਣਾ, ਬੀ.ਡੀ.ਪੀ.ਓ. ਮਲੋਟ ਤੇ ਸ਼੍ਰੀ ਗੁਰਵਿੰਦਰ ਸਿੰਘ ਵਿਰਕ ਨਾਇਬ ਤਹਿਸੀਲਦਾਰ ਵੀ ਮੌਜੂਦ ਸਨ।

## ਕੇਂਦਰ ਵੱਲੋਂ ਸਾਉਣੀ ਦੀਆਂ ਫ਼ਸਲਾਂ 'ਚ ਕੀਤਾ ਵਾਧਾ ਨਿਗੂਣਾ : ਪੀਰ ਮੁਹੰਮਦ

ਮੋਗਾ (ਇਕਬਾਲ ਸਿੰਘ ਖਹਿਰਾ)-ਸ਼੍ਰੋਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਤੇ ਬੁਲਾਰੇ ਕਰਨੈਲ ਸਿੰਘ ਪੀਰ



ਮੁਹੰਮਦ ਨੇ ਕਿਹਾ ਹੈ ਕਿ ਕੇਂਦਰ ਸਰਕਾਰ ਵੱਲੋਂ ਸਾਉਣੀ ਦੀਆਂ ਫ਼ਸਲਾਂ 'ਚ ਕੀਤਾ ਗਿਆ ਨਿਗੂਣਾ ਵਾਧਾ ਕਿਸਾਨਾਂ ਨਾਲ ਬੇਹੱਦ ਕੋਝਾ ਮਜ਼ਾਕ ਹੈ। ਉਨ੍ਹਾਂ ਕਿਹਾ ਕਿ ਖਾਸ ਕਰਕੇ ਝੋਨੇ ਲਈ ਘੱਟੋ-ਘੱਟ ਸਮਰਥਨ ਮੁੱਲ ਵਿੱਚ ਹਾਲ ਹੀ ਵਿੱਚ ਕੀਤਾ ਗਿਆ ਵਾਧਾ ਖੇਤੀਬਾੜੀ ਸੈਕਟਰ ਵਿੱਚ ਸੰਕਟ ਨੂੰ ਹੱਲ ਨਹੀਂ ਕਰੇਗਾ। ਜੀ ਓ ਆਈ ਨੂੰ ਕੇਂਦਰ ਤੇ ਸਵਾਮੀਨਾਥਨ ਕਮਿਸ਼ਨ ਦੁਆਰਾ ਨਿਰਧਾਰਤ ਕੀਤੇ ਗਏ ਵਿਆਪਕ ਲਾਗਤ ਅਤੇ 50% ਲਾਭ ਦੇ ਫਾਰਮੂਲੇ ਨੂੰ ਧਿਆਨ ਵਿੱਚ ਰੱਖਣਾ ਚਾਹੀਦਾ ਹੈ। ਕਰਨੈਲ ਸਿੰਘ ਪੀਰਮੁਹੰਮਦ ਨੇ ਕਿਹਾ ਕਿ ਮੈਂ ਕੇਂਦਰ ਨੂੰ ਸਾਰੀਆਂ ਫ਼ਸਲਾਂ ਲਈ ਘੱਟੋ-ਘੱਟ ਸਮਰਥਨ ਮੁੱਲ ਤੈਅ ਕਰਨ ਲਈ ਵਿਗਿਆਨਕ ਪਹੁੰਚ ਅਪਣਾਉਣ ਦੀ ਅਪੀਲ ਕਰਦਾ ਹਾਂ। ਇਸ ਤੋਂ ਇਲਾਵਾ, ਮੂੰਗੀ ਤੇ ਮੱਕੀ ਦੋਵਾਂ ਦੇ ਘੱਟੋ-ਘੱਟ ਸਮਰਥਨ ਮੁੱਲ ਵਿੱਚ ਵਾਧੇ ਦੇ ਬਾਵਜੂਦ ਉਨ੍ਹਾਂ ਨੂੰ ਘੱਟੋ-ਘੱਟ ਸਮਰਥਨ ਮੁੱਲ 'ਤੇ ਖਰੀਦਣ ਲਈ ਕੋਈ ਵਿਧੀ ਨਹੀਂ ਹੈ। ਕਿਸਾਨ ਠੀਕ ਹੀ ਮਹਿਸੂਸ ਕਰਦੇ ਹਨ ਕਿ ਉਨ੍ਹਾਂ ਨੂੰ ਥੋੜ੍ਹੇ ਸਮੇਂ ਵਿੱਚ ਬਦਲਿਆ ਜਾ ਰਿਹਾ ਹੈ ਤੇ ਜੇਕਰ ਸੀ-2 ਲਾਗਤ ਦੀ ਸਹੀ ਗਣਨਾ ਨਹੀਂ ਕੀਤੀ ਗਈ ਤਾਂ ਉਨ੍ਹਾਂ ਨੂੰ ਜਾਇਜ਼ ਐਮ ਐਸ ਪੀ ਨਹੀਂ ਮਿਲੇਗਾ।

ਪੀਰਮੁਹੰਮਦ ਨੇ ਇਸ ਲਈ ਕਿਸਾਨਾਂ ਦੇ ਨੁਮਾਇੰਦਿਆਂ ਸਮੇਤ ਮਾਹਿਰਾਂ ਦੀ ਇੱਕ ਕਮੇਟੀ ਬਣਾਈ ਜਾਣੀ ਚਾਹੀਦੀ ਹੈ ਤਾਂ ਜੁ ਉੱਚਿਤ ਮੁੱਲ ਦੀ ਗਣਨਾ ਕੀਤੀ ਜਾ ਸਕੇ ਤਾਂ ਜੁ ਸਾਰੀਆਂ 14 ਸਾਉਣੀ ਦੀਆਂ ਫ਼ਸਲਾਂ ਦੇ ਘੱਟੋ-ਘੱਟ ਸਮਰਥਨ ਮੁੱਲ ਨੂੰ ਸੋਧਿਆ ਜਾ ਸਕੇ।

# ਪ੍ਰੋ. ਬਡੂੰਗਰ ਨੇ ਡਾ. ਪ੍ਰਿਤਪਾਲ ਸਿੰਘ ਦੇ ਵਾਈਸ ਚਾਂਸਲਰ ਨਿਯੁਕਤ ਹੋਣ 'ਤੇ ਕੀਤਾ ਵਿਸ਼ੇਸ਼ ਸਨਮਾਨ

ਸ੍ਰੀ ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਡਾ. ਪ੍ਰਿਤਪਾਲ ਸਿੰਘ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਨਵ ਨਿਯੁਕਤ ਪੱਕੇ ਤੌਰ 'ਤੇ ਵਾਈਸ ਚਾਂਸਲਰ ਨਿਯੁਕਤ ਹੋਣ 'ਤੇ ਸਿਰੋਪਾਉ ਦੇ ਕੇ ਵਿਸ਼ੇਸ਼ ਸਨਮਾਨ ਕੀਤਾ ਗਿਆ।ਸਾਬਕਾ ਪ੍ਰਧਾਨ ਪ੍ਰੋਫੈਸਰ ਬਡੂੰਗਰ ਨੇ ਕਿਹਾ ਕਿ ਵਿੱਦਿਅਕ ਖੇਤਰ ਵਿੱਚ ਲੰਮਾ ਤਜਰਬਾ ਰੱਖਣ ਵਾਲੇ ਤੇ ਕੁਸ਼ਲ ਪ੍ਰਬੰਧਕ ਵਜੋਂ ਪਿਛਲੇ ਲੰਮੇ ਸਮੇਂ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿਖੇ ਆਪਣੀ ਸੇਵਾਵਾਂ ਨਿਭਾਉਂਦੇ ਆ ਰਹੇ ਹਨ।ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਨੂੰ ਵਿੱਤੀ ਸੰਕਟ ਚੱਲਣ ਸਮੇਂ ਵਿੱਚ ਵੀ ਵਧੀਆ ਢੰਗ ਨਾਲ ਚਲਾ ਕੇ ਆਪਣੀ ਕੁਸ਼ਲ ਪ੍ਰਬੰਧਕ ਹੋਣ ਦਾ ਸਬੂਤ ਦਿੱਤਾ।ਉਨ੍ਹਾਂ ਕਿਹਾ ਕਿ ਪ੍ਰੋ. ਪ੍ਰਿਤਪਾਲ ਦੀ ਸਮਝ ਤੇ ਕੁਸ਼ਲ ਪ੍ਰਬੰਧ ਕਾਰਨ ਹੀ ਵਿਦਿਆਰਥੀਆਂ ਵਿੱਚ ਯੂਨੀਵਰਸਿਟੀ 'ਚ ਦਾਖਲੇ ਲਈ ਉਤਸ਼ਾਹ ਵੇਖਿਆ ਗਿਆ ਹੈ।



ਪ੍ਰੋ. ਕਿਰਪਾਲ ਸਿੰਘ ਬਡੂੰਗਰ ਡਾ. ਪ੍ਰਿਤਪਾਲ ਸਿੰਘ ਦਾ ਵਿਸ਼ੇਸ਼ ਸਨਮਾਨ ਕਰਦੇ ਹੋਏ।

ਡੀਨ ਅਕਾਦਮਿਕ ਮਾਮਲੇ ਪ੍ਰੋ. ਸੁਖਵਿੰਦਰ ਸਿੰਘ ਬਿਲਿੰਗ ਨੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਤੇ ਯੂਨੀਵਰਸਿਟੀ ਦੇ ਚਾਂਸਲਰ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਯੂਨੀਵਰਸਿਟੀ ਦੇ ਪ੍ਰੋ. ਚਾਂਸਲਰ ਪ੍ਰੋ. ਅਜਾਇਬ ਸਿੰਘ ਬਰਾੜ ਤੇ ਟਰੱਸਟ ਸੱਕਤਰ ਹਰਪਾਲ ਸਿੰਘ ਭਾਟੀਆ ਨੂੰ ਉਨ੍ਹਾਂ ਦੀ ਦੂਰਦ੍ਰਿਸ਼ਟੀ ਲਈ ਧੰਨਵਾਦ ਕਰਦਿਆਂ ਕਿਹਾ ਕਿ ਪ੍ਰੋ. ਪ੍ਰਿਤਪਾਲ ਦੀ ਪੱਕੇ ਤੌਰ 'ਤੇ ਵਾਇਸ ਚਾਂਸਲਰ ਵਜੋਂ ਨਿਯੁਕਤੀ ਇਸ ਗੱਲ ਨੂੰ ਸਿੱਧ ਕਰਦੀ ਹੈ ਕਿ ਮਿਹਨਤ, ਲਗਨ ਤੇ ਦ੍ਰਿੜਤਾ ਨੂੰ ਸ਼੍ਰੋਮਣੀ ਕਮੇਟੀ ਦੇ ਵਿੱਦਿਅਕ ਅਦਾਰਿਆਂ ਵਿੱਚ ਖਾਸ ਮਹੱਤਤਾ ਦਿੱਤੀ ਜਾਂਦੀ ਹੈ।ਉਨ੍ਹਾਂ ਪ੍ਰੋ. ਪ੍ਰਿਤਪਾਲ ਨੂੰ ਵਧਾਈ ਦਿੰਦਿਆਂ ਵਿਸ਼ਵਾਸ ਦਿਵਾਇਆ ਕਿ ਯੂਨੀਵਰਸਿਟੀ ਦੇ ਸਾਰੇ ਸਟਾਫ਼ ਮੈਂਬਰ ਉਨ੍ਹਾਂ ਨਾਲ ਇੱਕ ਹੋ ਕੇ ਯੂਨੀਵਰਸਿਟੀ ਦੀ ਤਰੱਕੀ ਲਈ ਹੋਰ ਵੀ ਜ਼ਿਆਦਾ ਦ੍ਰਿੜਤਾ ਨਾਲ ਕੰਮ ਕਰਨਗੇ। ਨਿਰਧਾਰਨ ਸੈੱਲ ਦੇ ਕੋਆਰਡੀਨੇਟਰ ਡਾ. ਅੰਕਦੀਪ ਕੌਰ ਅਟਵਾਲ ਨੇ ਦੱਸਿਆ ਕਿ ਪ੍ਰੋ. ਪ੍ਰਿਤਪਾਲ ਸਿੰਘ ਨੇ 2011 ਵਿੱਚ ਯੂਨੀਵਰਸਿਟੀ ਵਿਖੇ ਰਜਿਸਟਰਾਰ ਵਜੋਂ ਸੇਵਾ ਨਿਭਾਉਣੀ ਸ਼ੁਰੂ ਕੀਤੀ।'ਆਪ' ਦੀ ਮਿਹਨਤ ਅਤੇ ਲਗਨ ਸਦਕਾ 2019 ਵਿੱਚ 'ਆਪ' ਨੂੰ ਆਰਜ਼ੀ ਤੌਰ 'ਤੇ ਵਾਇਸ ਚਾਂਸਲਰ ਵਜੋਂ ਕਾਰਜਭਾਰ ਸੰਭਾਲਿਆ ਗਿਆ।

ਉਨ੍ਹਾਂ ਕਿਹਾ ਕਿ ਪ੍ਰੋ. ਪ੍ਰਿਤਪਾਲ ਦੀ ਅਗਵਾਈ ਵਿੱਚ ਇੱਕ ਸਾਲ ਵਿੱਚ ਹੀ ਯੂਨੀਵਰਸਿਟੀ ਵਿੱਤੀ ਸੰਕਟ ਵਿੱਚੋਂ ਬਾਹਰ ਆਉਣੀ ਸ਼ੁਰੂ ਹੋ ਗਈ।2020 ਦੇ ਕੋਵਿਡ ਸਮੇਂ ਵਿੱਚ ਵੀ ਯੂਨੀਵਰਸਿਟੀ ਦਾ ਵਿੱਦਿਅਕ ਤੇ ਪ੍ਰਸ਼ਾਸਨੀ ਕੰਮ ਸੁਚਾਰੂ ਢੰਗ ਨਾਲ ਨਿਰਵਿਘਨ ਚੱਲਦਾ ਰਿਹਾ, ਜਿਸ ਸਦਕਾ ਵਿਦਿਆਰਥੀਆਂ ਤੇ ਮਾਪਿਆਂ ਵਿੱਚ ਵਿਸ਼ਵਾਸ ਬਣਾਉਣ 'ਚ ਯੂਨੀਵਰਸਿਟੀ ਨੇ ਕਾਮਯਾਬੀ ਹਾਸਲ ਕੀਤੀ ਤੇ 2021 ਤੋਂ ਲਗਾਤਾਰ ਦਾਖਲਿਆਂ ਵਿੱਚ ਵਾਧਾ ਹੋ ਰਿਹਾ ਹੈ।

ਇਸ ਦਾ ਸਿਹਰਾ ਪ੍ਰੋ. ਪ੍ਰਿਤ ਪਾਲ ਸਿੰਘ ਦੇ ਵਿਦਿਆਰਥੀਆਂ ਦੀਆਂ ਪਲੇਸਮੈਂਟ ਪ੍ਰਤੀ ਵਚਨਬੱਧਤਾ ਵੀ ਰਹੀ।

2019 ਤੋਂ ਹੀ ਪਲੇਸਮੈਂਟ ਸੈੱਲ ਵੱਲੋਂ ਲਗਾਤਾਰ ਪਲੇਸਮੈਂਟ ਡਰਾਈਵ ਅਤੇ ਫੇਅਰ ਲਾਏ ਜਾ ਰਹੇ ਹਨ ਅਤੇ ਵੱਧ ਤੋਂ ਵੱਧ ਕੰਪਨੀਆਂ ਯੂਨੀਵਰਸਿਟੀ ਦੇ ਵਿਦਿਆਰਥੀਆਂ ਨੂੰ ਨਿਯੁਕਤ ਕਰ ਰਹੀਆਂ ਹਨ।

## ਇੰਸਪੈਕਟਰ ਯਾਦਵਿੰਦਰ ਸਿੰਘ ਨੇ ਚਾਰਜ ਲੈਂਦਿਆਂ ਹੀ ਕੱਸਿਆ ਸ਼ਿਕੰਜਾ

ਮਾਲੇਰਕੋਟਲਾ (ਅਸਗਰ ਪਰਿਹਾਰ)

ਜ਼ਿਲ੍ਹਾ ਪੁਲਸ ਮੁਖੀ ਦੀ ਅਗਵਾਈ ਹੇਠ ਪੁਲਸ ਥਾਣਾ ਸੰਦੌੜ ਦੇ ਨਵਨਿਯੁਕਤ ਥਾਣਾ ਮੁਖੀ ਇੰਸਪੈਕਟਰ ਯਾਦਵਿੰਦਰ ਸਿੰਘ



ਨੇ ਥਾਣੇ ਦਾ ਚਾਰਜ ਸੰਭਾਲਦਿਆਂ ਦੀ ਨਸ਼ਾ ਤਸਕਰਾਂ ਵਿਰੁੱਧ ਸ਼ਿਕੰਜਾ ਕੱਸ ਦਿੱਤਾ ਹੈ। ਥਾਣਾ ਸੰਦੌੜ ਵੱਲੋਂ ਲਗਾਤਾਰ ਚਾਰ ਨਸ਼ਾ ਤਸਕਰਾਂ ਨੂੰ ਕਾਬੂ ਕਰਕੇ ਮਾਮਲੇ ਦਰਜ ਕੀਤੇ ਗਏ ਹਨ। ਥਾਣਾ ਮੁਖੀ ਇੰਸਪੈਕਟਰ ਯਾਦਵਿੰਦਰ ਸਿੰਘ ਨੇ ਦੱਸਿਆ ਕਿ ਥਾਣਾ ਸੰਦੌੜ ਦੀ ਟੀਮ ਵੱਲੋਂ ਮਾਮਲਾ ਨੰਬਰ 40 ਤਹਿਤ 2 ਕਿੱਲੋ ਭੁੱਕੀ, ਮਾਮਲਾ ਨੰਬਰ 41 ਤਹਿਤ 3.5 ਕਿੱਲੋ ਭੁੱਕੀ, ਮਾਮਲਾ ਨੰਬਰ 42 ਤਹਿਤ 72 ਬੋਤਲਾਂ ਨਜਾਇਜ਼ ਸ਼ਰਾਬ ਤੇ ਮਾਮਲਾ ਨੰਬਰ 43 ਐਨ.ਡੀ.ਪੀ.ਐਸ ਐਕਟ ਤਹਿਤ ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆਂ ਗਈਆਂ ਹਨ। ਥਾਣਾ ਸੰਦੌੜ ਦੇ ਮੁਖੀ ਵੱਲੋਂ ਨਸ਼ਾ ਤਸਕਰਾਂ ਖਿਲਾਫ਼ ਕਸੇ ਗਏ ਸ਼ਿਕੰਜੇ ਦੀ ਪੂਰੇ ਇਲਾਕੇ ਵਿੱਚ ਸ਼ਲਾਘਾ ਕੀਤੀ ਜਾ ਰਹੀ ਹੈ। ਐਸ.ਐਚ.ਓ ਯਾਦਵਿੰਦਰ ਸਿੰਘ ਨੇ ਕਿਹਾ ਕਿ ਨਸ਼ਾ ਤਸਕਰਾਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ ਤੇ ਸੰਦੌੜ ਇਲਾਕੇ 'ਚ ਇੱਕ ਵੀ ਨਸ਼ਾ ਤਸਕਰ ਨੂੰ ਸਿਰ ਨਹੀਂ ਚੁੱਕਣ ਦਿੱਤਾ ਜਾਵੇਗਾ। ਉਨ੍ਹਾਂ ਆਮ ਅਮਨ ਪਸੰਦ ਪਬਲਿਕ, ਇਲਾਕੇ ਦੇ ਪੰਚ, ਸਰਪੰਚਾਂ ਤੇ ਉੱਦਮੀ ਨੌਜਵਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਨਸ਼ਾ ਤਸਕਰਾਂ ਨੂੰ ਫੜਨ 'ਚ ਆਪਣੀ ਜ਼ਿੰਮੇਵਾਰੀ ਸਮਝਦੇ ਹੋਏ ਪੁਲਸ ਦਾ ਸਾਥ ਦੇਣ ਤਾਂ ਹੀ ਸਾਰੇ ਨਸ਼ਾ ਤਸਕਰਾਂ ਨੂੰ ਜਲਦੀ ਕਾਬੂ ਕੀਤਾ ਜਾ ਸਕਦਾ ਹੈ।

# ਰਾਜਾ ਵੜਿੰਗ ਨਾਲ ਸਾਬਕਾ ਚੇਅਰਮੈਨ ਕਾਲੇਕੇ ਨੇ ਕੀਤੀ ਮੁਲਾਕਾਤ

ਬਾਘਾ ਪੁਰਾਣਾ (ਮਨੀ ਸਿੰਗਲਾ)



ਮਾਰਕੀਟ ਕਮੇਟੀ ਦੇ ਸਾਬਕਾ ਚੇਅਰਮੈਨ ਤੇ ਹਲਕਾ ਬਾਘਾ ਪੁਰਾਣਾ ਦੇ ਮੁੱਖ ਸੇਵਾਦਰ ਜਗਸੀਰ ਸਿੰਘ ਕਾਲੇਕੇ ਨੇ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਸੂਬਾ ਪ੍ਰਧਾਨ ਤੇ ਲੁਧਿਆਣਾ ਲੋਕ ਸਭਾ ਹਲਕੇ ਤੋਂ ਬਣੇ ਸੰਸਦ ਮੈਂਬਰ ਅਮਰਿੰਦਰ ਸਿੰਘ ਰਾਜਾ ਵੜਿੰਗ ਨੂੰ ਐਮ.ਪੀ ਬਣਨ 'ਤੇ ਵਧਾਈ ਦਿੱਤੀ।

ਜਗਸੀਰ ਸਿੰਘ ਕਾਲੇਕੇ ਨੇ ਕਿਹਾ ਕਿ ਅਮਰਿੰਦਰ ਸਿੰਘ ਰਾਜਾ ਵੜਿੰਗ ਵੱਲੋਂ ਸੂਬੇ ਭਰ ਵਿੱਚ ਕੀਤੀ ਗਈ ਯੋਗ ਅਗਵਾਈ ਦਾ ਹੀ ਨਤੀਜਾ ਹੈ ਕਿ ਜਿੱਥੇ ਪ੍ਰਧਾਨ ਰਾਜਾ ਵੜਿੰਗ ਨੇ ਆਪਣੇ ਵਿਰੋਧੀਆਂ ਨੂੰ ਵੱਡੀ ਲੀਡ ਪ੍ਰਾਪਤ ਕਰ ਕੇ ਪਛਾੜਿਆ, ਉਥੇ ਹੀ ਸੂਬੇ ਭਰ ਵਿੱਚੋਂ 13 ਲੋਕ ਸਭਾ ਸੀਟਾਂ 'ਚੋਂ 7 ਸੀਟਾਂ 'ਤੇ ਕਾਂਗਰਸ ਪਾਰਟੀ ਦੇ ਉਮੀਦਵਾਰ ਵੱਡੀ ਲੀਡ ਨਾਲ ਜਿੱਤ ਪ੍ਰਾਪਤ ਕੀਤੀ ਹੈ ਤੇ ਪ੍ਰਧਾਨ ਦੀ ਅਗਵਾਈ ਵਿਚ ਕਾਂਗਰਸ ਪਾਰਟੀ ਪੰਜਾਬ ਦੀ ਸਭ ਤੋਂ ਵੱਡੀ ਪਾਰਟੀ ਵੱਜੋਂ ਉੱਭਰ ਕੇ ਸਾਹਮਣੇ ਆਈ ਹੈ।

ਉਨ੍ਹਾਂ ਕਿਹਾ ਕਿ ਜੋ ਸੱਤਾਧਾਰੀ ਪਾਰਟੀ ਦੇ ਆਗੂ ਤੇ ਹੋਰ ਰਾਜਨੀਤਿਕ ਪਾਰਟੀਆਂ ਦੇ ਆਗੂ ਕਹਿੰਦੇ ਸਨ ਕਿ ਕਾਂਗਰਸ ਪਾਰਟੀ ਖੇਰੂੰ-ਖੇਰੂੰ ਹੋ ਚੁੱਕੀ ਹੈ ਅਤੇ ਇਸ ਦੀ ਪੰਜਾਬ ਵਿਚ ਕੋਈ ਵਜੂਦ ਨਹੀਂ ਰਿਹਾ ਉਹ ਹੁਣ ਮੂੰਹ ਵਿਚ ਉਂਗਲਾਂ ਪਾ ਕੇ ਸੋਚਣ ਦੇ ਲਈ ਮਜਬੂਰ ਹੋ ਗਏ ਹਨ ਕਿ ਉਨ੍ਹਾਂ ਵੱਲੋਂ ਕੀਤੇ ਜਾਂਦੇ ਸਾਰੇ ਦਾਅਵਿਆਂ 'ਤੇ ਪਾਣੀ ਫੇਰ ਦਿੱਤਾ ਹੈ ਤੇ ਕਾਂਗਰਸ ਪਾਰਟੀ ਸਭ ਤੋਂ ਵੱਡੀ ਪਾਰਟੀ ਬਣ ਕੇ ਪੰਜਾਬ ਵਿਚ ਮੁੜ ਖੜੀ ਹੋਈ ਹੈ।

ਸ੍ਰੀ ਕਾਲੇਕੇ ਨੇ ਕਿਹਾ ਕਿ ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾਅਵਾ ਕਰਦੇ ਸਨ ਕਿ ਉਹ ਪੰਜਾਬ ਵਿਚ 13-0 ਸੀਟਾਂ ਪ੍ਰਾਪਤ ਕਰਨਗੇ, ਪਰ 03 'ਤੇ ਹੀ ਆਮ ਆਦਮੀ ਪਾਰਟੀ ਸਿਮਟ ਕੇ ਰਹਿ ਗਈ ਹੈ।ਇੱਥੋਂ ਪਤਾ ਲੱਗਦਾ ਹੈ ਕਿ ਪੰਜਾਬ ਦੇ ਲੋਕਾਂ ਦਾ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਮੋਹ ਭੰਗ ਹੋ ਗਿਆ ਹੈ ਅਤੇ ਹੁਣ ਲੋਕ 2027 ਦੀਆਂ ਪੰਜਾਬ ਵਿਚ ਹੋਣ ਵਾਲੀਆਂ ਲੋਕ ਸਭਾ ਚੋਣਾਂ ਦੀ ਉਡੀਕ ਬੜੀ ਬੇਸਬਰੀ ਦੇ ਨਾਲ ਕਰ ਰਹੇ ਹਨ, ਕਿਉਂਕਿ ਪੰਜਾਬ ਵਿੱਚ 'ਆਪ' ਨੂੰ ਸੱਤਾ ਤੋਂ ਬਾਹਰ ਕਰਨ ਦੇ ਲਈ ਪੰਜਾਬ ਵਾਸੀ ਪੱਬਾਂ ਭਾਰ ਹੋਏ ਬੈਠੇ ਹਨ, ਕਿਉਂਕਿ ਜੋ ਸਬਜ਼ਬਾਗ਼ ਲੋਕਾਂ ਨੂੰ ਦਿਖਾ ਕੇ ਸੱਤਾ ਹਾਸਲ ਕਰਨ ਵਿਚ ਆਪ ਵਾਲੇ ਸਫ਼ਲ ਹੋਏ ਹਨ, ਉਨ੍ਹਾਂ ਨੂੰ ਪੂਰਾ ਕਰਨ ਵਿਚ ਹੁਣ ਤੱਕ ਅਸਫ਼ਲ ਹੋਏ ਹਨ।

# ਅਣਰਜਿਸਟਰਡ ਮੈਡੀਕਲ ਪ੍ਰੈਕਟੀਸ਼ਨਰਜ਼ ਬਾਰੇ ਵਰਤੀ ਗ਼ਲਤ ਸ਼ਬਦਾਵਲੀ ਦੀ ਮਜ਼ਦੂਰ ਜਥੇਬੰਦੀਆਂ ਵੱਲੋਂ ਨਿਖੇਧੀ



ਮੋਗਾ (ਇਕਬਾਲ ਸਿੰਘ ਖਹਿਰਾ)

ਬੀਤੇ ਦਿਨੀ ਇੱਕ ਪੰਜਾਬੀ ਅਖ਼ਬਾਰ ਵਿੱਚ ਝੋਲਾ ਛਾਪ ਡਾਕਟਰਾਂ ਦੀ ਭਰਮਾਰ ਦੇ ਸਿਰਲੇਖ ਹੇਠ ਇਕ ਖ਼ਬਰ ਪ੍ਰਕਾਸ਼ਤ ਹੋਈ ਸੀ, ਜਿਸ ਵਿੱਚ ਸ਼ਹਿਰੀ ਗ਼ਰੀਬ ਬਸਤੀਆਂ ਅਤੇ ਪਿੰਡਾਂ ਵਿੱਚ ਮੁੱਢਲੀਆਂ ਸਿਹਤ ਸਹੂਲਤਾਂ ਮੁਹੱਈਆ ਕਰਾ ਰਹੇ ਅਣਰਜਿਸਟਰਡ ਮੈਡੀਕਲ ਪ੍ਰੈਕਟੀਸ਼ਨਰਾਂ ਬਾਰੇ ਬੇਤੁਕੀ ਤੇ ਝੋਲਾ ਛਾਪ ਡਾਕਟਰਾਂ ਵਰਗੀ ਘਟੀਆ ਸ਼ਬਦਾਵਲੀ ਦੀ ਵਰਤੋਂ ਕੀਤੀ ਗਈ ਹੈ। ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਵੱਲੋਂ ਪਹਿਲਾਂ ਹੀ ਆਪਣੇ ਸੂਬਾ ਪ੍ਰਧਾਨ ਧੰਨਾ ਮਲ ਗੋਇਲ, ਸਕੱਤਰ ਗੁਰਮੇਲ ਸਿੰਘ ਮਾਛੀ ਕੇ ਅਤੇ ਜ਼ਿਲ੍ਹਾ ਮੋਗਾ ਪ੍ਰਧਾਨ ਡਾਕਟਰ ਜਸਬੀਰ ਸਿੰਘ ਸਹਿਗਲ ਅਤੇ ਅਨੇਕਾਂ ਆਗੂਆਂ ਵੱਲੋਂ ਉਨ੍ਹਾਂ ਬਾਬਤ ਵਰਤੀ ਗਈ ਉਕਤ ਘਟੀਆ ਸ਼ਬਦਾਵਲੀ ਦੀ ਤਿੱਖੀ ਨਿੰਦਾ ਕੀਤੀ ਗਈ ਹੈ ਤੇ ਰੋਸ ਪ੍ਰਗਟ ਕੀਤਾ ਗਿਆ ਹੈ, ਉੱਥੇ ਮਾਲਵੇ ਦੇ ਉੱਘੇ ਮਜ਼ਦੂਰ ਆਗੂ ਵਿਜੇ ਐਡਵੋਕੇਟ ਤੇ ਕ੍ਰਾਂਤੀਕਾਰੀ ਭੱਠਾ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਪ੍ਰਵੀਨ ਕੁਮਾਰ ਸ਼ਰਮਾ ਦੀ ਅਗਵਾਈ ਵਿੱਚ ਮਜ਼ਦੂਰ ਜਥੇਬੰਦੀਆਂ ਨੇ ਅਣਰਜਿਸਟਰਡ ਮੈਡੀਕਲ ਪ੍ਰੈਕਟੀਸ਼ਨਰਾਂ ਵਿਰੁੱਧ ਵਰਤੀ ਗਈ ਉਕਤ ਘਟੀਆ ਤੇ ਬੇਤੁਕੀ ਸ਼ਬਦਾਵਲੀ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ ਤੇ ਜਿਨ੍ਹਾਂ ਵੱਲੋਂ ਜਾਣੇ-ਅਣਜਾਣੇ ਵਿੱਚ ਇਹ ਘਟੀਆ ਸ਼ਬਦਾਵਲੀ ਵਰਤੀ ਗਈ ਹੈ। ਉਨ੍ਹਾਂ ਵੱਲੋਂ ਇਹ ਘਟੀਆ ਸ਼ਬਦਾਵਲੀ ਦੀ ਗ਼ਲਤੀ ਦੀ ਮੁਆਫ਼ੀ ਲੈ ਕੇ ਵਾਪਸ ਲੈਣ ਦੀ ਮੰਗ ਕੀਤੀ ਹੈ। ਇਸ ਮੌਕੇ ਮਜ਼ਦੂਰ ਜਥੇਬੰਦੀਆਂ ਦੇ ਕਾਰਕੁੰਨਾਂ ਨੇ ਅਣਰਜਿਸਟਰਡ ਮੈਡੀਕਲ ਪ੍ਰੈਕਟੀਸ਼ਨਰਜ਼ ਜ਼ਿੰਦਾਬਾਦ, ਹਮ ਤੁਮਹਾਰੇ ਸਾਥ ਹੈਂ ਦੇ ਨਾਅਰੇ ਬੁਲੰਦ ਕਰਕੇ ਪੰਜਾਬ ਦੇ ਗ਼ੈਰ ਪੰਜੀਕ੍ਰਿਤ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਪ੍ਰਧਾਨ ਡਾਕਟਰ ਧੰਨਾ ਮੱਲ ਗੋਇਲ ਦੀ ਟੀਮ ਤੇ ਜ਼ਿਲ੍ਹਾ ਮੋਗਾ ਪ੍ਰਧਾਨ ਡਾ. ਜਸਬੀਰ ਸਿੰਘ ਸਹਿਗਲ ਤੇ ਸਮੁੱਚੀ ਜ਼ਿਲ੍ਹਾ ਟੀਮ ਦੇ ਨਾਲ ਚੱਟਾਨ ਵਾਂਗ ਖੜਨ ਦਾ ਭਰੋਸਾ ਦਿੱਤਾ। ਇਸ ਮੌਕੇ ਵਿਜੇ ਧੀਰ ਐਡਵੋਕੇਟ ਤੇ ਪ੍ਰਵੀਨ ਕੁਮਾਰ ਸ਼ਰਮਾ ਕਿਹਾ ਕਿ ਦੇਸ਼ ਦੀ ਆਜ਼ਾਦੀ ਤੋਂ 77 ਸਾਲ ਬਾਅਦ ਤੱਕ ਵੀ ਪੰਜਾਬ ਸਰਕਾਰ ਪੰਜਾਬ ਦੇ ਕੇਵਲ 20% ਲੋਕਾਂ ਨੂੰ ਹੀ ਸਿਹਤ ਸਹੂਲਤਾਂ ਮੁਹੱਈਆ ਕਰਾਉਣ ਵਿੱਚ ਸਫਲ ਹੋ ਸਕੀ ਹੈ ਤੇ ਬਾਕੀ ਦੀ 80% ਆਬਾਦੀ ਜਾਂ ਤਾਂ ਮਹਿੰਗੇ ਪ੍ਰਾਈਵੇਟ ਹਸਪਤਾਲਾਂ ਤੋਂ ਇਲਾਜ ਕਰਾਉਂਦੀ ਹੈ ਜਾਂ ਫਿਰ ਪਿੰਡਾਂ ਅਤੇ ਸ਼ਹਿਰੀ ਗਰੀਬ ਬਸਤੀਆਂ ਦੇ ਲੋਕ ਇਨ੍ਹਾਂ ਅਣਰਜਿਸਟਰਡ ਮੈਡੀਕਲ ਪ੍ਰੈਕਟੀਸ਼ਨਰਾਂ ਤੋਂ ਸਸਤਾ ਇਲਾਜ ਕਰਾਉਂਦੇ ਹਨ।

ਮਜ਼ਦੂਰ ਆਗੂ ਵਿਜੇ ਧੀਰ ਐਡਵੋਕੇਟ ਤੇ ਪ੍ਰਵੀਨ ਕੁਮਾਰ ਸ਼ਰਮਾ ਨੇ ਚੇਤਾਵਨੀ ਦਿੱਤੀ ਕਿ ਜੇਕਰ ਇਹ ਅਨਰਜਿਸਟਰ ਮੈਡੀਕਲ ਪ੍ਰੈਕਟੀਸ਼ਨਰਜ਼ ਪਿੰਡਾਂ ਤੇ ਸ਼ਹਿਰੀ ਗਰੀਬ ਬਸਤੀਆਂ ਵਿੱਚ ਮੁੱਢਲੀਆਂ ਸਿਹਤ ਸਹੂਲਤਾਂ ਦੇਣੀਆਂ ਬੰਦ ਕਰ ਦੇਣ ਤਾਂ ਫਿਰ ਇਨ੍ਹਾਂ ਮੁੱਢਲੀਆਂ ਮੈਡੀਕਲ ਸਹੂਲਤਾਂ ਲੈਣ ਵਾਲੇ ਲੱਖਾਂ ਲਾਭਪਾਤਰੀਆਂ ਵਿੱਚ ਹਾਹਾਕਾਰ ਮੱਚ ਜਾਵੇਗਾ। ਇਸ ਮੌਕੇ ਮਜ਼ਦੂਰ ਜਥੇਬੰਦੀਆਂ ਨੇ ਪੱਛਮੀ ਬੰਗਾਲ ਦੀ ਤਰਜ਼ 'ਤੇ ਵਿਸ਼ਾਲ ਗਿਣਤੀ ਵਿੱਚ ਅਣਰਜਿਸਟਰਡ ਮੈਡੀਕਲ ਪ੍ਰੈਕਟੀਸ਼ਨਰਜ਼ ਨੂੰ ਰਜਿਸਟਰ ਕਰਕੇ ਇਨ੍ਹਾਂ ਦਾ ਸਨਮਾਨ ਕਰਨ ਦੀ ਪੰਜਾਬ ਸਰਕਾਰ ਤੋਂ ਮੰਗ ਕੀਤੀ।

## ਜਲੰਧਰ 'ਚ 6 ਜੁਲਾਈ ਨੂੰ ਝੰਡਾ ਮਾਰਚ



ਨਾਭਾ (ਵਰਿੰਦਰ ਵਰਮਾ)-ਦੀ ਕਲਾਸ ਫੋਰਥ ਗੌਰਮਿੰਟ ਇੰਪਲਾਈਜ਼ ਯੂਨੀਅਨ ਪੰਜਾਬ, ਤਹਿਸੀਲ ਨਾਭਾ ਕਮੇਟੀ ਨਾਲ ਸਬੰਧਤ ਵੱਖ-ਵੱਖ ਵਿਭਾਗਾਂ ਦੇ ਕੱਚੇ ਤੇ ਪੱਕੇ ਚੌਥਾ ਦਰਜਾ ਕ੍ਰਮਚਾਰੀਆਂ ਦੀ ਇਕੱਤਰਤਾ ਹੋਈ।ਇਕੱਤਰਤਾ ਵਿੱਚ ਸੂਬਾਈ ਪ੍ਰਧਾਨ ਦਰਸ਼ਨ ਸਿੰਘ ਲੁਬਾਣਾ, ਰਾਮ ਪ੍ਰਸ਼ਾਦ ਸਹੋਤਾ ਜਿਲ੍ਹਾ ਸੀਨੀਅਰ ਮੀਤ ਪ੍ਰਧਾਨ, ਸ਼ਿਵ ਚਰਨ ਜਿਲ੍ਹਾ ਮੀਤ ਪ੍ਰਧਾਨ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।

ਇਕੱਤਰਤਾ ਦੀ ਅਗਵਾਈ ਤਹਿਸੀਲ ਪ੍ਰਧਾਨ ਵਰਿੰਦਰ ਕੁਮਾਰ ਬੈਣੀ ਨੇ ਕੀਤੀ ਤੇ ਉਨ੍ਹਾਂ ਨਾਲ ਤਹਿਸੀਲ ਚੇਅਰਮੈਨ ਦੀਪ ਚੰਦ ਹੰਸ, ਵੇਦ ਪ੍ਰਕਾਸ਼ ਕਾਲੀ ਜਨ: ਸਕੱਤਰ ਨਗਰ ਕੌਂਸਲ, ਲਖਵੀਰ ਸਿੰਘ ਲੱਕੀ ਤਹਿ: ਜਨ: ਸਕੱਤਰ ਮੌਜੂਦ ਸਨ।ਇਸ ਮੌਕੇ 'ਆਪ' ਸਰਕਾਰ ਦੇ ਢਾਈ ਸਾਲਾ ਕਾਰਜਕਾਲ ਵਿੱਚ ਮੁਲਾਜ਼ਮਾਂ, ਪੈਨਸ਼ਨਰਾਂ ਅਤੇ ਕੱਚੇ ਕ੍ਰਮਚਾਰੀਆਂ ਦੀਆਂ ਮੰਗਾਂ ਨੂੰ ਅੱਖੋਂ ਓਹਲੇ ਕੀਤਾ ਗਿਆ ਹੈ, ਜਿਸਦਾ ਖਾਮਿਆਜ਼ਾ ਲੋਕ ਸਭਾ ਚੋਣਾਂ ਵਿੱਚ ਸਾਹਮਣੇ ਆਇਆ ਹੈ।ਮੁਲਾਜ਼ਮਾਂ ਦੀਆਂ ਮੰਗਾਂ ਜਿਸ ਵਿੱਚ ਵਰਕਚਾਰਜ, ਟੈਂਪਰੇਰੀ, ਐਡਹਾਕ, ਡੈਲੀ ਵੈਜਿਜ, ਕੰਟਰੈਕਟਰ, ਆਊਟਸੋਰਸ ਕਰਮੀਆਂ ਨੂੰ ਰੈਗੂਲਰ ਕਰਨਾ, ਪੁਰਾਣੀ ਪੈਨਸ਼ਨ ਬਹਾਲ ਕਰਨਾ, ਵੱਖ-ਵੱਖ ਵਿਭਾਗਾਂ ਦੇ ਪੁਨਰਗਠਨ ਦੌਰਾਨ ਖਤਮ ਕੀਤੀਆਂ ਆਸਾਮੀਆਂ ਨੂੰ ਬਹਾਲ ਕਰਨਾ, ਪੈਨਸ਼ਨਰਾਂ ਨੂੰ 2.59 ਲਾਭ ਦੇਣਾ, ਦਰਜਾ ਚਾਰ ਕ੍ਰਮਚਾਰੀਆਂ ਦਾ 2011 ਦਾ ਵਿਸ਼ੇਸ਼ ਇੰਕਰੀਮੈਂਟ ਜੋ ਖੋਹਿਆ ਗਿਆ ਹੈ, ਬਹਾਲ ਕਰਨਾ, ਨਵੀਂ ਰੈਗੂਲਰ ਭਰਤੀ ਕਰਨੀ, ਘੱਟੋ-ਘੱਟ ਉਜਰਤਾਂ 26000/- ਰੁਪਏ ਜਾਰੀ ਕਰਨਾ, ਉੱਕਾ ਪੁੱਕਾ ਤਨਖਾਹਾਂ ਦੇਣ ਦਾ 19 ਜਨਵਰੀ ਦਾ ਫ਼ੈਸਲਾ ਵਾਪਸ ਲੈਣਾ, ਸਥਾਨਕ ਸਰਕਾਰਾਂ ਵਿਚਲੇ ਸਫ਼ਾਈ ਕਾਮਿਆਂ ਤੇ ਸੀਵਰਮੈਨਾਂ ਨੂੰ ਨਿਯੁਕਤ ਕਰਨਾ, ਜੰਗਲਾਤ ਵਿਭਾਗ ਦੇ ਸਕਿਲਡ ਤੇ ਅਣ-ਸਕਿਲਡ ਕਰਮੀਆਂ ਨੂੰ ਮਨਰੇਗਾ ਵਿੱਚ ਧੱਕਣ ਦਾ ਫੈਸਲਾ ਰੱਦ ਕਰਨਾ ਆਦਿ ਦੋ ਦਰਜਨ ਮੰਗਾਂ ਸ਼ਾਮਲ ਹਨ।ਫੈਸਲਾ ਕੀਤਾ ਗਿਆ ਕਿ ਵਿਧਾਨ ਸਭਾ ਦੀ ਜਲੰਧਰ ਜ਼ਿਮਨੀ ਚੋਣ ਸਮੇਂ 6 ਜੁਲਾਈ ਨੂੰ ਮੁਲਾਜ਼ਮ ਝੰਡਾ ਮਾਰਚ ਦੌਰਾਨ ਪੰਜਾਬ ਸਰਕਾਰ ਦਾ ਪਿੱਠ ਸਿਆਪਾ ਕਰਨਗੇ।

**Format C1**

Declaration about criminal cases

Name and address of candidate: Mr. Mohinder Bhagat

Name of Political Party: Aam Aadmi Party (AAP)

Name of Constituency: Jalandhar west – 34

I Mohinder Bhagat, a candidate for above mentioned election, declare for public information the following details about my criminal antecedents:

(A) Pending criminal cases

| Sl_No | Name of Court | Case No and dated | Status of Case (s) | Section of Acts concerned and brief description of Offence(s) |
|---|---|---|---|---|
| 1. | C.J.M Jalandhar | CHI/1899/2018 | Pending | U/S 143,149, 186, 505 IPC |
| Description | The offences are in regard to raising voice against the Government and participate in a protest. FIR against him are politically motivated. | | | |

(B) Details about cases of Conviction for criminal offences

| | | | | |
|---|---|---|---|---|
| NA | NA | NA | NA | NA |

# ਖਰਚਾ ਅਬਜ਼ਰਵਰ ਨੇ ਐੱਮ ਸੀ ਐੱਮ ਸੀ ਦਾ ਲਿਆ ਜਾਇਜ਼ਾ



**ਜਲੰਧਰ, (ਸੁਰਿੰਦਰ ਕੁਮਾਰ, ਸ਼ੈਲੀ ਐਲਬਰਟ)**- ਵਿਧਾਨ ਸਭਾ ਹਲਕਾ ਜਲੰਧਰ ਪੱਛਮੀ (ਅ.ਜ.) ਦੀ ਉਪ ਚੋਣ ਲਈ ਨਿਯੁਕਤ ਖਰਚਾ ਆਬਜ਼ਰਵਰ ਮੀਨੂੰ ਸੁਸੇਨ ਅਬਰਾਹਮ ਨੇ ਮੰਗਲਵਾਰ ਜ਼ਿਲ੍ਹਾ ਪੱਧਰ 'ਤੇ ਸਥਾਪਤ ਮੀਡੀਆ ਸਰਟੀਫਿਕੇਸ਼ਨ ਅਤੇ ਮੋਨੀਟਰਿੰਗ ਸੈੱਲ (ਐਮ.ਸੀ.ਐਮ.ਸੀ.) ਦਾ ਦੌਰਾ ਕੀਤਾ ਅਤੇ ਅਧਿਕਾਰੀਆਂ ਤੇ ਸਟਾਫ ਨੂੰ ਪ੍ਰਿੰਟ ਅਤੇ ਇਲੈਕਟ੍ਰਾਨਿਕ ਮੀਡੀਆ ਦੇ ਨਾਲ-ਨਾਲ ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਸਖਤ ਨਜ਼ਰ ਰੱਖਣ ਦੀਆਂ ਹਦਾਇਤਾਂ ਦਿੱਤੀਆਂ। ਖਰਚਾ ਆਬਜ਼ਰਵਰ ਨੇ ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਕਮਰਾ ਨੰ. 14-ਏ ਵਿੱਚ ਸਥਾਪਤ ਐਮ.ਸੀ.ਐਮ.ਸੀ. ਦੇ ਸਟਾਫ ਨਾਲ ਪ੍ਰੀ-ਸਰਟੀਫਿਕੇਸ਼ਨ, ਮੁੱਲ ਦੀਆਂ ਖ਼ਬਰਾਂ 'ਤੇ ਨਿਗਰਾਨੀ, ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਉਮੀਦਵਾਰਾਂ ਦੀਆਂ ਚੋਣ ਗਤੀਵਿਧੀਆਂ ਵਰਗੇ ਮੁੱਦਿਆਂ 'ਤੇ ਜਾਣਕਾਰੀ ਇਕੱਤਰ ਕਰਨ ਲਈ ਗੱਲਬਾਤ ਕੀਤੀ। ਉਨ੍ਹਾਂ ਨਿਗਰਾਨੀ ਟੀਮਾਂ ਨੂੰ ਸਾਰੀਆਂ ਚੋਣ ਸਰਗਰਮੀਆਂ, ਇਸ਼ਤਿਹਾਰਾਂ, ਖ਼ਬਰਾਂ ਖਾਸ ਕਰ ਸੋਸ਼ਲ ਮੀਡੀਆ 'ਤੇ ਬਾਜ਼ ਨਜ਼ਰ ਰੱਖਣ ਦੀਆਂ ਹਦਾਇਤਾਂ ਦਿੱਤੀਆਂ ਤਾਂ ਜੋ ਕਿਸੇ ਵੀ ਤਰੀਕੇ ਦੀ ਚੋਣ ਜ਼ਾਬਤੇ ਦੀ ਉਲੰਘਣਾ ਹੋਣ 'ਤੇ ਫੌਰੀ ਨੋਟਿਸ ਲਿਆ ਜਾ ਸਕੇ। ਉਨ੍ਹਾਂ ਸੈੱਲ ਦੇ ਅਧਿਕਾਰੀਆਂ/ਕਰਮਚਾਰੀਆਂ ਨੂੰ ਕਿਹਾ ਕਿ ਅਖਬਾਰ, ਟੀ.ਵੀ., ਰੇਡੀਓ, ਸੋਸ਼ਲ ਮੀਡੀਆ 'ਤੇ ਕੜੀ ਨਜ਼ਰ ਰੱਖੀ ਜਾਵੇ ਅਤੇ ਜੇਕਰ ਕਿਸੇ ਉਮੀਦਵਾਰ ਦਾ ਇਸ਼ਤਿਹਾਰ/ਪੇਡ ਨਿਊਜ਼ ਮਿਲਦੀ ਹੈ ਤਾਂ ਉਸ ਨੂੰ ਉਸ ਦੇ ਚੋਣ ਖਰਚੇ ਵਿੱਚ ਸ਼ਾਮਲ ਕਰਨ ਲਈ ਤੁਰੰਤ ਲੋੜੀਂਦੀ ਕਾਰਵਾਈ ਕੀਤੀ ਜਾਵੇ। ਉਨ੍ਹਾਂ ਦੱਸਿਆ ਕਿ ਇਲੈਕਟ੍ਰਾਨਿਕ ਮੀਡੀਆ, ਜਿਸ ਵਿੱਚ ਈ-ਪੇਪਰ ਤੇ ਸੋਸ਼ਲ ਮੀਡੀਆ ਵੀ ਸ਼ਾਮਲ ਹੈ, ਵਿੱਚ ਇਸ਼ਤਿਹਾਰ ਦੇਣ ਲਈ ਐਮ.ਸੀ.ਐਮ.ਸੀ. ਤੋਂ ਪ੍ਰਵਾਨਗੀ ਲੈਣਾ ਜ਼ਰੂਰੀ ਹੈ। ਐਮ.ਸੀ.ਐਮ.ਸੀ. ਇਸ਼ਤਿਹਾਰ ਦੇ ਕੰਟੈਂਟ ਨੂੰ ਵਾਚਣ ਦੇ ਨਾਲ-ਨਾਲ ਇਸ ਨੂੰ ਬਣਾਉਣ 'ਤੇ ਆਏ ਖਰਚੇ ਬਾਰੇ ਜਾਣਕਾਰੀ ਲੈ ਕੇ ਇਸ ਨੂੰ ਮਨਜ਼ੂਰੀ ਦੇਵੇਗੀ। ਜ਼ਿਕਰਯੋਗ ਹੈ ਕਿ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫਸਰ ਡਾ. ਹਿਮਾਂਸ਼ੂ ਅਗਰਵਾਲ ਦੀ ਅਗਵਾਈ ਵਿੱਚ ਗਠਿਤ ਮੀਡੀਆ ਸਰਟੀਫਿਕੇਸ਼ਨ ਅਤੇ ਮੋਨੀਟਰਿੰਗ ਸੈੱਲ ਵੱਲੋਂ ਚੋਣ ਜ਼ਾਬਤਾ ਲੱਗਣ ਉਪਰੰਤ ਸਿਆਸੀ ਪਾਰਟੀਆਂ/ਉਮੀਦਵਾਰਾਂ ਵੱਲੋਂ ਪ੍ਰਿੰਟ, ਇਲੈਕਟ੍ਰਾਨਿਕ ਅਤੇ ਸੋਸ਼ਲ ਮੀਡੀਆ ਰਾਹੀਂ ਕੀਤੇ ਜਾ ਰਹੇ ਪ੍ਰਚਾਰ, ਇਸ਼ਤਿਹਾਰਬਾਜ਼ੀ, ਖ਼ਬਰਾਂ 'ਤੇ 24 ਘੰਟੇ ਨਜ਼ਰ ਰੱਖੀ ਜਾ ਰਹੀ ਹੈ। ਇਸ ਕੰਮ ਲਈ ਕਰੀਬ 30 ਕਰਮਚਾਰੀ ਤਾਇਨਾਤ ਕੀਤੇ ਗਏ ਹਨ, ਜਿਨ੍ਹਾਂ ਵੱਲੋਂ ਤਿੰਨ ਸ਼ਿਫਟਾਂ ਵਿੱਚ ਡਿਊਟੀ ਨਿਭਾਈ ਜਾ ਰਹੀ ਹੈ।

# ਜਲ ਸਪਲਾਈ ਤੇ ਸੈਨੀਟੇਸ਼ਨ ਮੰਤਰੀ ਨੇ ਬਲਾਕ ਰਿਸੋਰਸ ਕੋਆਰਡੀਨੇਟਰਾਂ ਦੀਆਂ ਜਥੇਬੰਦੀਆਂ ਨਾਲ ਕੀਤੀ ਮੀਟਿੰਗ



**ਫਗਵਾੜਾ (ਡਾ. ਰਮਨ)**-ਪੰਜਾਬ ਦੇ ਜਲ ਸਪਲਾਈ ਅਤੇ ਸੈਨੀਟੇਸ਼ਨ ਮੰਤਰੀ ਬ੍ਰਮ ਸ਼ੰਕਰ ਸ਼ਰਮਾ (ਜਿੰਪਾ) ਨੇ ਅੱਜ ਇਥੇ ਵਿਭਾਗ ਦੇ ਬਲਾਕ ਰਿਸੋਰਸ ਕੋਆਰਡੀਨੇਟਰਾਂ ਦੀਆਂ ਦੋ ਜਥੇਬੰਦੀਆਂ ਦੇ ਆਗੂਆਂ ਨਾਲ ਮੀਟਿੰਗ ਕਰਕੇ ਉਨ੍ਹਾਂ ਦੀਆਂ ਮੰਗਾਂ 'ਤੇ ਵਿਚਾਰ-ਵਟਾਂਦਰਾ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਦੀ ਪਾਲਿਸੀ ਮੁਤਾਬਕ ਇਨ੍ਹਾਂ ਮੰਗਾਂ ਸਬੰਧੀ ਆਉਂਦੇ ਸਮੇਂ ਵਿੱਚ ਲੋੜੀਂਦੀ ਕਾਰਵਾਈ ਕੀਤੀ ਜਾਵੇਗੀ। ਦੋਵਾਂ ਜਥੇਬੰਦੀਆਂ ਦੇ ਰਾਜ ਦੇ ਵੱਖ-ਵੱਖ ਹਿੱਸਿਆਂ ਤੋਂ ਆਏ ਆਗੂਆਂ ਨਾਲ ਸਥਾਨਕ ਨਗਰ ਨਿਗਮ ਕੰਪਲੈਕਸ ਵਿਖੇ ਗੱਲਬਾਤ ਉਪਰੰਤ ਕੈਬਨਿਟ ਮੰਤਰੀ ਬ੍ਰਮ ਸ਼ੰਕਰ ਸ਼ਰਮਾ (ਜਿੰਪਾ) ਨੇ ਦੱਸਿਆ ਕਿ ਇਨ੍ਹਾਂ ਮੰਗਾਂ ਸਬੰਧੀ ਪੂਰੀ ਹਮਦਰਦੀ ਨਾਲ ਵਿਚਾਰ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਵਿਭਾਗ ਵੱਲੋਂ ਬਲਾਕ ਰਿਸੋਰਸ ਕੋਆਰਡੀਨੇਟਰਾਂ ਦੇ ਅਹਿਮ ਮਸਲਿਆਂ ਬਾਬਤ ਪਹਿਲਾਂ ਵੀ ਵਿੱਤ ਵਿਭਾਗ ਕੋਲ ਪਹੁੰਚ ਕੀਤੀ ਗਈ ਸੀ ਅਤੇ ਆਉਂਦੇ ਦਿਨਾਂ ਵਿੱਚ ਮੁੜ ਇਹ ਮੰਗਾਂ ਪ੍ਰਵਾਨ ਕਰਵਾਉਣ ਲਈ ਸਬੰਧਤ ਵਿਭਾਗ ਨਾਲ ਤਾਲਮੇਲ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਮੁਲਾਜ਼ਮ ਵਰਗ ਦੇ ਜਾਇਜ਼ ਮਸਲਿਆਂ ਦੇ ਫੌਰੀ ਨਿਪਟਾਰੇ ਲਈ ਤਤਪਰ ਅਤੇ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੇ ਮੁਲਾਜ਼ਮਾਂ ਦੀਆਂ ਮੰਗਾਂ 'ਤੇ ਵੀ ਪੂਰੀ ਗੰਭੀਰਤਾ ਨਾਲ ਵਿਚਾਰ ਕੀਤਾ ਜਾਵੇਗਾ। ਜਥੇਬੰਦੀਆਂ ਦੇ ਆਗੂਆਂ ਵੱਲੋਂ ਆਪਣੀਆਂ ਮੰਗਾਂ ਬਾਰੇ ਵਿਸਥਾਰ ਨਾਲ ਜਾਣੂ ਕਰਵਾਉਣ 'ਤੇ ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਉਨ੍ਹਾਂ ਦੇ ਮਸਲਿਆਂ ਬਾਰੇ ਹਰ ਸੰਭਵ ਯਤਨ ਕੀਤਾ ਜਾਵੇਗਾ। ਉਨ੍ਹਾਂ ਵਿਭਾਗ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਤਾਕੀਦ ਕੀਤੀ ਕਿ ਉਹ ਆਪਣੀਆਂ ਪੇਸ਼ੇਵਰ ਜ਼ਿੰਮੇਵਾਰੀਆਂ ਨੂੰ ਪੂਰੀ ਤਨਦੇਹੀ ਅਤੇ ਸਮਰਪਣ ਭਾਵਨਾ ਨਾਲ ਨਿਭਾਉਣ। ਉਨ੍ਹਾਂ ਕਿਹਾ ਕਿ ਵਿਭਾਗ ਵਿੱਚ ਬਿਹਤਰੀਨ ਕਾਰਗੁਜ਼ਾਰੀ ਵਾਲੇ ਅਧਿਕਾਰੀਆਂ/ ਕਰਮਚਾਰੀਆਂ ਦਾ ਸਮੇਂ-ਸਮੇਂ ਸਿਰ ਬਣਦਾ ਮਾਣ-ਸਤਿਕਾਰ ਲਾਜ਼ਮੀ ਕੀਤਾ ਜਾਵੇਗਾ। ਪੱਤਰਕਾਰਾਂ ਵੱਲੋਂ ਮੌਨਸੂਨ ਦੇ ਮੱਦੇਨਜ਼ਰ ਤਿਆਰੀਆਂ ਸਬੰਧੀ ਪੁੱਛੇ ਜਾਣ 'ਤੇ ਮਾਲ, ਮੁੜ ਵਸੇਬਾ ਅਤੇ ਆਫਤ ਪ੍ਰਬੰਧਨ ਮੰਤਰੀ ਬ੍ਰਮ ਸ਼ੰਕਰ ਸ਼ਰਮਾ (ਜਿੰਪਾ) ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ 'ਤੇ ਸੰਵੇਦਨਸ਼ੀਲ ਇਲਾਕਿਆਂ ਵਿੱਚ ਹੜ੍ਹਾਂ ਦੀ ਰੋਕਥਾਮ ਲਈ ਲੋੜੀਂਦੇ ਫੰਡ ਜਾਰੀ ਕੀਤੇ ਜਾ ਚੁੱਕੇ ਹਨ। ਉਨ੍ਹਾਂ ਦੱਸਿਆ ਕਿ ਆਫਤ ਪ੍ਰਬੰਧਨ ਵਿਭਾਗ ਪੂਰੇ ਸੂਬੇ ਅੰਦਰ ਅਜਿਹੀ ਸਥਿਤੀ 'ਤੇ ਨਜ਼ਰਸਾਨੀ ਕਰ ਰਿਹਾ ਹੈ ਤਾਂ ਜੋ ਕਿਸੇ ਵੀ ਅਣਸੁਖਾਵੇਂ ਹਾਲਾਤ ਨਾਲ ਸੁਚੱਜੇ ਢੰਗ ਨਾਲ ਨਜਿੱਠਿਆ ਜਾ ਸਕੇ ਇਸ ਮੌਕੇ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੇ ਮੁਖੀ ਅਮਿਤ ਤਲਵਾੜ, ਮੁੱਖ ਇੰਜੀਨੀਅਰ ਜਸਵੀਰ ਸਿੰਘ ਤੋਂ ਜਥੇਬੰਦੀਆਂ ਦੇ ਆਗੂ ਅਤੇ ਅਧਿਕਾਰੀ ਵੀ ਮੌਜੂਦ ਸਨ ।

# ਪੇਂਡੂ ਮਜ਼ਦੂਰ ਯੂਨੀਅਨ ਵੱਲੋਂ ਐੱਸ ਐੱਸ ਪੀ ਦਫ਼ਤਰ ਅੱਗੇ ਅਣਮਿੱਥੇ ਸਮੇਂ ਲਈ ਮੋਰਚਾ ਸ਼ੁਰੂ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਪਿੰਡ ਟਾਹਲੀ ਥਾਣਾ ਟਾਂਡਾ ਨਾਲ ਸੰਬੰਧਤ ਜੇਲ੍ਹ ਡੱਕੇ 3 ਦਲਿਤ ਮਜ਼ਦੂਰਾਂ ਨੂੰ ਰਿਹਾਅ ਕਰਨ ਅਤੇ ਦਲਿਤ ਨੌਜਵਾਨ ਦੇ ਹੱਥੋਂ ਮੋਬਾਇਲ ਫ਼ੋਨ ਝਪਟਣ ਉਪਰੰਤ ਦਲਿਤ ਮਜ਼ਦੂਰਾਂ ਨਾਲ ਵਧੀਕੀ ਕਰਨ ਵਾਲੇ ਟਾਂਡਾ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਜਸਵੀਰ ਸਿੰਘ ਰਾਜਾ ਅਤੇ ਉਸ ਦੇ ਹਮਾਇਤੀਆਂ ਖਿਲਾਫ਼ ਐੱਸ ਸੀ ਐੱਸ ਟੀ ਐਕਟ ਤੇ ਹੋਰ ਧਾਰਾਵਾਂ ਤਹਿਤ ਮਾਮਲਾ ਦਰਜ ਕਰਕੇ ਕਾਰਵਾਈ ਕਰਨ ਦੇ ਵਾਅਦੇ ਤੋਂ ਸੀਨੀਅਰ ਪੁਲਸ ਅਧਿਕਾਰੀਆਂ ਦੁਆਰਾ ਪਿੱਛੇ ਹਟਣ ਵਿਰੁੱਧ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਵਲੋਂ ਐੱਸ ਐੱਸ ਪੀ ਹੁਸ਼ਿਆਰਪੁਰ ਦੇ ਦਫ਼ਤਰ ਅੱਗੇ ਅਣਮਿੱਥੇ ਸਮੇਂ ਲਈ ਮੋਰਚਾ ਸ਼ੁਰੂ ਕਰ ਦਿੱਤਾ ਗਿਆ। ਮੋਰਚੇ ਦੀ ਹਮਾਇਤ ਵਿੱਚ ਕਿਰਤੀ ਕਿਸਾਨ ਯੂਨੀਅਨ, ਡਿਸਟ੍ਰਿਕਟ ਬਾਰ ਐਸੋਸੀਏਸ਼ਨ, ਡੈਮੋਕ੍ਰੇਟਿਕ ਟੀਚਰਜ਼ ਫਰੰਟ, ਡੈਮੋਕ੍ਰੇਟਿਕ ਪੈਨਸ਼ਨਰ ਫਰੰਟ ਅਤੇ ਇਸਤਰੀ ਜਾਗ੍ਰਿਤੀ ਮੰਚ ਦੇ ਆਗੂਆਂ ਨੇ ਧਰਨੇ ਵਿੱਚ ਪੁੱਜ ਕੇ ਡਟਵੀਂ ਹਮਾਇਤ ਦਾ ਐਲਾਨ ਕੀਤਾ।ਇਸ ਮੌਕੇ ਡੀ ਸੀ ਕੋਮਲ ਮਿੱਤਲ ਅਤੇ ਐੱਸ ਐੱਸ ਪੀ ਸੁਰੇਂਦਰ ਲਾਂਬਾ ਨੇ ਜਥੇਬੰਦੀਆਂ ਦੇ ਆਗੂਆਂ ਨਾਲ ਅਲੱਗ ਅਲੱਗ ਮੀਟਿੰਗਾਂ ਕੀਤੀਆਂ ਜੋ ਬੇਸਿੱਟਾ ਰਹੀਆਂ।



ਇਸ ਮੌਕੇ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾ ਪ੍ਰੈੱਸ ਸਕੱਤਰ ਕਸ਼ਮੀਰ ਸਿੰਘ ਘੁੱਗਸ਼ੋਰ ਨੇ ਐਲਾਨ ਕੀਤਾ ਕਿ ਮੰਗਾਂ ਦੇ ਠੋਸ ਨਿਪਟਾਰੇ ਤੱਕ ਮੋਰਚਾ ਜਾਰੀ ਰਹੇਗਾ।ਉਨ੍ਹਾਂ ਕਿਹਾ ਕਿ ਸੰਵਿਧਾਨ ਦੀ ਕਸਮ ਖਾ ਕੇ ਕੁਰਸੀ ਉੱਪਰ ਬੈਠਣ ਵਾਲੇ ਸੀਨੀਅਰ ਪੁਲਸ ਅਧਿਕਾਰੀ ਸੰਵਿਧਾਨ ਅਨੁਸਾਰ ਕੰਮ ਕਰਨ ਦੀ ਥਾਂ ਐੱਮ ਐੱਲ ਏ ਟਾਂਡਾ ਦੇ ਪਿੱਛਲੱਗ ਬਣੇ ਹੋਏ ਹਨ। ਇਸ ਕਰਕੇ ਹੀ ਬਿਨ੍ਹਾਂ ਵਜ੍ਹਾ ਤਿੰਨ ਦਲਿਤ ਮਜ਼ਦੂਰਾਂ ਨੂੰ 20 ਮਈ ਤੋਂ ਜੇਲ੍ਹ ਵਿੱਚ ਬੰਦ ਕੀਤਾ ਹੋਇਆ ਹੈ। ਉਨ੍ਹਾਂ ਕਿਹਾ ਕਿ 20 ਮਈ ਪਿੰਡ ਟਾਹਲੀ ਥਾਣਾ ਟਾਂਡਾ ਵਿਖੇ ਪ੍ਰੋਵੈਸ਼ਨਲ ਗੌਰਮੈਂਟ ਦੀਆਂ ਜ਼ਮੀਨਾਂ ਤੋਂ ਨਜਾਇਜ਼ ਕਬਜ਼ੇ ਹਟਾ ਕੇ ਦਲਿਤਾਂ ਨੂੰ ਮਾਲਕੀ ਹੱਕ ਕਿਉਂ ਨਹੀਂ, ਲਾਲ ਲਕੀਰ ਵਿੱਚ ਰਹਿੰਦੇ ਲੋਕਾਂ ਨੂੰ ਮਾਲਕੀ ਹੱਕ ਕਿਉਂ ਨਹੀਂ ਦਿੱਤੇ, ਦਿਹਾੜੀ ਵਿੱਚ ਵਾਧਾ ਕਿਉਂ ਨਹੀਂ ਕੀਤਾ? ਲੋਕ ਸਭਾ ਚੋਣਾਂ ਦੌਰਾਨ ਐੱਮ ਐੱਲ ਏ ਟਾਂਡਾ ਜਸਵੀਰ ਸਿੰਘ ਰਾਜਾ ਨੂੰ ਸਵਾਲ ਕਰਕੇ ਕੋਈ ਗੁਨਾਹ ਨਹੀਂ ਕੀਤਾ। ਉਨ੍ਹਾਂ ਕਿਹਾ ਕਿ ਪੁਲਸ ਪ੍ਰਸ਼ਾਸਨ ਐੱਮ ਐੱਲ ਏ ਟਾਂਡਾ ਨੂੰ ਖ਼ੁਸ਼ ਕਰਨਾ ਛੱਡਦੇ ਹੋਏ ਜੇਲ੍ਹ ਡੱਕੇ ਦਲਿਤ ਮਜ਼ਦੂਰਾਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ ਅਤੇ ਐੱਮ ਐੱਲ ਏ ਟਾਂਡਾ ਅਤੇ ਉਸ ਦੇ ਹਮਾਇਤੀਆਂ ਖਿਲਾਫ਼ ਮਾਮਲਾ ਦਰਜ ਕਰਕੇ ਕਾਰਵਾਈ ਕੀਤੀ ਜਾਵੇ।ਇਸ ਮੌਕੇ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾ ਆਗੂ ਹੰਸ ਰਾਜ ਪੱਬਵਾਂ, ਗੁਰਪ੍ਰੀਤ ਸਿੰਘ ਚੀਦਾ, ਜੀ ਐੱਸ ਅਟਵਾਲ, ਜ਼ਿਲ੍ਹਾ ਬਾਰ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਐਡਵੋਕੇਟ ਰਣਜੀਤ ਕੁਮਾਰ, ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਆਗੂ ਸੰਤੋਖ ਸਿੰਘ ਸੰਧੂ, ਮੱਖਣ ਸਿੰਘ, ਗੁਰਕੰਵਲ ਸਿੰਘ, ਡੈਮੋਕ੍ਰੇਟਿਕ ਟੀਚਰਜ਼ ਫਰੰਟ ਦੇ ਸੂਬਾਈ ਜਨਰਲ ਸਕੱਤਰ ਮੁਕੇਸ਼ ਕੁਮਾਰ, ਡੈਮੋਕ੍ਰੇਟਿਕ ਪੈਨਸ਼ਨਰ ਫਰੰਟ ਦੇ ਬਲਵੀਰ ਸਿੰਘ ਖਾਨਪੁਰੀ, ਪੁਰਾਣੀ ਪੈਨਸ਼ਨ ਬਹਾਲੀ ਕਮੇਟੀ ਦੇ ਆਗੂ ਇੰਦਰ ਸੁੱਖਦੀਪ ਸਿੰਘ ਉਡਰਾ ਅਤੇ ਇਸਤਰੀ ਜਾਗ੍ਰਿਤੀ ਮੰਚ ਦੇ ਸੂਬਾਈ ਪ੍ਰੈੱਸ ਸਕੱਤਰ ਜਸਵੀਰ ਕੌਰ ਜੱਸੀ ਆਦਿ ਨੇ ਸੰਬੋਧਨ ਕੀਤਾ।

# ਸੋਲਰ ਪਾਵਰ ਪ੍ਰੋਜੈਕਟ ਚਾਲੂ ਹੋਣ ਨਾਲ ਪੀ ਐਸ ਪੀ ਸੀ ਐੱਲ ਵੱਲੋਂ ਨਵਿਆਉਣਯੋਗ ਊਰਜਾ ਸਮਰੱਥਾ 'ਚ ਵਾਧਾ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਦੇ ਬਿਜਲੀ ਮੰਤਰੀ ਹਰਭਜਨ ਸਿੰਘ ਈਟੀਓ ਨੇ ਦੱਸਿਆ ਕਿ ਮੈਸਰਜ਼ ਐਸ.ਏ.ਈ.ਐਲ ਲਿਮਟਿਡ ਦੁਆਰਾ ਪਿੰਡ ਕਰਮਗੜ੍ਹ, ਮਲੋਟ ਵਿਖੇ ਲਗਾਏ ਗਏ 50 ਮੈਗਾਵਾਟ ਸਮਰੱਥਾ ਦੇ ਸੋਲਰ ਪਾਵਰ ਪ੍ਰੋਜੈਕਟ ਨੂੰ ਸਿੰਕਰੋਨਾਈਜ਼ ਕਰ ਦਿੱਤਾ ਗਿਆ ਹੈ ਅਤੇ ਸੋਲਰ ਪਾਵਰ 220 ਕੇ ਵੀ ਗ੍ਰਿਡ ਸਬ-ਸਟੇਸ਼ਨ ਕਟੋਰੇਵਾਲਾ ਵਿੱਚ ਸਪਲਾਈ ਸ਼ੁਰੂ ਹੋ ਗਈ ਹੈ। ਪੰਜਾਬ ਵਿੱਚ ਸਥਾਪਿਤ ਕੀਤੇ ਜਾਣ ਵਾਲੇ 4 ਮੈਗਾਵਾਟ ਦੇ ਚਾਰ ਸੋਲਰ ਪਾਵਰ ਪ੍ਰੋਜੈਕਟ 2.748 ਰੁਪਏ/ਕਿਲੋਵਾਟ ਘੰਟਾ ਦੀ ਦਰ 'ਤੇ ਪੇਡਾ ਨੂੰ ਅਲਾਟ ਕੀਤੇ ਗਏ ਸਨ। ਇਨ੍ਹਾਂ ਵਿੱਚੋਂ ਪਿੰਡ ਤਰਖਾਣਵਾਲਾ, ਬਠਿੰਡਾ ਵਿਖੇ 4 ਮੈਗਾਵਾਟ ਦੇ ਇੱਕ ਸੋਲਰ ਪਾਵਰ ਪ੍ਰੋਜੈਕਟ ਨੂੰ ਵੀ ਪੀ ਐਸ ਪੀ ਸੀ ਐਲ ਦੇ 66 ਕੇਵੀ ਗ੍ਰਿਡ ਸਬ-ਸਟੇਸ਼ਨ ਸੇਖੋਂ ਨਾਲ ਸਿੰਕਰੋਨਾਈਜ਼ ਕੀਤਾ ਗਿਆ ਹੈ।ਉਨ੍ਹਾਂ ਅੱਗੇ ਕਿਹਾ ਕਿ ਇਨ੍ਹਾਂ ਪ੍ਰੋਜੈਕਟਾਂ ਦੇ ਸਿੰਕਰੋਨਾਈਜੇਸ਼ਨ ਨਾਲ, ਪੰਜਾਬ ਰਾਜ ਲਈ ਸੋਲਰ ਪਾਵਰ ਪ੍ਰੋਜੈਕਟਾਂ ਦੀ ਸੰਚਿਤ ਸਥਾਪਿਤ ਸਮਰੱਥਾ ਹੁਣ 2081 ਮੈਗਾਵਾਟ ਤੱਕ ਪਹੁੰਚ ਗਈ ਹੈ। ਉਨ੍ਹਾਂ ਇਹ ਵੀ ਕਿਹਾ ਕਿ 2850 ਮੈਗਾਵਾਟ ਦੇ ਸੋਲਰ ਪਾਵਰ ਪ੍ਰੋਜੈਕਟ ਕਮਿਸ਼ਨਿੰਗ ਅਧੀਨ ਹਨ।ਉਲੇਖਯੋਗ ਹੈ ਕਿ ਇਹ 54 ਮੈਗਾਵਾਟ ਦੇ ਸੋਲਰ ਪਾਵਰ ਪ੍ਰੋਜੈਕਟ ਰੋਜ਼ਾਨਾ ਲਗਭਗ 3 ਲੱਖ ਯੂਨਿਟ ਹਰੀ ਊਰਜਾ ਪੈਦਾ ਕਰਨਗੇ ਅਤੇ ਇਨ੍ਹਾਂ ਪ੍ਰੋਜੈਕਟਾਂ ਦੁਆਰਾ ਪੈਦਾ ਕੀਤੀ ਗਈ ਸੋਲਰ ਪਾਵਰ ਦਿਨ ਦੇ ਸਮੇਂ ਉਪਲਬਧ ਹੋਵੇਗੀ ਅਤੇ ਇਸ ਨੂੰ ਪੰਜਾਬ ਰਾਜ ਦੇ ਕਿਸਾਨਾਂ ਨੂੰ ਖੇਤੀਬਾੜੀ ਪਾਵਰ ਵਜੋਂ ਸਪਲਾਈ ਕੀਤਾ ਜਾਵੇਗਾ।ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ ਐਸ ਪੀ ਸੀ ਐਲ) ਨੇ ਟਿਕਾਊ ਊਰਜਾ ਸਰੋਤਾਂ ਨੂੰ ਉਤਸ਼ਾਹਿਤ ਕਰਦੇ ਹੋਏ ਰਾਜ ਦੀ ਵਧਦੀ ਬਿਜਲੀ ਮੰਗ ਨੂੰ ਪੂਰਾ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਿਆ ਹੈ। ਕਾਰਪੋਰੇਸ਼ਨ ਨੇ ਜੂਨ-2022 ਵਿੱਚ 2.65 ਰੁਪਏ/ਕਿਲੋਵਾਟ ਘੰਟਾ ਦੀ ਪ੍ਰਤੀਯੋਗੀ ਦਰ 'ਤੇ 250 ਮੈਗਾਵਾਟ ਸੋਲਰ ਪਾਵਰ ਦੀ ਖਰੀਦ ਲਈ ਸੋਲਰ ਪਾਵਰ ਡਿਵੈਲਪਰਾਂ ਨਾਲ ਸਮਝੌਤੇ ਅੰਤਿਮ ਕੀਤੇ ਸਨ

।ਬਿਜਲੀ ਮੰਤਰੀ ਨੇ ਸਾਫ਼, ਹਰੀ ਅਤੇ ਘੱਟ ਟੈਰਿਫ ਵਾਲੀ ਨਵਿਆਉਣਯੋਗ ਬਿਜਲੀ ਦੇ ਹਿੱਸੇ ਨੂੰ ਵਧਾਉਣ ਅਤੇ ਆਪਣੇ ਗਾਹਕਾਂ ਨੂੰ ਭਰੋਸੇਯੋਗ ਅਤੇ ਸਸਤੀ ਬਿਜਲੀ ਦੀ ਸਭ ਤੋਂ ਵਧੀਆ ਗੁਣਵੱਤਾ ਪ੍ਰਦਾਨ ਕਰਨ ਲਈ ਪੰਜਾਬ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਇਆ।ਬਿਜਲੀ ਮੰਤਰੀ ਨੇ ਅੱਗੇ ਕਿਹਾ, ਅਸੀਂ ਨਾ ਸਿਰਫ਼ ਆਪਣੀਆਂ ਬਿਜਲੀ ਦੀਆਂ ਲੋੜਾਂ ਨੂੰ ਪੂਰਾ ਕਰ ਰਹੇ ਹਾਂ, ਸਗੋਂ ਕਾਰਬਨ ਨਿਕਾਸ ਨੂੰ ਘਟਾਉਣ ਦੇ ਰਾਸ਼ਟਰੀ ਉਦੇਸ਼ ਵਿੱਚ ਵੀ ਯੋਗਦਾਨ ਪਾ ਰਹੇ ਹਾਂ।

# ਵਿਧਾਇਕ ਚਰਨਜੀਤ ਸਿੰਘ ਵੱਲੋਂ ਸੀਸਵਾਂ ਨਦੀ ਦੇ ਬੰਨ੍ਹਾਂ ਦਾ ਦੌਰਾ



**ਸ੍ਰੀ ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)** - ਹਲਕਾ ਵਿਧਾਇਕ ਡਾ. ਚਰਨਜੀਤ ਸਿੰਘ ਨੇ ਮੌਨਸੂਨ ਦੀ ਸ਼ੁਰੂਆਤ ਦੌਰਾਨ ਕਿਸੇ ਵੀ ਅਣਸੁਖਾਵੀਂ ਘਟਨਾ ਤੋਂ ਬਚਣ ਲਈ ਸੀਸਵਾਂ ਨਦੀ ਅਤੇ ਬੁਧਕੀ ਨਦੀ ਸਮੇਤ ਵੱਖ-ਵੱਖ ਬੰਨ੍ਹਾਂ ਦਾ ਦੌਰਾ ਕਰਦਿਆਂ ਅਧਿਕਾਰੀਆਂ ਨੂੰ ਸਖ਼ਤੀ ਨਾਲ ਹਦਾਇਤਾਂ ਜਾਰੀ ਕੀਤੀਆਂ ਕਿ ਪਿਛਲੀਆਂ ਸਰਕਾਰਾਂ ਦੀਆਂ ਗਲਤੀਆਂ ਕਰਕੇ ਪਿਛਲੇ ਸਾਲ ਲੋਕਾਂ ਨੂੰ ਹੜ੍ਹਾਂ ਦੀ ਮਾਰ ਦਾ ਸਾਹਮਣਾ ਕਰਨ ਪਿਆ ਸੀ ਪਰ ਇਸ ਵਾਰ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਜਲ ਸਰੋਤਾਂ ਦੇ ਮੌਨਸੂਨ ਤੋਂ ਅਗਾਊਂ ਪ੍ਰਬੰਧਾਂ ਲਈ ਵਚਨਬੱਧ ਹੈ। ਇਸ ਕਰਕੇ ਹੜ੍ਹਾਂ ਵਰਗੀ ਸਥਿਤੀ ਪੈਦਾ ਨਾ ਹੋਵੇ ਅਤੇ ਉਸ ਸੰਬੰਧੀ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਜਾਣ। ਉਨ੍ਹਾਂ ਦੱਸਿਆ ਕਿ ਸੀਸਵਾਂ ਨਦੀ ਅਤੇ ਬੁੱਧਕੀ ਨਦੀ ਸਮੇਤ ਸਤਲੁਜ ਦਰਿਆ ਦੇ ਕੰਢਿਆਂ 'ਤੇ ਮਜ਼ਬੂਤੀ ਨਾਲ ਬੰਨ੍ਹ ਬਣਵਾਏ ਗਏ ਹਨ ਅਤੇ ਵੱਖ ਕਾਜ਼ਵੇ ਨੂੰ ਵੀ ਮੁਰੰਮਤ ਕਰਕੇ ਮਜ਼ਬੂਤ ਬਣਾਇਆ ਗਿਆ ਹੈ ਤਾਂ ਜੋ ਕਿ ਬਰਸਾਤਾਂ ਦੇ ਦਿਨਾਂ ਦੌਰਾਨ ਕੋਈ ਨੁਕਸਾਨ ਨਾ ਹੋ ਸਕੇ। ਇਸ ਮੌਕੇ ਐੱਸਡੀਐੱਮ ਅਮਰੀਕ ਸਿੰਘ ਸਿੱਧੂ, ਤਹਿਸੀਲਦਾਰ ਕਰਮਜੋਤ ਸਿੰਘ, ਐਕਸੀਅਨ ਹਰਸਾਤ ਵਰਮਾ, ਐਸ.ਡੀ.ਓ. ਸੁਖਪਾਲ ਸਿੰਘ, ਬੀਡੀਪੀਓ ਅਜੈਬ ਸਿੰਘ, ਨਗਰ ਕੌਂਸਲ ਦੇ ਵਾਇਸ ਪ੍ਰਧਾਨ ਭੁਪਿੰਦਰ ਸਿੰਘ ਭੂਰਾ, ਕੌਂਸਲਰ ਸੁਖਬੀਰ ਸਿੰਘ, ਜਗਤਾਰ ਸਿੰਘ ਅਤੇ ਰਣਬੀਰ ਸਿੰਘ ਆਦਿ ਹਾਜ਼ਰ ਸਨ।

# ਨਵੇਂ ਅਪਰਾਧਕ ਕਾਨੂੰਨਾਂ ਬਾਰੇ ਪਹਿਲੀ ਜੁਲਾਈ ਨੂੰ ਹੋਣਗੇ ਥਾਣਿਆਂ ਤੇ ਜੇਲਾਂ 'ਚ ਵਿਆਪਕ ਜਾਗਰੂਕਤਾ ਪ੍ਰੋਗਰਾਮ

**ਚੰਡੀਗੜ੍ਹ, (ਕ੍ਰਿਸ਼ਨ ਗਰਗ)** - ਹਰਿਆਣਾ ਦੇ ਮੁੱਖ ਸਕੱਤਰ ਟੀ ਵੀ ਐਸ ਐਨ ਪ੍ਰਸਾਦ ਨੇ ਕਿਹਾ ਕਿ ਨਵੇਂ ਅਪਰਾਧਕ ਕਾਨੂੰਨਾਂ ਦੇ ਬਾਰੇ 1 ਜੁਲਾਈ ਨੂੰ ਸੂਬੇ ਦੇ ਸਾਰੇ 378 ਪੁਲਸ ਥਾਣਿਆਂ ਅਤੇ ਜੇਲ੍ਹਾਂ ਵਿਚ ਵਿਆਪਕ ਜਾਗਰੂਕਤਾ ਪ੍ਰੋਗਰਾਮ ਪ੍ਰਬੰਧਿਤ ਕੀਤੇ ਜਾਣਗੇ। ਇਸ ਪਹਿਲ ਦਾ ਉਦੇਸ਼ ਆਮ ਜਨਤਾ ਨੂੰ ਤਿੰਨ ਨਵੇਂ ਅਪਰਾਧਕ ਕਾਨੂੰਨਾਂ-ਭਾਰਤੀ ਨਿਆਂ ਸੰਹਿਤਾ 2023, ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਅਤੇ ਭਾਰਤੀ ਸੁਰੱਖਿਆ ਪਰੂਫ ਐਕਟ 2023 ਦੇ ਬਾਰੇ ਵਿਚ ਸਿੱਖਿਅਤ ਕਰਨਾ ਹੈ। ਟੀ ਵੀ ਐਸ ਐਨ ਪ੍ਰਸਾਦ ਨੇ ਮੰਗਲਵਾਰ ਵੀਡੀਓ ਕਾਨਫ੍ਰੈਂਸਿੰਗ ਰਾਹੀਂ ਕੇਂਦਰੀ ਗ੍ਰਹਿ ਸਕੱਤਰ ਦੀ ਅਗਵਾਈ ਹੇਠ ਹੋਈ ਮੀਟਿੰਗ ਦੌਰਾਨ ਇਹ ਜਾਣਕਾਰੀ ਦਿੱਤੀ। ਮੀਟਿੰਗ ਵਿਚ 1 ਜੁਲਾਈ ਤੋਂ ਹੋਣ ਵਾਲੇ ਇਨ੍ਹਾਂ ਨਵੇਂ ਅਪਰਾਧਕ ਕਾਨੂੰਨਾਂ ਦੇ ਰਾਜਸ਼ਟਰ ਵਿਆਪੀ ਲਾਗੂ ਕਰਨ ਲਈ ਸੂਬਿਆਂ ਦੀ ਤਿਆਰੀਆਂ ਦੀ ਸਮੀਖਿਆ ਕੀਤੀ ਗਈ।ਉਨ੍ਹਾਂ ਨੇ ਦੱਸਿਆ ਕਿ ਜਾਂਚ ਅਧਿਕਾਰੀਆਂ (ਆਈ ਓ) ਸਮੇਤ ਲਗਭਗ 40,000 ਪੁਲਸ ਕਰਮਚਾਰੀਆਂ ਨੂੰ ਸੂਬੇ ਦੇ ਵੱਖ-ਵੱਖ ਸਿਖਲਾਈ ਕੇਂਦਰਾਂ ਵਿਚ ਟ੍ਰੇਂਡ ਕੀਤਾ ਗਿਆ ਹੈ। ਇਸ ਤੋਂ ਇਲਾਵਾ, ਹਰਿਆਣਾ ਦੇ 300 ਨਿਆਂਇਕ ਅਧਿਕਾਰੀਆਂ ਨੇ ਚੰਡੀਗੜ੍ਹ ਨਿਆਂਇਕ ਅਕਾਦਮੀ ਵਿਚ ਨਵੇਂ ਅਪਰਾਧਕ ਮਾਮਲਿਆਂ 'ਤੇ ਸਿਖਲਾਈ ਪ੍ਰਾਪਤ ਕੀਤੀ ਹੈ। ਉਨ੍ਹਾਂ ਕਿਹਾ ਕਿ ਰਾਜ ਦੇ ਸਾਰੇ ਜੇਲ੍ਹ ਸੁਪਰਡੈਂਟਾਂ ਨੂੰ ਨਵੇਂ ਅਪਰਾਧਕ ਕਾਨੂੰਨਾਂ ਬਾਰੇ ਕੈਦੀਆਂ, ਉਨ੍ਹਾਂ ਦੇ ਰਿਸ਼ਤੇਦਾਰਾਂ, ਸੈਨਾਨੀਆਂ ਅਤੇ ਜੇਲ੍ਹ ਕਰਮਚਾਰੀਆਂ ਦੇ ਲਈ ਇਕ ਵਿਸ਼ੇਸ਼ ਜਾਗਰੂਕਤਾ ਮੁਹਿੰਮ ਸ਼ੁਰੂ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ।

# ਐੱਸ ਡੀ ਐੱਮ ਬੰਗਾ ਵੱਲੋਂ ਨਸ਼ਿਆਂ ਦੇ ਖ਼ਾਤਮੇ ਸੰਬੰਧੀ ਵਿਸ਼ੇਸ਼ ਮੀਟਿੰਗ

**ਬੰਗਾ (ਅਵਤਾਰ ਕਲੇਰ)**- ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ਾਂ ਅਤੇ ਡਿਪਟੀ ਕਮਿਸ਼ਨਰ ਨਵਜੋਤਪਾਲ ਸਿੰਘ ਰੰਧਾਵਾ ਸ਼ਹੀਦ ਭਗਤ ਸਿੰਘ ਨਗਰ ਦੇ ਆਦੇਸ਼ਾਂ ਅਨੁਸਾਰ ਵਿਕਰਮਜੀਤ ਸਿੰਘ ਪਾਂਥੇ ਐਸ ਡੀ ਐਮ ਬੰਗਾ ਦੀ ਅਗਵਾਈ ਹੇਠ ਮੰਗਲਵਾਰ ਤਹਿਸੀਲ ਬੰਗਾ ਦੇ ਸਮੂਹ ਪਟਵਾਰੀਆਂ/ਕਾਨੂੰਗੋ ਅਤੇ ਨੰਬਰਦਾਰਾਂ ਨਾਲ ਨਸ਼ਿਆਂ ਦੇ ਖ਼ਾਤਮੇ ਸਬੰਧੀ ਇੱਕ ਜ਼ਰੂਰੀ ਮੀਟਿੰਗ ਕੀਤੀ ਗਈ। ਐਸ ਡੀ ਐਮ ਪਾਂਥੇ ਨੇ ਕਿਹਾ ਕਿ ਪਿੰਡਾਂ ਦੇ ਅੰਦਰ ਨਸ਼ਿਆਂ ਕਰਕੇ ਜਵਾਨੀ ਦਾ ਘਾਣ ਹੋ ਰਿਹਾ ਹੈ, ਜਿਸ ਪ੍ਰਤੀ ਸੁਚੇਤ ਹੋਣਾ ਹਰ ਇੱਕ ਨਾਗਰਿਕ ਦੀ ਜ਼ਿੰਮੇਵਾਰੀ/ਫਰਜ਼ ਹੈ। ਉਨ੍ਹਾਂ ਨਸ਼ੇ ਦੇ ਕੋਹੜ ਨੂੰ ਜੜ੍ਹੋਂ ਖਤਮ ਕਰਨ ਲਈ ਪਟਵਾਰੀਆਂ ਅਤੇ ਨੰਬਰਦਾਰਾਂ ਨੂੰ ਅਪੀਲ ਕੀਤੀ ਕਿ ਪਿੰਡਾਂ/ਸ਼ਹਿਰਾਂ ਵਿੱਚ ਨਸ਼ੇ ਦੀ ਸਪਲਾਈ ਕਰਨ ਵਾਲੇ ਵਿਅਕਤੀਆਂ ਦੇ ਨਾਂਅ ਮੇਰੇ ਤੱਕ ਪੁੱਜਦਾ ਕੀਤੇ ਜਾਣ। ਉਨ੍ਹਾਂ ਕਿਹਾ ਕਿ ਇਸ ਸਬੰਧੀ ਲੈਂਡ ਰੈਵਿਨਿਊ ਐਕਟ ਵਿੱਚ ਵੀ ਲਿਖਿਆ ਗਿਆ ਹੈ ਕਿ ਜੋ ਕੋਈ ਵਿਅਕਤੀ ਪਿੰਡ/ਸ਼ਹਿਰ ਵਿੱਚ ਨਸ਼ੇ ਦੀ ਸਪਲਾਈ ਕਰਦਾ ਹੈ ਜਾਂ ਨਸ਼ੇ ਪ੍ਰਤੀ ਗਤੀਵਿਧੀ ਕਰਦਾ ਹੈ ਤਾਂ ਉਸ ਦਾ ਨਾਂਅ ਦੱਸਣ ਦੀ ਜ਼ਿੰਮੇਵਾਰੀ ਵੀ ਪਟਵਾਰੀ ਅਤੇ ਨੰਬਰਦਾਰ ਦੀ ਹੈ। ਉਨ੍ਹਾਂ ਕਿਹਾ ਕਿ ਸੂਚਨਾ ਦੇਣ ਵਾਲੇ ਵਿਅਕਤੀ ਦਾ ਨਾਮ ਗੁਪਤ ਰੱਖਿਆ ਜਾਵੇਗਾ। ਇਸ ਮੀਟਿੰਗ ਵਿੱਚ ਤਹਿਸੀਲਦਾਰ ਬੰਗਾ ਹਰਮਿੰਦਰ ਸਿੰਘ, ਨਾਇਬ ਤਹਿਸੀਲਦਾਰ ਮਿਸ ਮਨੀ ਮਹਾਜਨ, ਸੁਪਰਡੈਂਟ ਐਸ ਡੀ ਐਮ ਦਫਤਰ ਬੰਗਾ ਬਲਦੇਵ ਸਿੰਘ ਸੈਣੀ, ਸੀਨੀਅਰ ਸਹਾਇਕ ਸ਼ਿਗਾਰਾ ਰਾਮ, ਗੁਰਜੀਤ ਸਿੰਘ, ਹਰਪ੍ਰੀਤ ਕੌਰ ਹਾਜ਼ਰ ਸਨ।



# 'ਨਸ਼ਿਆਂ ਨੇ ਖਾਧਾ ਪੁੱਤਾਂ ਨੂੰ, ਪ੍ਰਦੂਸ਼ਣ ਖਾ ਗਿਆ ਰੁੱਤਾਂ ਨੂੰ'

**ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ )**- ਉਪਕਾਰ ਕੋਆਰਡੀਨੇਸ਼ਨ ਸੋਸਾਇਟੀ ਵਲੋਂ ਸਥਾਨਕ ਆਈ.ਟੀ.ਆਈ (ਮਹਿਲਾਵਾਂ) ਵਿਖੇ ਵਿਸ਼ਵ ਨਸ਼ਾ ਵਿਰੋਧੀ ਦਿਵਸ ਨੂੰ ਸਮਰਪਿਤ ਜਾਗਰੂਕਤਾ ਚਿੱਤਰ ਮੁਕਾਬਲੇ ਆਯੋਜਿਤ ਕੀਤੇ ਗਏ। ਇਹਨਾਂ ਮੁਕਾਬਲਿਆਂ ਵਿੱਚ 18 ਸਿਖਿਆਰਥਣਾਂ ਨੇ ਭਾਗ ਲਿਆ। ਨਤੀਜਿਆਂ ਅਨੁਸਾਰ ਤਮੰਨਾ ਨੇ ਪਹਿਲਾ, ਗੀਤਿਕਾ ਰਾਏ ਨੇ ਦੂਜਾ ਤੇ ਮਨਪ੍ਰੀਤ ਕੌਰ ਨੇ ਤੀਸਰਾ ਸਥਾਨ ਹਾਸਲ ਕੀਤਾ। ਤਮੰਨਾ ਵਲੋਂ ਬਣਾਏ ਚਿੱਤਰ ਦਾ ਸਿਰਲੇਖ ਬਹੁਤ ਟੁੰਬਵਾਂ ਸੀ ਜਿਸ ਵਿੱਚ ਨਸ਼ਿਆਂ ਨੇ ਖਾਧਾ ਪੁੱਤਾਂ ਨੂੰ, ਪ੍ਰਦੂਸ਼ਣ ਖਾ ਗਿਆ ਰੁੱਤਾਂ ਨੂੰ। ਮੈਡਮ ਨੀਲਮ ਰਾਣੀ ਮੁੱਖ ਅਧਿਆਪਕਾ ਦੀ ਪ੍ਰਧਾਨਗੀ ਹੇਠ ਹੋਏ ਜਾਗਰੂਕਤਾ ਸਮਾਗਮ ਵਿੱਚ ਉਪਰੋਕਤ ਤਿੰਨ ਸਥਾਨਾਂ ਦੇ ਜੇਤੂਆਂ ਨੂੰ ਵਿਸ਼ੇਸ਼ ਮੋਮੈਂਟੋ ਤੇ ਸਰਟੀਫਿਕੇਟ ਅਤੇ ਸਮੂਹ ਪ੍ਰਤੀਯੋਗੀਆਂ ਨੂੰ ਪ੍ਰਤੀਯੋਗੀ ਸਰਟੀਫਿਕੇਟ ਭੇਟ ਕੀਤੇ ਗਏ। ਸੋਸਾਇਟੀ ਦੇ ਪ੍ਰਧਾਨ ਜੇ ਐਸ ਗਿੱਦਾ, ਨਰਿੰਦਰਪਾਲ ਰਿਟਾ: ਪੋਸਟ ਮਾਸਟਰ ਅਤੇ ਪ੍ਰਿੰਸੀਪਲ ਬਿਕਰਮਜੀਤ ਸਿੰਘ ਨੇ ਇਸ ਮੌਕੇ ਸਮਾਗਮ ਨੂੰ ਸੰਬੋਧਨ ਕੀਤਾ। ਬੁਲਾਰਿਆਂ ਨੇ ਆਖਿਆ ਕਿ ਨਸ਼ਿਆਂ ਦੀ ਬੁਰਾਈ ਸਮਾਜ ਦੇ ਵਿਕਾਸ ਲਈ ਰੁਕਾਵਟ ਬਣਦੀ ਹੈ। ਨਸ਼ਿਆਂ ਦੀ ਬੁਰਾਈ ਨਾਲ ਜਿੱਥੇ ਕੀਮਤੀ ਜਾਨਾਂ ਜਾ ਰਹੀਆਂ ਹਨ, ਉੱਥੇ ਇਸ ਨਾਲ ਜੁਰਮ ਵੀ ਵਧਦੇ ਹਨ। ਬੁਲਾਰਿਆਂ ਨੇ ਲੜਕੀਆਂ ਨੂੰ ਉਦਯੋਗਿਕ ਸਿਖਲਾਈ ਪ੍ਰਾਪਤ ਕਰਨ 'ਤੇ ਵਧਾਈ ਦਿੱਤੀ ਤੇ ਕਿਹਾ ਕਿ ਹੁਨਰ ਪ੍ਰਾਪਤ ਵਿਅਕਤੀ ਕਿਸੇ ਵੀ ਹਾਲਤ ਵਿੱਚ ਆਪਣਾ ਜੀਵਨ ਨਿਰਬਾਹ ਕਰਨ ਦੇ ਸਮਰੱਥ ਹੁੰਦਾ ਹੈ। ਇਸ ਮੌਕੇ ਸਟਾਫ ਵਲੋਂ ਮੈਡਮ ਨੀਲਮ ਰਾਣੀ, ਪ੍ਰਿਆ, ਰਣਜੀਤ ਕੌਰ, ਅਮਨਦੀਪ ਕੌਰ, ਅੰਜਨਾ ਕੁਮਾਰੀ, ਸਰਬਜੀਤ,ਪੂਜਾ ਸ਼ਰਮਾ, ਦਲਜੋਹਨ ਸਿੰਘ ਤੇ ਅਮਰ ਬਹਾਦਰ ਹਾਜ਼ਰ ਸਨ। ਮੈਡਮ ਨੀਲਮ ਰਾਣੀ ਨੇ ਸੰਸਥਾ ਵਲੋਂ ਜਾਗਰੂਕਤਾ ਚਿੱਤਰ ਮੁਕਾਬਲੇ ਆਯੋਜਿਤ ਕਰਨ ਲਈ ਉਪਕਾਰ ਕੋਆਰਡੀਨੇਸ਼ਨ ਸੋਸਾਇਟੀ ਦਾ ਧੰਨਵਾਦ ਕੀਤਾ।



# ਪ੍ਰਸਿੱਧ ਲੇਖਕਾਂ ਦੀਆਂ ਤਿੰਨ ਪੁਸਤਕਾਂ ਕੀਤੀਆਂ ਗਈਆਂ ਲੋਕ ਅਰਪਣ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)**-ਡਾਇਰੈਕਟਰ ਭਾਸ਼ਾ ਵਿਭਾਗ ਪਟਿਆਲਾ ਦੇ ਦਿਸ਼ਾ-ਨਿਰਦੇਸ਼ਾਂ 'ਤੇ ਜ਼ਿਲ੍ਹਾ ਭਾਸ਼ਾ ਦਫ਼ਤਰ ਹੁਸ਼ਿਆਰਪੁਰ ਵਿਚ ਸ਼ਾਨਦਾਰ ਕਵੀ ਦਰਬਾਰ ਕਰਵਾਇਆ ਗਿਆ, ਜਿਸ ਦੀ ਪ੍ਰਧਾਨਗੀ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਜਲੰਧਰ ਦੇ ਪੰਜਾਬੀ ਵਿਭਾਗ ਦੇ ਮੁਖੀ ਡਾ. ਹਰਪ੍ਰੀਤ ਸਿੰਘ, ਸਹਾਇਕ ਲੋਕ ਸੰਪਰਕ ਅਫ਼ਸਰ ਲੋਕੇਸ਼ ਚੌਬੇ, ਕੁਲਤਾਰ ਸਿੰਘ ਕੁਲਤਾਰ ਅਤੇ ਜਸਬੀਰ ਸਿੰਘ ਧੀਮਾਨ ਨੇ ਕੀਤੀ।ਭਾਸ਼ਾ ਵਿਭਾਗ ਦੇ ਖੋਜ ਅਫ਼ਸਰ ਡਾ. ਜਸਵੰਤ ਰਾਏ ਨੇ ਆਏ ਮਹਿਮਾਨਾਂ, ਵਿਦਵਾਨਾਂ ਅਤੇ ਕਵੀਆਂ ਦਾ ਸਵਾਗਤ ਕਰਦੇ ਹੋਏ ਭਾਸ਼ਾ ਵਿਭਾਗ ਦੀਆਂ ਗਤੀਵਿਧੀਆਂ ਸਾਂਝੀਆਂ ਕੀਤੀਆਂ। ਕਵੀ ਦਰਬਾਰ ਤੋਂ ਪਹਿਲਾਂ ਸਦੀਵੀ ਵਿਛੋੜਾ ਦੇ ਗਏ ਪੰਜਾਬੀ ਦੇ ਉੱਘੇ ਸਾਹਿਤਕਾਰ ਸੁਰਜੀਤ ਪਾਤਰ, ਮੋਹਨਜੀਤ ਅਤੇ ਸੁਖਜੀਤ ਨੂੰ ਦੋ ਮਿੰਟ ਦਾ ਮੌਨ ਰੱਖ ਕੇ ਸ਼ਰਧਾਂਜਲੀ ਦਿੱਤੀ ਗਈ।ਉਸ ਤੋਂ ਬਾਅਦ ਹਾਜ਼ਰ ਕਵੀਆਂ ਡਾ. ਸ਼ਮਸ਼ੇਰ ਮੋਹੀ, ਕੁਲਤਾਰ ਸਿੰਘ ਕੁਲਤਾਰ, ਜਸਬੀਰ ਧੀਮਾਨ, ਪੰਮੀ ਦਿਵੇਦੀ, ਅੰਜੂ ਵ. ਰੱਤੀ, ਕੁੰਦਨ ਲਾਲ ਭੱਟੀ, ਤੀਰਥ ਚੰਦ ਸਰੋਆ, ਰੈਪੀ ਰਾਜੀਵ, ਰਮਨੀਕ ਸਿੰਘ, ਅਜੇ ਕੁਮਾਰ, ਪਰਮਜੀਤ ਸਿੰਘ, ਰਵੀ ਸਿੰਘ ਬਠਿੰਡਾ, ਦਵਿੰਦਰ ਸਿੰਘ ਨੇ ਆਪਣੀ ਨਜ਼ਮਾਂ, ਗ਼ਜ਼ਲਾਂ ਅਤੇ ਗੀਤਾਂ ਨੂੰ ਤਰੰਨੁਮ 'ਚ ਪੇਸ਼ ਕਰਕੇ ਸਮਾਂ ਬੰਨ੍ਹ ਦਿੱਤਾ।ਡਾ. ਹਰਪ੍ਰੀਤ ਸਿੰਘ ਨੇ ਪੇਸ਼ ਰਚਨਾਵਾਂ 'ਤੇ ਆਪਣੀ ਟਿੱਪਣੀਆਂ ਦਿੰਦਿਆਂ ਸਮਕਾਲੀ ਕਵਿਤਾ ਦੇ ਬਾਰੇ ਭਾਵਪੂਰਨ ਬਿਰਤਾਂਤ ਵਿਸਤਾਰ ਵਿੱਚ ਸਾਂਝੇ ਕੀਤੇ।ਨਵੀਆਂ ਕਲਮਾਂ ਲਈ ਸਿੱਖਣ ਵਾਲਾ ਮਾਹੌਲ ਬਣਾਉਂਦਿਆਂ ਉਨ੍ਹਾਂ ਇਤਿਹਾਸਕ ਘਟਨਾਵਾਂ ਨੂੰ ਕਿਵੇਂ ਕਲਾਸਿਕ ਤਰੀਕੇ ਰਾਹੀਂ ਰਚਨਾਵਾਂ ਦਾ ਹਿੱਸਾ ਬਣਾਉਣਾ ਹੈ, ਬਾਰੇ ਕਈ ਨੁਕਤੇ ਸਾਂਝੇ ਕੀਤੇ।ਇਸ ਮੌਕੇ ਕਹਾਣੀਕਾਰ ਹਰਭਜਨ ਸਿੰਘ ਕਠਾਰਵੀਂ ਦੇ ਕਹਾਣੀ ਸੰਗ੍ਰਹਿ 'ਡੁਬਦੇ ਸੂਰਜ ਦਾ ਅਕਸ', ਅੰਜੂ ਵ. ਰੱਤੀ ਦਾ ਬਾਲ ਕਾਵਿ ਸੰਗ੍ਰਹਿ 'ਸੇਧ ਨਿਸ਼ਾਨੇ' ਅਤੇ ਰੈਪੀ ਰਾਜੀਵ ਦਾ ਕਾਵਿ ਸੰਗ੍ਰਹਿ 'ਯਾਦਾਂ ਜੇ ਨਾ ਹੁੰਦੀਆਂ ਲੋਕ ਅਰਪਣ ਕੀਤੀਆਂ ਗਈਆਂ।ਮੁੱਖ ਮਹਿਮਾਨਾਂ, ਵਿਦਵਾਨਾਂ ਅਤੇ ਕਵੀਆਂ ਦਾ ਭਾਈ ਕਾਨ੍ਹ ਸਿੰਘ ਨਾਭਾ ਮਹਾਨ ਕੋਸ਼, ਕਿਤਾਬਾਂ ਦੇ ਸੈਟ ਅਤੇ ਸ਼ਾਲ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਇੰਸਪੈਕਟਰ ਗੁਰਪ੍ਰੀਤ ਸਿੰਘ, ਲਵਪ੍ਰੀਤ, ਲਾਲ ਸਿੰਘ, ਪੁਸ਼ਪਾ ਰਾਣੀ, ਪ੍ਰਭਦੀਪ ਸਿੰਘ, ਗੁਰਪ੍ਰੀਤ ਸਿੰਘ ਮਾਨਸਾ, ਵਰਿੰਦਰ ਕੁਮਾਰ ਰੱਤੀ, ਰੌਬਿਨ, ਅਮਨਦੀਪ ਸਿੰਘ ਹਾਜ਼ਰ ਸਨ।ਇਸ ਦੌਰਾਨ ਸਹਾਇਕ ਲੋਕ ਸੰਪਰਕ ਅਫ਼ਸਰ ਲੋਕੇਸ਼ ਚੌਬੇ ਨੇ ਸਾਰਿਆਂ ਦਾ ਧੰਨਵਾਦ ਕੀਤਾ। ਸਮਾਗਮ ਦੌਰਾਨ ਸਟੇਜ ਦੀ ਭੂਮਿਕਾ ਡਾ. ਜਸਵੰਤ ਰਾਏ ਨੇ ਬਾਖ਼ੂਬੀ ਨਿਭਾਈ।



# ਮੁੱਖ ਮੰਤਰੀ ਦੀ ਅਗਵਾਈ ਹੇਠ ਹਾਈ ਪਾਵਰਡ ਵਰਕਸ ਪਰਚੇਜ਼ ਕਮੇਟੀ ਦੀ ਮੀਟਿੰਗ

**ਚੰਡੀਗੜ੍ਹ (ਕ੍ਰਿਸ਼ਨ ਗਰਗ)** - ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਦੀ ਅਗਵਾਈ ਹੇਠ ਬੀਤੀ ਸ਼ਾਮ ਹੋਈ ਹਾਈ ਪਾਵਰਡ ਵਰਕਸ ਪਰਚੇਜ਼ ਕਮੇਟੀ ਦੀ ਮੀਟਿੰਗ ਵਿਚ ਕਰੀਬ ਸਵਾ ਅੱਠ ਸੌ ਕਰੋੜ ਰੁਪਏ ਦੇ ਕੰਮਾਂ ਦੀ ਮਨਜ਼ੂਰੀ ਦਿੱਤੀ ਗਈ।ਮੀਟਿੰਗ ਵਿਚ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਕੰਵਰ ਪਾਲ, ਉਦਯੋਗ ਅਤੇ ਵਪਾਰ ਮੰਤਰੀ ਮੂਲਚੰਦ ਸ਼ਰਮਾ, ਬਿਜਲੀ ਮੰਤਰੀ ਰਣਜੀਤ ਸਿੰਘ, ਵਿਕਾਸ ਅਤੇ ਪੰਚਾਇਤ ਮੰਤਰੀ ਮਹੀਪਾਲ ਢਾਂਡਾ ਤੋਂ ਇਲਾਵਾ ਹੋਰ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ।ਇਸ ਮੀਟਿੰਗ ਵਿਚ ਪੁਲਸ ਕਰਮਚਾਰੀਆਂ ਲਈ ਅੰਬਾਲਾ ਵਿਚ ਲਗਭਗ 19 ਕਰੋੜ ਕਰੋੜ ਰੁਪਏ ਨਾਲ ਬਣਨ ਵਾਲੇ 96 ਮਕਾਨਾਂ ਦੇ ਟੈਂਡਰ ਦੀ ਅਖੀਰੀ ਮਨਜ਼ੂਰੀ ਦਿੱਤੀ ਗਈ। ਇਸ ਤੋਂ ਇਲਾਵਾ ਭਿਵਾਨੀ ਜ਼ਿਲ੍ਹਾ ਦੇ ਪਿੰਡ ਖਰਕੜੀ ਵਿਚ ਮਹਾਰਾਣਾ ਪ੍ਰਤਾਪ ਹੋਰਟੀਕਲਚਰ ਯੂਨੀਵਰਸਿਟੀ ਦੇ ਰੀਜਨਲ ਰਿਸਰਚ ਸਟੇਸ਼ਨ ਵਿਚ 9.47 ਕਰੋੜ ਰੁਪਏ ਨਾਲ ਅਤੇ ਇਸੇ ਯੂਨੀਵਰਸਿਟੀ ਦੇ ਕਰਨਾਲ ਵਿਚ 358 ਕਰੋੜ ਰੁਪਏ ਦੀ ਨਿਰਮਾਣ ਕੰਮਾਂ ਨੂੰ ਮਨਜ਼ੂਰੀ ਦਿੱਤੀ ਗਈ। ਬਿਜਲੀ ਵਿਭਾਗ ਵਿਚ ਵੱਧ ਸਮਰੱਥਾ ਦੇ ਕਰੰਟ ਦੇਣ ਵਾਲੇ ਕੰਡਕਟਰ ਨੂੰ ਬਦਲਣ ਲਈ 111 ਕਰੋੜ ਰੁਪਏ, ਫਰੀਦਾਬਾਦ ਜ਼ਿਲ੍ਹਾ ਦੇ ਪਿੰਡ ਧੌਜ ਤੋਂ ਸੀਵਰੇਜ ਪਾਇਪ ਲਾਇਨ ਵਿਛਾਉਣ ਲਈ 19.32 ਕਰੋੜ ਰੁਪਏ, ਕੈਥਲ ਜ਼ਿਲ੍ਹਾ ਦੇ ਪਿੰਡ ਢਾੜ ਵਿਚ ਜਲ ਸਪਲਾਈ ਸਮਰੱਥਾ ਦੀ ਅਪਗ੍ਰੇਡੇਸ਼ਨ ਦੇ ਲਈ 28.60 ਕਰੋੜ ਰੁਪਏ, ਰਿਵਾੜੀ ਜ਼ਿਲ੍ਹਾ ਵਿਚ ਸਾਦਲਪੁਰ ਰੇਲਵੇ ਲਾਇਨ 'ਤੇ 2 ਮੇਨ ਆਰ ਓ ਬੀ ਬਣਵਾਉਣ 'ਤੇ 23 ਕਰੋੜ ਰੁਪਏ, ਪਾਣੀਪਤ ਜ਼ਿਲ੍ਹਾ ਵਿਚ ਪਾਣੀਪਤ ਡਾਹਰ ਰਾਈ ਨੂੰ 4-ਲੇਨ ਕਰਨ ਲਈ 15.80 ਕਰੋੜ ਰੁਪਏ ਅਤੇ ਨਾਰਨੌਲ ਬ੍ਰਾਂਚ ਤੋਂ ਕ੍ਰਿਸ਼ਨਾਵਤੀ ਨਦੀ ਨੂੰ ਰੀਚਾਰਜ ਕਰਨ ਲਈ 41.50 ਕਰੋੜ ਰੁਪਏ ਦੇ ਕੰਮਾਂ ਨੂੰ ਮਨਜ਼ੂਰੀ ਦਿੱਤੀ ਗਈ।ਮੁੱਖ ਮੰਤਰੀ ਦੀ ਅਗਵਾਈ ਹੇਠ ਕੈਥਲ ਜ਼ਿਲ੍ਹਾ ਦੇ ਪਿੰਡ ਲਾਦਨਾ ਚੱਕੂ ਵਿਚ ਸਰਕਾਰੀ ਮਹਿਲਾ ਕਾਲਜ ਦੇ ਨਿਰਮਾਣ 'ਤੇ 14.30 ਕਰੋੜ ਰੁਪਏ, ਰਾਜੌਂਦ ਵਿਚ ਸਰਕਾਰੀ ਕਾਲਜ ਦੀ ਨਵੀਂ ਬਿਲਡਿੰਗ ਬਣਾਉਣ 'ਤੇ 13.60 ਕਰੋੜ ਰੁਪਏ ਅਤੇ ਹਿਸਾਰ ਜ਼ਿਲ੍ਹਾ ਦਾ ਪਿੰਡ ਡਾਟਾ ਵਿਚ ਸਰਕਾਰੀ ਮਹਿਲਾ ਕਾਲਜ ਬਣਾਉਣ ਲਈ 17 ਕਰੋੜ ਰੁਪਏ ਦੇ ਕੰਮ ਦੀ ਮਨਜ਼ੂਰੀ ਦਿੱਤੀ ਗਈ। ਕੁਰੂਕਸ਼ੇਤਰ ਵਿਚ ਐਲ ਐਨ ਜੇ ਪੀ ਹਸਪਤਾਲ ਦੇ ਕੈਂਪਸ ਵਿਚ ਹੀ 100 ਬੈਡ ਤੋਂ ਵੱਧ ਹਸਪਤਾਲ ਬਣਾਉਣ ਲਈ 32 ਕਰੋੜ ਰੁਪਏ, ਪਲਵਲ ਹਸਨਪੁਰ ਰੋਡ ਦੀ ਮਜ਼ਬੂਤੀ ਲਈ 12.15 ਕਰੋੜ ਰੁਪਏ, ਫਤਿਹਾਬਾਦ ਜ਼ਿਲ੍ਹਾ ਵਿਚ ਜਾਖਲ-ਧਾਰਮੂਲ-ਭੂਨਾ-ਪਾਵੜਾ-ਸਰਸੌਂਦ ਰੋਡ ਦੀ ਚੌੜਾਈ ਅਤੇ ਮਜ਼ਬੂਤੀ ਲਈ 21.11 ਕਰੋੜ, ਕੁਰੂਕਸ਼ੇਤਰ ਜ਼ਿਲ੍ਹਾ ਵਿਚ ਸਹਾਰਨਪੁਰ-ਕੁਰੂਕਸ਼ੇਤਰ ਰੋਡ ਦੇ ਸੁਧਾਰ ਸਮੇਤ ਹੋਰ ਕੰਮਾਂ ਲਈ 16.40 ਕਰੋੜ, ਅਸੰਧ-ਨਾਜੌਂਦ-ਕੈਥਲ-ਪਟਿਆਲਾ ਰੋਡ ਦੀ ਸਪੈਸ਼ਲ ਮੁਰੰਮਤ ਲਈ 16.60 ਕਰੋੜ , ਤੋਸ਼ਾਮ -ਬਹਿਲ-ਸੁਧੀਵਾਸ ਰੋਡ ਦੀ ਮਜ਼ਬੂਤੀ ਲਈ 12.50 ਕਰੋੜ , ਹਾਂਸੀ-ਉਮਰਾ, ਸੁਲਤਾਨਪੁਰ-ਕੰਵਾਰੀ ਰੋਡ ਨੂੰ ਸਪੈਸ਼ਲ ਮੁਰੰਮਤ ਲਈ 13.75 ਕਰੋੜ ਰੁਪਏ ਅਤੇ ਯਮੁਨਾਨਗਰ-ਖਜੂਰੀ-ਜਠਲਾਨਾ ਰੋਡ ਦੇ ਨਿਰਮਾਣ ਲਈ 23.62 ਕਰੋੜ ਰੁਪਏ ਦੇ ਨਿਰਮਾਣ ਕੰਮਾਂ ਦੀ ਮਨਜ਼ੂਰੀ ਦਿੱਤੀ ਗਈ।

ਇਸ ਮੌਕੇ ਮੀਟਿੰਗ ਵਿਚ ਮੁੱਖ ਸਕੱਤਰ ਟੀ ਵੀ ਐਸ ਐਨ ਪ੍ਰਸਾਦ, ਮੁੱਖ ਮੰਤਰੀ ਦੇ ਪ੍ਰਧਾਨ ਸਕੱਤਰ ਵੀ ਉਮਾਸ਼ੰਕਰ ਸਮੇਤ ਹੋਰ ਸੀਨੀਅਰ ਅਧਿਕਾਰੀ ਮੌਜੂਦ ਸਨ।

# ਨਸ਼ਿਆਂ ਦੇ ਕਾਰੋਬਾਰ ਨੂੰ ਠੱਲ੍ਹ ਪਾਉਣ ਲਈ ਪੁਲਸ ਵਿਭਾਗ ਸਖਤੀ ਨਾਲ ਕੰਮ ਕਰੇ : ਡਿਪਟੀ ਕਮਿਸ਼ਨਰ

**ਨਵਾਂਸ਼ਹਿਰ, (ਮਨੋਜ ਲਾਡੀ)**-ਨਸ਼ਿਆਂ ਨੂੰ ਰੋਕਣ ਅਤੇ ਨਸ਼ਿਆਂ ਦੇ ਕਾਰੋਬਾਰ ਨੂੰ ਠੱਲ੍ਹ ਪਾਉਣ ਲਈ ਪੁਲਸ ਵਿਭਾਗ ਪੂਰੀ ਸਖਤੀ ਨਾਲ ਕੰਮ ਕਰੇ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਨਵਾਂਸ਼ਹਿਰ ਵਿਖੇ ਨਾਰਕੋ ਕੋਆਰਡੀਨੇਸ਼ਨ ਸੈਂਟਰ ਸਬੰਧੀ ਆਯੋਜਿਤ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਵੱਲੋਂ ਆਦੇਸ਼ ਦਿੱਤੇ ਗਏ ਹਨ ਕਿ ਪੰਜਾਬ ਵਿਚੋਂ ਨਸ਼ਿਆਂ ਨੂੰ ਪੂਰੀ ਤਰ੍ਹਾਂ ਖਤਮ ਕੀਤਾ ਜਾਵੇ। ਉਨਾਂ ਤੋਂ ਪ੍ਰਾਪਤ ਹੋਈਆਂ ਹਦਾਇਤਾਂ ਨੂੰ ਸਬੰਧਤ ਵਿਭਾਗਾਂ ਨੂੰ ਜਾਣੂ ਕਰਾਉਣ ਲਈ ਇਹ ਮੀਟਿੰਗ ਆਯੋਜਿਤ ਕੀਤੀ ਗਈ। ਇਸ ਮੀਟਿੰਗ ਵਿੱਚ ਐਸ.ਡੀ.ਐਮ. ਨਵਾਂਸ਼ਹਿਰ ਅਕਸ਼ਿਤਾ ਗੁਪਤਾ, ਐਸ.ਡੀ.ਐਮ. ਬੰਗਾ ਵਿਕਰਮਜੀਤ ਸਿੰਘ ਪੰਥੇ, ਗੁੱਡ ਗਵਰਨਸ ਫੈਲੋ ਅਸ਼ਮੀਤਾ, ਡੀ.ਐਸ.ਪੀ. ਗੁਰਬਿੰਦਰ ਸਿੰਘ, ਡਾ. ਹਰਪ੍ਰੀਤ ਸਿੰਘ, ਡਾ. ਰਾਜਨ ਸ਼ਾਸਤਰੀ, ਵਣ ਮੰਡਲ ਅਫ਼ਸਰ ਹਰਭਜਨ ਸਿੰਘ, ਖੇਤੀਬਾੜੀ ਅਫ਼ਸਰ ਨਰੇਸ਼ ਕਟਾਰੀਆ, ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਰਾਜਕਿਰਨ ਕੌਰ ਵੱਖ-ਵੱਖ ਵਿਭਾਗਾਂ ਦੇ ਜ਼ਿਲ੍ਹਾ ਅਧਿਕਾਰੀ ਹਾਜ਼ਰ ਸਨ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਰਾਸ਼ਟਰੀ ਬਾਲ ਅਧਿਕਾਰ ਸੁਰੱਖਿਆ ਕਮਿਸ਼ਨ ਨਵੀ ਦਿੱਲੀ ਅਤੇ ਨਾਰਕੋਟਿਕਸ ਕੰਟਰੋਲ ਬਿਊਰੋ ਵੱਲੋਂ ਸਾਂਝੇ ਤੌਰ 'ਤੇ ਬੱਚਿਆਂ ਵਿੱਚ ਨਸ਼ੇ ਦੀ ਦੁਰਵਰਤੋਂ ਨੂੰ ਰੋਕਣ ਲਈ ਫਰਵਰੀ 2021 ਜੁਆਇੰਟ ਐਕਸ਼ਨ ਪਲਾਨ ਏਕ ਯੁੱਧ ਨਸ਼ੇ ਕੇ ਵਿਰੁੱਧ ਤਿਆਰ ਕੀਤਾ ਗਿਆ ਸੀ ਅਤੇ ਸਾਰੇ ਰਾਜਾਂ ਅਧੀਨ ਆਉਣ ਵਾਲੇ ਜ਼ਿਲ੍ਹਿਆਂ ਨੂੰ ਉਪਰੋਕਤ ਜੁਆਇੰਟ ਐਕਸ਼ਨ ਪਲਾਨ ਲਾਗੂ ਕਰਨ ਅਤੇ ਇਸ ਨਾਲ ਸੰਬੰਧਤ ਗਤੀਵਿਧੀਆਂ ਉਲੀਕਣ ਦੀ ਹਦਾਇਤ ਕੀਤੀ ਗਈ ਸੀ। ਜਿਸ ਤਹਿਤ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿੱਚ ਬੱਚਿਆਂ ਵਿੱਚ ਨਸ਼ੇ ਦੀ ਦੁਰਵਰਤੋਂ ਅਤੇ ਰੋਕਥਾਮ ਕਰਨ ਲਈ ਵੱਧ ਤੋਂ ਵੱਧ ਗਤੀਵਿਧੀਆਂ ਉਲੀਕੀਆਂ ਗਈਆਂ ਹਨ ਜਿਸ ਸਦਕਾ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ (ਨਵਾਂਸ਼ਹਿਰ) ਨੂੰ ਬੈਸਟ ਪਰਫੋਰਮਿੰਗ ਡਿਸਟਰਿਕਟ ਐਲਾਨਿਆ ਗਿਆ ਹੈ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਅੱਜ ਦੀ ਮੀਟਿੰਗ ਤੋਂ ਬਾਅਦ ਸੰਬੰਧਤ ਵਿਭਾਗ ਪੂਰੇ ਐਕਸ਼ਨ ਮੂਡ ਵਿੱਚ ਕੰਮ ਕਰਨਗੇ ਅਤੇ ਜ਼ਿਲ੍ਹੇ ਅੰਦਰ ਨਸ਼ਿਆਂ ਖਿਲਾਫ਼ ਹੰਬਲਾ ਬੋਲਦਿਆਂ ਨਸ਼ੇ ਦਾ ਖਤਮ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪਿੰਡਾਂ ਦੇ ਸਰਪੰਚਾਂ, ਨੰਬਰਦਾਰਾਂ, ਆਸ਼ਾ ਵਰਕਰਾਂ ਤੋਂ ਐਸ.ਡੀ.ਐਮ ਪਿੰਡਾਂ ਅੰਦਰ ਨਸ਼ਾ ਵੇਚਣ ਵਾਲਿਆਂ ਦੀ ਪੂਰੀ ਜਾਣਕਾਰੀ ਗੁਪਤ ਤਰੀਕੇ ਨਾਲ ਹਾਸਲ ਕਰਨਗੇ ਅਤੇ ਇਹ ਜਾਣਕਾਰੀ ਪੁਲਸ ਵਿਭਾਗ ਨਾਲ ਤਾਲਮੇਲ ਕਰਕੇ ਸਾਂਝੀ ਕਰਨਗੇ। ਜਾਣਕਾਰੀ ਪ੍ਰਾਪਤ ਹੁੰਦਿਆਂ ਹੀ ਪੁਲਸ ਵਿਭਾਗ ਅਤੇ ਹੋਰ ਸੰਬੰਧਤ ਵਿਭਾਗਾਂ ਵੱਲੋਂ ਨਸ਼ਿਆਂ ਦੇ ਸਮਗਲਰਾਂ 'ਤੇ ਸਖਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਫੜੇ ਗਏ ਨਸ਼ੇ ਦੇ ਸੌਦਾਗਰਾਂ ਦੀਆਂ ਪ੍ਰਾਪਰਟੀਆਂ ਵੀ ਜ਼ਬਤ ਕੀਤੀਆਂ ਗਈਆਂ ਹਨ। ਉਨ੍ਹਾਂ ਨੇ ਕਿਹਾ ਕਿ ਨਸ਼ੇ ਦੇ ਸੌਦਾਗਰਾਂ ਨੂੰ ਕਿਸੇ ਵੀ ਕੀਮਤ ਤੇ ਬਖਸ਼ਿਆ ਨਹੀਂ ਜਾਵੇਗਾ। ਪੁਲਸ ਵਿਭਾਗ ਵੱਲੋਂ ਸੰਬੰਧਤ ਵਿਭਾਗਾਂ ਦੇ ਸਹਿਯੋਗ ਨਾਲ ਜਲਦੀ ਹੀ ਜ਼ਿਲ੍ਹੇ ਅੰਦਰ ਲਹਿਰ ਚਲਾ ਕੇ ਨਸ਼ੇ ਦੀ ਸਪਲਾਈ ਨੂੰ ਖ਼ਤਮ ਕੀਤਾ ਜਾਵੇਗਾ ਅਤੇ ਨਸ਼ਾ ਵੇਚਣ ਵਾਲਿਆਂ ਖਿਲਾਫ ਸਖਤ ਕਾਨੂੰਨੀ ਕਾਰਵਾਈ ਕਰਦੇ ਹੋਏ ਪਰਚਾ ਦਰਜ ਕੀਤਾ ਜਾਵੇਗਾ। ਉਨ੍ਹਾਂ ਨੇ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾਉਣ ਲਈ ਜ਼ਿਲ੍ਹੇ ਅੰਦਰ ਜਾਗਰੂਕਤਾ ਕੈਂਪ ਲਗਾਏ ਜਾਣਗੇ ਤਾਂ ਜੋ ਹਰ ਨੌਜਵਾਨ ਨਸ਼ੇ ਦੇ ਦੁਰਪ੍ਰਭਾਵ ਤੋਂ ਜਾਣੂ ਹੋ ਸਕੇ। ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਨੂੰ ਪੰਜਾਬ ਅੰਦਰੋਂ ਖਤਮ ਕਰਨ ਲਈ ਜ਼ਿਲ੍ਹਾ ਪ੍ਰਸ਼ਾਸਨ ਦਾ ਸਹਿਯੋਗ ਕਰਨ।ਪੁਲਸ ਵਿਭਾਗ ਵੱਲੋਂ ਨਸ਼ਾ ਤਸਕਰੀ ਨੂੰ ਰੋਕਣ ਲਈ ਪਿਛਲੇ ਮਈ ਮਹੀਨੇ ਦੌਰਾਨ 15 ਮੁਕਦਮੇ ਦਰਜ ਕੀਤੇ ਗਏ ਹਨ ਅਤੇ 18 ਦੋਸ਼ੀਆਂ ਨੂੰ ਗ੍ਰਿਫਤਾਰ ਕੀਤਾ ਗਿਆ। 184 ਗਰਾਮ ਹੈਰੋਇਨ, 900 ਗ੍ਰਾਮ ਡੋਡੇ ਚੂਰਾ ਪੋਸਤ, 85 ਟੀਕੇ ਅਤੇ 3 ਲੱਖ 25 ਹਜ਼ਾਰ 900 ਰੁਪਏ ਦੀ ਡਰੱਗਸ ਮਨੀ ਬਰਾਮਦ ਕੀਤੀ ਗਈ ਹੈ। ਨਸ਼ਿਆਂ ਦੀ ਰੋਕਥਾਮ ਸਬੰਧੀ ਕੁੱਲ 31 ਸੈਮੀਨਾਰ ਲਗਾਏ ਗਏ ਹਨ, ਜਿਸ ਵਿੱਚੋਂ ਵੱਖ-ਵੱਖ ਸਕੂਲਾਂ ਕਾਲਜਾਂ ਵਿੱਚ 19 ਸੈਮੀਨਾਰ ਅਤੇ ਟੈਕਸੀ ਸਟੈਂਡ, ਟੈਂਪੂ ਯੂਨੀਅਨ ਟਰੱਕ, ਯੂਨੀਅਨ ਗਰਾਂਡ ਆਦਿ ਥਾਵਾਂ ਤੇ 12 ਸੈਮੀਨਾਰ ਲਗਾ ਕੇ ਜਾਗਰੂਕ ਕੀਤਾ ਗਿਆ। ਪੁਲਸ ਵਿਭਾਗ ਵੱਲੋਂ 35 ਪਿੰਡ ਡਰੱਗ ਫ੍ਰੀ ਘੋਸ਼ਿਤ ਕਰਕੇ ਮਤੇ ਪਾਏ ਗਏ ਹਨ ਅਤੇ ਡਰੱਗਸ ਹੋਟ ਸਪੋਟ ਪਿੰਡਾਂ ਵਿੱਚ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਕਾਰਵਾਈ ਕੀਤੀ ਜਾ ਰਹਿ ਹੈ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਹੈਲਪਲਾਈਨ ਨੰਬਰ 9988303232 ਜਾਰੀ ਕੀਤਾ ਗਿਆ ਹੈ। ਇਸ ਹੈਲਪਲਾਈਨ ਨੰਬਰ 'ਤੇ ਕੋਈ ਨਾਗਰਿਕ, ਸੰਸਥਾ ਸ਼ੱਕੀ ਡਰੱਗ ਸਪਲਾਇਰ ਸਬੰਧੀ ਜਾਣਕਾਰੀ, ਸ਼ਿਕਾਇਤ ਅਤੇ ਮਦਦ ਲਈ ਕਾਲ ਕਰ ਸਕਦੇ ਹਨ। ਕਿਸੇ ਵੀ ਨਾਗਰਿਕ/ਸੰਸਥਾ ਵੱਲੋਂ ਸ਼ੱਕੀ ਡਰੱਗ ਸਪਲਾਇਰ ਸਬੰਧੀ ਦਿੱਤੀ ਗਈ ਜਾਣਕਾਰੀ ਸਹੀ ਪਾਏ ਜਾਣ 'ਤੇ ਉਸ ਨੂੰ ਸਨਮਾਨਿਤ ਕੀਤਾ ਜਾਵੇਗਾ।ਸਿਹਤ ਵਿਭਾਗ ਵੱਲੋਂ ਜ਼ਿਲ੍ਹੇ ਅੰਦਰ 13 ਓਟ ਸੈਂਟਰ ਚਲਾਏ ਜਾ ਰਹੇ ਹਨ। ਇਨ੍ਹਾਂ ਸੈਂਟਰਾਂ ਵਿੱਚ ਨਸ਼ਾ ਰੋਗੀਆਂ ਦਾ ਇਲਾਜ ਕੀਤਾ ਜਾਂਦਾ ਹੈ ਅਤੇ ਸਿਹਤ ਵਿਭਾਗ ਵੱਲੋਂ 5 ਡੀ-ਅਡਿਕਸ਼ਨ ਸੈਂਟਰ ਵੀ ਚਲਾਏ ਜਾ ਰਹੇ ਹਨ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹਾ ਸਮਾਜਿਕ ਸੁਰੱਖਿਆ ਵਿਭਾਗ ਵੱਲੋਂ ਸੰਬੰਧਤ ਵਿਭਾਗਾਂ ਦੇ ਸਹਿਯੋਗ ਨਾਲ ਜ਼ਿਲ੍ਹੇ ਅੰਦਰ ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਵੱਖ ਵੱਖ ਗਤੀਵਿੱਧੀਆਂ ਰਾਹੀਂ ਨਸ਼ਿਆਂ ਦੇ ਮਾੜੇ ਪ੍ਰਭਾਵਾ ਸਬੰਧੀ ਜਾਗਰੂਕ ਕਰਨ ਮੁਹਿੰਮ ਚਲਾਈ ਜਾਵੇਗੀ।

28-JUNE-PAGE-11-Majha.qxd 6/26/2024 11:10 PM Page 1



# ਪੁਲਸ ਕਮਿਸ਼ਨਰੇਟ ਨੇ ਅੰਤਰਰਾਸ਼ਟਰੀ ਨਸ਼ਾ ਵਿਰੋਧੀ ਤੇ ਨਸ਼ਿਆਂ ਦੀ ਤਸਕਰੀ ਵਿਰੋਧੀ ਦਿਵਸ ਮਨਾਇਆ



ਜਲੰਧਰ (ਸ਼ੈਲੀ ਐਲਬਰਟ)-ਪੁਲਸ ਕਮਿਸ਼ਨਰ ਸਵਪਨ ਸ਼ਰਮਾ ਦੀ ਅਗਵਾਈ ਹੇਠ ਜਲੰਧਰ ਕਮਿਸ਼ਨਰੇਟ ਪੁਲਸ ਨੇ ਬੁੱਧਵਾਰ ਨੂੰ ਅੰਤਰਰਾਸ਼ਟਰੀ ਨਸ਼ਾਖੋਰੀ ਅਤੇ ਤਸਕਰੀ ਵਿਰੋਧੀ ਦਿਵਸ ਮਨਾਉਂਦਿਆਂ ਸਮੱਗਲਰਾਂ ਕੋਲੋਂ ਭਾਰੀ ਮਾਤਰਾ ਵਿੱਚ ਜ਼ਬਤ ਕੀਤੇ ਗਏ ਨਸ਼ੀਲੇ ਪਦਾਰਥਾਂ ਦਾ ਨਿਪਟਾਰਾ ਕੀਤਾ। ਪੁਲਸ ਕਮਿਸ਼ਨਰ ਨੇ ਦੱਸਿਆ ਕਿ ਨਸ਼ਿਆਂ ਖਿਲਾਫ ਵਿੱਢੀ ਜੰਗ ਦੌਰਾਨ ਪੁਲਸ ਨੇ ਨਸ਼ਾ ਤਸਕਰਾਂ ਖਿਲਾਫ ਵੱਖ-ਵੱਖ ਮੁਕੱਦਮੇ ਦਰਜ ਕਰਕੇ ਵੱਡੀ ਮਾਤਰਾ ਵਿੱਚ ਨਸ਼ੀਲੇ ਪਦਾਰਥ ਬਰਾਮਦ ਕੀਤੇ ਹਨ। ਉਨ੍ਹਾਂ ਕਿਹਾ ਕਿ ਐਨ.ਡੀ.ਪੀ.ਐਸ. ਐਕਟ ਦੀ ਧਾਰਾ 52 ਏ ਤਹਿਤ ਕੇਸ ਜਾਇਦਾਦ ਨੂੰ ਡਰੱਗ ਨਿਪਟਾਰਾ ਕਮੇਟੀ ਨਸ਼ਟ ਕਰ ਦਿੰਦੀ ਹੈ। ਸਵਪਨ ਸ਼ਰਮਾ ਨੇ ਕਿਹਾ ਕਿ ਨਸ਼ਾ ਨਿਪਟਾਰਾ ਕਮੇਟੀ ਨੇ ਸ਼ਹਿਰ ਵਿੱਚ ਨਸ਼ਿਆਂ ਦਾ ਖਾਤਮਾ ਕਰਕੇ ਜਲੰਧਰ ਨੂੰ ਨਸ਼ਾ ਮੁਕਤ ਸ਼ਹਿਰ ਬਣਾਉਣ ਦਾ ਅਹਿਦ ਲਿਆ।ਪੁਲਸ ਕਮਿਸ਼ਨਰ ਨੇ ਦੱਸਿਆ ਕਿ ਪਿੰਡ ਬੀੜ, ਨਕੋਦਰ, ਜਲੰਧਰ ਵਿਖੇ ਨਸ਼ੀਲੇ ਪਦਾਰਥਾਂ ਦੀ ਜਾਇਦਾਦ ਨੂੰ ਨਸ਼ਟ ਕੀਤਾ ਗਿਆ ਅਤੇ ਇਸ ਵਿੱਚ 11 ਮਾਮਲਿਆਂ ਵਿੱਚ ਜ਼ਬਤ ਕੀਤੀ ਗਈ 933 ਗ੍ਰਾਮ ਹੈਰੋਇਨ ਸ਼ਾਮਲ ਹੈ। ਕਮਿਸ਼ਨਰੇਟ ਪੁਲਸ ਵੱਲੋਂ ਜ਼ਿਲ੍ਹੇ ਵਿੱਚੋਂ ਨਸ਼ਾਖੋਰੀ ਦਾ ਸਫਾਇਆ ਕਰਨ ਦੀ ਦ੍ਰਿੜ੍ਹ ਵਚਨਬੱਧਤਾ ਨੂੰ ਦੁਹਰਾਉਂਦਿਆਂ ਉਨ੍ਹਾਂ ਕਿਹਾ ਕਿ ਇਸ ਘਿਨੌਣੇ ਅਪਰਾਧ ਵਿਰੁੱਧ ਫੋਰਸ ਵੱਲੋਂ ਜ਼ੀਰੋ ਟਾਲਰੈਂਸ ਦੀ ਨੀਤੀ ਅਪਣਾਈ ਜਾ ਰਹੀ ਹੈ। ਸ਼ਰਮਾ ਨੇ ਕਿਹਾ ਕਿ ਮਾਨਵਤਾ ਵਿਰੁੱਧ ਇਸ ਅਪਰਾਧ ਵਿੱਚ ਸ਼ਾਮਲ ਕੋਈ ਵੀ ਵਿਅਕਤੀ ਭਾਵੇਂ ਉਹ ਕੋਈ ਵੀ ਹੋਵੇ, ਕਮਿਸ਼ਨਰੇਟ ਪੁਲਸ ਵੱਲੋਂ ਉਸ ਨੂੰ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਕਿਹਾ ਕਿ ਮੁੱਖ ਜ਼ੋਰ ਜਲੰਧਰ ਨੂੰ ਇਸ ਸਰਾਪ ਤੋਂ ਮੁਕਤ ਕਰਨਾ ਯਕੀਨੀ ਬਣਾਉਣਾ ਹੈ ਅਤੇ ਇਸ ਨੇਕ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਇਸ ਦੌਰਾਨ ਸਵਪਨ ਸ਼ਰਮਾ ਨੇ ਨਸ਼ਿਆਂ ਵਿਰੁੱਧ ਵਿੱਢੀ ਜੰਗ ਵਿੱਚ ਆਮ ਲੋਕਾਂ ਤੋਂ ਪੂਰਨ ਸਹਿਯੋਗ ਦੀ ਮੰਗ ਕਰਦਿਆਂ ਕਿਹਾ ਕਿ ਜਲੰਧਰ ਨੂੰ ਨਸ਼ਾ ਮੁਕਤ ਜ਼ਿਲ੍ਹਾ ਬਣਾਉਣ ਦਾ ਮਿਸ਼ਨ ਉਨ੍ਹਾਂ ਦੇ ਸਹਿਯੋਗ ਤੋਂ ਬਿਨਾਂ ਪੂਰਾ ਨਹੀਂ ਕੀਤਾ ਜਾ ਸਕਦਾ।

# ਦੇਸ਼ ਵਾਸੀ ਰਾਹੁਲ ਦੀ ਅਗਵਾਈ ਲੋਚਦੇ : ਸੱਚਰ



ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-ਦੇਸ਼ ਵਿੱਚ ਹੋਈਆਂ ਲੋਕ ਸਭਾ ਚੋਣਾਂ ਵਿੱਚ ਭਾਵੇਂ ਨਰਿੰਦਰ ਮੋਦੀ ਤੀਜੀ ਵਾਰ ਸਰਕਾਰ ਬਣਾਉਣ ਵਿੱਚ ਕਾਮਯਾਬ ਹੋ ਗਏ ਹਨ, ਭਾਵੇਂ ਦੂਜਿਆਂ ਦਾ ਜ਼ਬਰਦਸਤੀ ਸਮਰਥਨ ਲੈਣਾ ਪਿਆ ਪਰ ਐਤਕੀਂ ਕਿਤੇ ਨਾ ਕਿਤੇ ਲੋਕਾਂ ਦੇ ਮਨਾਂ ਵਿੱਚ ਬਹੁਤੀ ਖੁਸ਼ੀ ਨਜ਼ਰ ਨਹੀਂ ਆਈ । 400 ਸੀਟਾਂ ਲੈਣ ਦਾ ਦਾਅਵਾ ਕਰਨ ਵਾਲੇ 3 ਦੇ ਅੰਕੜੇ ਨੂੰ ਵੀ ਪਾਰ ਨਹੀਂ ਕਰ ਸਕੇ ਤੇ ਭਾਜਪਾ ਆਪ ਵੀ ਇਕੱਲੀ ਬਹੁਮਤ ਹਾਸਲ ਨਹੀਂ ਕਰ ਸਕੀ, ਜਿਸ ਦੇ ਚੱਲਦਿਆਂ ਰੀਮੋਟ ਕੰਟ੍ਰੋਲ ਜ਼ਰੂਰ ਨਿਤੀਸ਼ ਕੁਮਾਰ ਤੇ ਚੰਦਰ ਬਾਬੂ ਨਾਇਡੂ ਦੇ ਹੱਥਾਂ ਵਿੱਚ ਰਹਿਣ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸੀਨੀਅਰ ਕਾਂਗਰਸੀ ਆਗੂ ਤੇ ਹਲਕਾ ਇੰਚਾਰਜ ਮਜੀਠਾ ਭਗਵੰਤ ਪਾਲ ਸਿੰਘ ਸੱਚਰ ਨੇ ਕੀਤਾ। ਉਨ੍ਹਾਂ ਕਿਹਾ ਕਿ ਦੇਸ਼ ਦੇ ਲੋਕ ਰਾਹੁਲ ਗਾਂਧੀ ਦੀ ਅਗਵਾਈ ਵਾਲੀ ਸਰਕਾਰ ਵੇਖਣਾ ਚਾਹੁੰਦੇ ਸਨ ਪਰ ਦੋ ਵੱਡੇ ਆਗੂਆਂ ਨੇ ਸਮਰਥਨ ਨਾ ਦੇ ਕੇ ਲੋਕਾਂ ਦੀਆਂ ਭਾਵਨਾਵਾਂ ਨੂੰ ਜ਼ਰੂਰ ਠੇਸ ਪਹੁੰਚਾਈ ਹੈ ਪਰ ਖ਼ੈਰ ਹੁਣ ਵੀ ਰਾਹੁਲ ਗਾਂਧੀ ਦੇ ਮੋਢਿਆਂ 'ਤੇ ਪਾਰਟੀ ਨੇ ਵੱਡੀ ਜ਼ਿੰਮੇਵਾਰੀ ਪਾਈ ਹੈ ਕਿ ਲੋਕ ਸਭਾ ਵਿੱਚ ਵਿਰੋਧੀ ਧਿਰ ਦਾ ਨੇਤਾ ਬਣਾਇਆ ਹੈ। ਹੁਣ ਇੰਡੀਆ ਗੱਠਜੋੜ ਦੀ ਸਰਕਾਰ ਭਾਵੇਂ ਨਹੀਂ ਬਣ ਸਕੀ ਪਰ ਵਿਰੋਧੀ ਧਿਰ ਬਹੁਤ ਹੀ ਮਜ਼ਬੂਤ ਹੈ ਤੇ ਸਰਕਾਰ ਨੂੰ ਆਪਣੀ ਮਨਮਰਜ਼ੀ ਦੇ ਫ਼ੈਸਲੇ ਹਰਗਿਜ਼ ਨਹੀਂ ਕਰਨ ਦੇਵੇਗੀ। ਗੱਲਬਾਤ ਕਰਦਿਆਂ ਉਨ੍ਹਾਂ ਦੇ ਨਾਲ ਬਲਾਕ ਪ੍ਰਧਾਨ ਸਤਨਾਮ ਸਿੰਘ ਕਾਜੀਕੋਟ, ਸਾਬਕਾ ਚੇਅਰਮੈਨ ਜਗਦੇਵ ਸਿੰਘ ਬੱਗਾ, ਸ਼ਮਸ਼ੇਰ ਸਿੰਘ ਬਾਬੋਵਾਲ ਵੀ ਸਨ ।

# ਅੰਮ੍ਰਿਤਸਰ-ਮਹਿਤਾ ਰੋਡ ਨਿਰਮਾਣ ਦਾ ਕੰਮ ਠੱਪ, ਦੁਕਾਨਦਾਰ ਤੇ ਇਲਾਕੇ ਦੇ ਲੋਕ ਦੁਖੀ



ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-ਅੰਮ੍ਰਿਤਸਰ ਮਹਿਤਾ ਰੋਡ ਜਿਸ ਨੂੰ ਚੌੜਿਆਂ ਕਰਕੇ ਬਣਾਉਣ ਦਾ ਕੰਮ ਬੜੀ ਤੇਜ਼ੀ ਨਾਲ ਸ਼ੁਰੂ ਕੀਤਾ ਗਿਆ ਸੀ ਇੱਥੋਂ ਤੱਕ ਕਿ ਕਸਬਿਆਂ ਵਿਚਲੇ ਦੁਕਾਨਦਾਰਾਂ ਨੂੰ ਬੜੀ ਸਖਤੀ ਨਾਲ ਉਜਾੜਿਆ ਗਿਆ ਸੀ। ਇੰਝ ਲੱਗਦਾ ਸੀ ਕਿ ਸ਼ਾਇਦ 2024 ਵਿੱਚ ਹੀ ਇਸ ਸੜਕ ਦਾ ਕੰਮ ਨੇਪਰੇ ਚੜ੍ਹ ਜਾਵੇ ਪਰ ਪਿਛਲੇ ਕੁਝ ਸਮੇਂ ਤੋਂ ਸੁਸਤ ਚਾਲ ਤੇ ਬੰਦ ਪਏ ਸੜਕ ਦੇ ਨਿਰਮਾਣ ਦੇ ਕੰਮ ਕਾਰਨ ਜਿੱਥੇ ਦੁਕਾਨਦਾਰਾਂ ਦੀ ਮਸ਼ੀਨਰੀ ਦਾ ਨੁਕਸਾਨ ਹੋ ਰਿਹਾ ਹੈ ਉੱਥੇ ਇਹ ਮਿਸਾਲ ਵੀ ਪੈਦਾ ਕਰ ਦਿੱਤੀ ਹੈ ਕਿ ਸੜਕ ਬਣੇ ਜਾਂ ਨਾ ਬਣੇ ਪਰ ਆਮ ਲੋਕਾਂ ਦਾ ਉਜਾੜਾ ਕਰਕੇ ਸਰਕਾਰ ਨੇ ਦੁਕਾਨਦਾਰਾਂ ਨੂੰ ਕੱਖੋਂ ਹੌਲੀ ਕਰ ਦਿੱਤਾ ਹੈ। ਅੰਮ੍ਰਿਤਸਰ ਮਹਿਤਾ ਰੋਡ ਦੇ ਅੱਡਾ ਖੁਜਾਲਾ, ਡੱਡੂਆਣਾ,ਬੋਪਾਰਾਏ, ਚੁਗਾਵਾਂ, ਨਾਥ ਦੀ ਖੂਹੀ, ਗੁਰੂ ਕੀ ਬੇਰ ਸਾਹਿਬ ਦੇ ਦੁਕਾਨਦਾਰਾਂ ਨੇ ਦੱਸਿਆ ਕਿ ਇਹ ਸੜਕ ਬਣਾਉਣ ਦਾ ਕੰਮ ਇਸ ਵੇਲੇ ਠੱਪ ਹੋ ਚੁੱਕਾ ਹੈ। ਦੁਕਾਨਦਾਰਾਂ ਨੂੰ ਉਜਾੜ ਕੇ ਮਹਿੰਗੇ ਰੇਟ ਕਿਰਾਏ 'ਤੇ ਦੁਕਾਨਾਂ ਲੈਣ ਲਈ ਮਜਬੂਰ ਕੀਤਾ ਗਿਆ ਸੀ। ਦੁਕਾਨਦਾਰ ਤੇ ਇਲਾਕੇ ਦੇ ਲੋਕ ਇਸ ਗੱਲ ਤੋਂ ਖੁਸ਼ ਸਨ ਕਿ ਸੜਕ ਸ਼ਾਇਦ ਬਣ ਜਾਵੇ ਪਰ ਪਿਛਲੇ ਕਰੀਬ ਡੇਢ ਸਾਲ ਤੋਂ ਲੋਕ ਮਿੱਟੀ ਘੱਟਾ ਫੱਕ ਰਹੇ ਹਨ। ਸੜਕ ਵਿੱਚ ਲੱਗੇ ਮਿੱਟੀ ਦੇ ਢੇਰ ਮਸ਼ੀਨਰੀ ਖਰਾਬ ਕਰ ਰਹੇ ਹਨ। ਬੱਸਾਂ, ਕਾਰਾਂ ਤੇ ਹੋਰ ਵਹੀਕਲਾਂ ਰਾਹੀਂ ਇਹ ਮਿੱਟੀ ਘੱਟਾ ਸਿੱਧਾ ਦੁਕਾਨਦਾਰਾਂ ਦੀਆਂ ਦੁਕਾਨਾਂ ਵਿੱਚ ਆ ਰਿਹਾ ਹੈ, ਜਿਸ ਨਾਲ ਦੁਕਾਨਦਾਰਾਂ ਦਾ ਵੱਡਾ ਨੁਕਸਾਨ ਹੋ ਰਿਹਾ ਹੈ। ਪਹਿਲਾਂ ਤਾਂ ਸੜਕ ਨਿਰਵਾਣ ਕਰਨ ਵਾਲੀ ਕੰਪਨੀ ਵੱਲੋਂ ਸੜਕ ਤੇ ਪਾਣੀ ਪਾਇਆ ਜਾਂਦਾ ਸੀ ਪਰ ਹੁਣ ਕਾਫੀ ਚਿਰ ਤੋਂ ਇਹ ਵੀ ਬੰਦ ਹੈ। ਅੱਡਾ ਖੁਜਾਲਾ ਦੇ ਦੁਕਾਨਦਾਰਾਂ ਨੇ ਦੱਸਿਆ ਕਿ ਕੇਂਦਰ ਸਰਕਾਰ ਵੱਲੋਂ ਚੰਗੇ ਭਲੇ ਵੱਸਦੇ ਲੋਕਾਂ ਦਾ ਉਜਾੜਾ ਕਰਕੇ ਰੱਖ ਦਿੱਤਾ ਸੀ ਪਰ ਹੁਣ ਕਰੀਬ ਤਿੰਨ ਮਹੀਨਿਆਂ ਤੋਂ ਇਹ ਕੰਮ ਬਿਲਕੁਲ ਬੰਦ ਪਿਆ ਹੈ, ਕਿਸੇ ਵੀ ਥਾਂ 'ਤੇ ਸੜਕ ਦਾ ਕੰਮ ਨਹੀਂ ਚੱਲ ਰਿਹਾ। ਇਥੋਂ ਤੱਕ ਕਿ ਪਿੰਡ ਬੋਪਾਰਾਏ ਦੇ ਕੋਲ ਬਣੇ ਸੜਕ ਨਿਰਮਾਣ ਦੇ ਪਲਾਂਟ ਵਿੱਚ ਵੀ ਉਜਾੜਾ ਦਿਖ ਰਿਹਾ ਹੈ ਕਿਉਂਕਿ ਕੋਈ ਵੀ ਮੁਲਾਜ਼ਮ ਉਥੇ ਮੌਜੂਦ ਨਹੀਂ ਹੈ। ਇਸ ਸਬੰਧੀ ਪਲਾਟ 'ਤੇ ਸਥਿਤ ਮੁਲਾਜ਼ਮਾਂ ਨਾਲ ਜਦੋਂ ਸੰਪਰਕ ਕਰਕੇ ਜਾਨਣ ਦੀ ਕੋਸ਼ਿਸ਼ ਕੀਤੀ ਗਈ ਕਿ ਇਹ ਸੜਕ ਕਦੋਂ ਬਣੇਗੀ ਤਾਂ ਉਨ੍ਹਾਂ ਦਾ ਜਵਾਬ ਸੀ ਕਿ ਸਾਨੂੰ ਕੁਝ ਪਤਾ ਨਹੀਂ । ਇਲਾਕੇ ਦੇ ਲੋਕਾਂ ਨੇ ਪੰਜਾਬ ਅਤੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਹੈ ਕਿ ਮਹਿਤਾ ਰੋਡ ਸੜਕ ਦਾ ਕੰਮ ਜਲਦ ਮੁਕੰਮਲ ਕੀਤਾ ਜਾਵੇ।

# ਸਾਂਝ ਕੇਂਦਰ ਕਾਦੀਆਂ 'ਚ ਨਸ਼ਿਆਂ ਵਿਰੁੱਧ ਲੋਕਾਂ ਨੂੰ ਕੀਤਾ ਜਾਗਰੂਕ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)- ਡੀ ਜੀ ਪੀ ਕਮਿਊਨਿਟੀ ਪੰਜਾਬ ਚੰਡੀਗੜ੍ਹ ਦੇ ਹੁਕਮਾਂ ਅਤੇ ਦਿਸ਼ਾ ਨਿਰਦੇਸ਼ਾਂ ਦੇ ਨਾਲ ਐਂਸ ਐਂਸ ਪੀ ਸਾਹਿਬ ਬਟਾਲਾ ਅਤੇ ਡੀ ਸੀ ਪੀ ਓ (ਐਂਸ ਪੀ ਹੈਡਕੁਆਰਟਰ ) ਜਸਵੰਤ ਕੌਰ ਅਤੇ ਇੰਸਪੈਕਟਰ ਸੁਖਪਾਲ ਸਿੰਘ ਇੰਚਾਰਜ ਜ਼ਿਲ੍ਹਾ ਸਾਂਝ ਕੇਂਦਰ ਦੇ ਦਿਸ਼ਾ ਨਿਰਦੇਸ਼ ਦੀ ਪਾਲਣਾ ਹਿੱਤ ਸਾਂਝ ਕੇਂਦਰ ਕਾਦੀਆ ਵੱਲੋਂ ਸਾਂਝ ਕੇਂਦਰ ਵਿਖੇ ਨਸ਼ਿਆਂ ਵਿਰੁੱਧ ਪੁਲਸ ਜਾਗਰੂਕ ਸੈਮੀਨਾਰ ਦਾ ਆਯੋਜਿਤ ਕੀਤਾ ਗਿਆ। ਸੈਮੀਨਾਰ ਵਿੱਚ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਲੋਕਾਂ ਨੂੰ ਜਾਗਰੂਕ ਕੀਤਾ ਗਿਆ ਕਿ ਨਸ਼ੇ ਦੀ ਮਾੜੀ ਲਤ ਕਿਸ ਤਰ੍ਹਾਂ ਨਸ਼ਾ ਕਰਨ ਵਾਲੇ ਵਿਅਕਤੀ ਦੀ ਜ਼ਿੰਦਗੀ ਨੂੰ ਤਬਾਹ ਕਰਕੇ ਰੱਖ ਦਿੰਦੀ ਹੈ। ਜਿਸ ਵਿੱਚ ਮੋਹਤਬਰ ਵਿਅਕਤੀਆ ਨੂੰ ਨਸ਼ਾ ਵਿਰੋਧੀ, ਸਾਇਬਰ ਕਰਾਇਮ ਤੇ ਔਰਤਾਂ ਦੀ ਸੁਰੱਖਿਆ, ਟ੍ਰੈਫਿਕ ਨਿਯਮਾਂ ਸਬੰਧੀ ਜਾਣਕਾਰੀ ਦਿੱਤੀ ਗਈ । ਇਸ ਮੌਕੇ ਏ ਐਸ ਆਈ ਪਲਵਿੰਦਰ ਸਿੰਘ ਸੁਪਰਵੀਜ਼ਨ ਇੰਚਾਰਜ ਸਬ ਡਵੀਜ਼ਨ ਸਾਂਝ ਕੇਂਦਰ ਸ੍ਰੀ ਹਰਗੋਬਿੰਦਪੁਰ, ਇੰਸਪੈਕਟਰ ਬਲਵਿੰਦਰ ਸਿੰਘ ਥਾਣਾ ਕਾਦੀਆਂ, ਨਗਰ ਕੌਂਸਲ ਸਟਾਫ ਸਾਂਝ ਕੇਂਦਰ ਸਟਾਫ਼ ਅਤੇ ਇਲਾਕੇ ਦੇ ਹੋਰ ਮੋਹਤਬਰ ਵਿਅਕਤੀ ਹਾਜ਼ਰ ਸਨ ।

# ਹਰ ਜ਼ਿਲ੍ਹੇ ਵਿੱਚ ਪ੍ਰੀ-ਡਿਪਾਰਚਰ ਓਰੀਐਂਟੇਸ਼ਨ ਟ੍ਰੇਨਿੰਗ ਕੇਂਦਰ ਖੋਲ੍ਹੇ ਜਾ ਰਹੇ : ਯਸ਼ੂਦੀਪ ਸਿੰਘ



ਨਵਾਂਸ਼ਹਿਰ (ਮਨੋਜ ਲਾਡੀ)-ਪੰਜਾਬ ਸਰਕਾਰ ਵੱਲੋਂ ਰਾਜ ਦੇ ਹਰ ਜ਼ਿਲ੍ਹੇ ਵਿੱਚ ਪ੍ਰੀ–ਡਿਪਾਰਚਰ ਓਰੀਐਂਟੇਸ਼ਨ ਟ੍ਰੇਨਿੰਗ (ਪੀ.ਡੌਟ) ਕੇਂਦਰ ਖੋਲ੍ਹੇ ਜਾ ਰਹੇ ਹਨ। ਇਸ ਸਬੰਧ ਵਿੱਚ ਬੁੱਧਵਾਰ ਸ੍ਰੀ ਯਸ਼ੂਦੀਪ ਸਿੰਘ, ਉੱਪ ਸਕੱਤਰ–ਕਮ–ਪ੍ਰੋਟੈਕਟਰ ਆਫ ਐਮੀਗ੍ਰਾਂਟਸ, ਵਿਦੇਸ਼ ਮੰਤਰਾਲਾ, ਭਾਰਤ ਸਰਕਾਰ ਵੱਲੋਂ, ਜ਼ਿਲ੍ਹਾ ਰੋਜ਼ਗਾਰ ਬਿਊਰੋ ਦਾ ਦੌਰਾ ਕੀਤਾ ਗਿਆ। ਉਨ੍ਹਾਂ ਵੱਲੋਂ ਬਿਊਰੋ ਵਿੱਚ ਪੀ.ਡੌਟ ਕੇਂਦਰ ਖੋਲ੍ਹਣ ਲਈ ਸਥਾਪਿਤ ਸਾਜ਼ੋ–ਸਮਾਨ ਅਤੇ ਕਮਰੇ ਦਾ ਮੁਆਇਨਾ ਕੀਤਾ ਗਿਆ ਅਤੇ ਵਧੀਕ ਡਿਪਟੀ ਕਮਿਸ਼ਨਰ (ਜ) ਰਾਜੀਵ ਵਰਮਾ ਨਾਲ ਮੁਲਾਕਾਤ ਕੀਤੀ ਗਈ। ਉਪ ਸਕੱਤਰ ਨੇ ਦੱਸਿਆ ਕਿ 19 ਖਾੜੀ ਦੇਸ਼ਾਂ ਵਿੱਚ ਪਾਸਪੋਰਟ ਧਾਰਕਾਂ ਨੂੰ ਰੋਜ਼ਗਾਰ ਲਈ ਜਾਣ ਵਾਸਤੇ ਪ੍ਰੋਟੈਕਟਰ ਆਫ ਐਮੀਗਰਾਂਟਸ ਵੱਲੋਂ ਜਾਰੀ ਕਲੀਅਰੈਂਸ ਸਰਟੀਫਿਕੇਟ ਦੀ ਜ਼ਰੂਰਤ ਹੁੰਦੀ ਹੈ।ਸਰਟੀਫਿਕੇਟ ਜਾਰੀ ਕਰਨ ਲਈ ਉਮੀਦਵਾਰ ਨੂੰ ਸਬੰਧਤ ਦੇਸ਼ ਦੇ ਕਾਨੂੰਨਾਂ, ਭਾਰਤ ਸਰਕਾਰ ਵੱਲੋਂ ਉਨ੍ਹਾਂ ਦੇਸ਼ਾਂ ਵਿੱਚ ਪ੍ਰਵਾਸੀਆਂ ਲਈ ਉਪਲਬਧ ਸੇਵਾਵਾਂ ਬਾਰੇ ਜਾਣਕਾਰੀ ਦਿੱਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਮੁਆਇਨਾ ਰਿਪੋਰਟ ਦੇ ਅਧਾਰ 'ਤੇ ਵਿਦੇਸ਼ ਮੰਤਰਾਲਾ ਵੱਲੋਂ ਪੀ.ਡੌਟ ਕੇਂਦਰ ਜ਼ਿਲ੍ਹਾ ਰੋਜ਼ਗਾਰ ਬਿਊਰੋ ਵਿੱਚ ਮਨਜ਼ੂਰ ਹੋ ਜਾਵੇਗਾ, ਜਿਸ ਤੋਂ ਬਾਅਦ ਈ.ਸੀ.ਆਰ. ਕੈਟਾਗਰੀ ਦੇ ਪਾਸਪੋਰਟ ਧਾਰਕਾਂ ਨੂੰ ਬਿਊਰੋ ਵੱਲੋਂ ਟ੍ਰੇਨਿੰਗ ਉਪਰੰਤ ਲੋੜੀਂਦਾ ਸਰਟੀਫਿਕੇਟ ਜਾਰੀ ਕਰ ਦਿੱਤਾ ਜਾਵੇਗਾ। ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹੇ ਵਿੱਚ ਰਜਿਸਟਰਡ ਏਜੰਟਾਂ ਦੀ ਇੱਕ ਵਰਕਸ਼ਾਪ ਕਰਵਾਈ ਜਾਵੇਗੀ ਜਿਸ ਸਬੰਧ ਵਿੱਚ ਉਪ ਸਕੱਤਰ ਨੂੰ ਭਾਗ ਲੈਣ ਦੀ ਅਪੀਲ ਕੀਤੀ ਗਈ ਤਾਂ ਜੋ ਰੋਜ਼ਗਾਰ ਦੇ ਸਬੰਧ ਵਿੱਚ ਵਿਦੇਸ਼ ਜਾਣ ਵਾਲੇ ਜ਼ਿਲ੍ਹੇ ਦੇ ਨੌਜਵਾਨਾਂ ਨੂੰ ਉਚਿਤ ਜਾਣਕਾਰੀ ਦਿੱਤੀ ਜਾ ਸਕੇ। ਜ਼ਿਲ੍ਹਾ ਰੋਜ਼ਗਾਰ ਉਤਪਤੀ ਹੁਨਰ ਵਿਕਾਸ ਅਤੇ ਸਿਖਲਾਈ ਅਫਸਰ ਸੰਜੀਵ ਕੁਮਾਰ ਨੇ ਕਿਹਾ ਕਿ ਪੀ.ਡੌਟ ਲਈ ਵਿਭਾਗ ਵੱਲੋਂ ਮਾਸਟਰ ਟ੍ਰੇਨਰ ਅਤੇ ਸਹਾਇਕ ਮਾਸਟਰ ਟ੍ਰੇਨਰਾਂ ਨੂੰ ਸਿਖਲਾਈ ਦਿੱਤੀ ਜਾ ਚੁੱਕੀ ਹੈ। ਵਿਦੇਸ਼ ਮੰਤਰਾਲਾ ਵੱਲੋਂ ਮਨਜ਼ੂਰੀ ਉਪਰੰਤ ਬਿਊਰੋ ਵਿੱਚ ਕੇਂਦਰ ਸ਼ੁਰੂ ਹੋ ਜਾਵੇਗਾ।

# ਅਸ਼ੀਰਵਾਦ ਸਕੀਮ ਤਹਿਤ 6786 ਲਾਭਪਾਤਰੀਆਂ ਨੂੰ 34 ਕਰੋੜ ਰੁਪਏ ਦੀ ਪ੍ਰਵਾਨਗੀ ਜਾਰੀ

ਗੁਰਦਾਸਪੁਰ (ਜਨਕ ਮਹਾਜਨ)– ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਅਨੁਸੂਚਿਤ ਜਾਤੀਆਂ, ਪਛੜੀਆਂ ਸ਼੍ਰੇਣੀਆਂ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਦੀ ਭਲਾਈ ਲਈ ਲਗਾਤਾਰ ਯਤਨਸ਼ੀਲ ਹੈ। ਇਸੇ ਮੰਤਵ ਤਹਿਤ ਪੰਜਾਬ ਸਰਕਾਰ ਵੱਲੋਂ ਅਸ਼ੀਰਵਾਦ ਸਕੀਮ ਤਹਿਤ 6786 ਲਾਭਪਾਤਰੀਆਂ ਨੂੰ 34 ਕਰੋੜ ਰੁਪਏ ਦੀ ਪ੍ਰਵਾਨਗੀ ਜਾਰੀ ਕਰ ਦਿੱਤੀ ਗਈ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਨੇ ਕਿਹਾ ਕਿ ਸਾਲ 2023-24 ਦੌਰਾਨ ਅਸ਼ੀਰਵਾਦ ਪੋਰਟਲ 'ਤੇ ਪ੍ਰਾਪਤ ਅਨੁਸੂਚਿਤ ਜਾਤੀ ਨਾਲ ਸਬੰਧਤ 5357 ਲਾਭਪਾਤਰੀਆਂ ਨੂੰ 2732.07 ਲੱਖ ਰੁਪਏ ਦੀ ਪ੍ਰਵਾਨਗੀ ਜਾਰੀ ਕੀਤੀ ਹੈ। ਉਨ੍ਹਾਂ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਸਾਲ 2023-24 ਪਛੜੀਆਂ ਸ਼੍ਰੇਣੀਆਂ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਨਾਲ ਸਬੰਧਤ 1429 ਲਾਭਪਾਤਰੀਆਂ ਨੂੰ 728.79 ਲੱਖ ਰੁਪਏ ਦੀ ਪ੍ਰਵਾਨਗੀ ਜਾਰੀ ਕੀਤੀ ਜਾ ਚੁੱਕੀ ਹੈ। ਉਨ੍ਹਾਂ ਕਿਹਾ ਕਿ ਇਹ ਰਾਸ਼ੀ ਜਲਦ ਹੀ ਲਾਭਪਾਤਰੀਆਂ ਦੇ ਖਾਤਿਆਂ ਵਿੱਚ ਜਮ੍ਹਾਂ ਹੋ ਜਾਵੇਗੀ। ਚੇਅਰਮੈਨ ਰਮਨ ਬਹਿਲ ਨੇ ਦੱਸਿਆ ਕਿ ਅਸ਼ੀਰਵਾਦ ਸਕੀਮ ਤਹਿਤ ਪੰਜਾਬ ਰਾਜ ਦੇ ਵਸਨੀਕ ਅਨੁਸੂਚਿਤ ਜਾਤੀਆਂ, ਪਛੜੀਆਂ ਸ਼੍ਰੇਣੀਆਂ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਨਾਲ ਸਬੰਧਤ ਪਰਵਾਰਾਂ ਨੂੰ ਉਨ੍ਹਾਂ ਦੀਆਂ ਲੜਕੀਆਂ ਦੇ ਵਿਆਹ/ਪੁਨਰ ਵਿਆਹ ਲਈ ਇੱਕ ਪਰਵਾਰ ਵਿੱਚ 2 ਲੜਕੀਆਂ ਨੂੰ ਰਾਜ ਸਰਕਾਰ ਵੱਲੋਂ 51,000 ਰੁਪਏ ਪ੍ਰਤੀ ਲਾਭਪਾਤਰੀ ਵਿੱਤੀ ਸਹਾਇਤਾ ਦਿੱਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਇਹ ਲਾਭ ਪ੍ਰਾਪਤ ਕਰਨ ਲਈ ਬਿਨੈਕਾਰ ਵਿਆਹ ਦੀ ਮਿਤੀ ਤੋਂ ਪਹਿਲਾਂ ਅਤੇ 30 ਦਿਨ ਬਾਅਦ ਤੱਕ ਅਪਲਾਈ ਕਰ ਸਕਦੇ ਹਨ। ਪੰਜਾਬ ਸਰਕਾਰ ਵੱਲੋਂ ਇਸ ਸਕੀਮ ਵਿੱਚ ਹੋਰ ਪਾਰਦਰਸ਼ਤਾ ਲਿਆਉਣ ਦੇ ਮੰਤਵ ਨਾਲ ਲਾਭਪਾਤਰੀਆਂ ਤੋਂ ਆਨਲਾਈਨ ਦਰਖਾਸਤਾਂ ਪ੍ਰਾਪਤ ਕਰਨ ਲਈ ਅਸ਼ੀਰਵਾਦ ਪੋਰਟਲ ਅਪ੍ਰੈਲ, 2023 ਤੋਂ ਚਾਲੂ ਕੀਤਾ ਗਿਆ। ਬਹਿਲ ਨੇ ਅੱਗੇ ਦੱਸਿਆ ਕਿ ਪੰਜਾਬ ਸਰਕਾਰ ਅਨੁਸੂਚਿਤ ਜਾਤੀਆਂ, ਪਛੜੀਆਂ ਸ਼੍ਰੇਣੀਆਂ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗ ਦੇ ਲੋਕਾਂ ਦੀ ਭਲਾਈ ਲਈ ਲਗਾਤਾਰ ਕਾਰਜਸ਼ੀਲ ਹੈ। ਉਨ੍ਹਾਂ ਦੱਸਿਆ ਕਿ ਵਿੱਤੀ ਸਹਾਇਤਾ ਦੀ ਅਦਾਇਗੀ ਸਿੱਧੀ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਅਨੁਸੂਚਿਤ ਜਾਤੀਆਂ, ਪਛੜੀਆਂ ਸ਼੍ਰੇਣੀਆਂ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਦੀ ਭਲਾਈ ਲਈ ਲਗਾਤਾਰ ਯਤਨਸ਼ੀਲ ਹੈ।

# ਬੈੱਸਟ ਫੋਟੋਗ੍ਰਾਫਰ ਵੈੱਲਫੇਅਰ ਐਸੋਸੀਏਸ਼ਨ ਵੱਲੋਂ ਫੋਟੋਗ੍ਰਾਫੀ ਮੇਲਾ ਅੱਜ



ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-ਬੈਸਟ ਫੋਟੋਗ੍ਰਾਫਰ ਵੈਲਫੇਅਰ ਐਸੋਸੀਏਸ਼ਨ ਬਟਾਲਾ ਵੱਲੋਂ 27 ਜੂਨ ਨੂੰ ਡਾਇਮੰਡ ਰਿਜੋਰਟ ਅਲੀਵਾਲ ਰੋਡ ਬਾਈਪਾਸ ਬਟਾਲਾ ਵਿਖੇ ਛੇਵਾਂ ਫੋਟੋਗ੍ਰਾਫੀ ਮੇਲਾ ਕਰਵਾਇਆ ਜਾ ਰਿਹਾ ਹੈ, ਜਿਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਧਾਨ ਸੁਖਵਿੰਦਰ ਸਿੰਘ ਧੁੱਪ ਸੜੀ ਅਤੇ ਕਰਮਜੀਤ ਸਿੰਘ ਲਾਲੀ ਮਹਿਤਾ ਨੇ ਦੱਸਿਆ ਕਿ ਬੈਸਟ ਫੋਟੋਗ੍ਰਾਫਰ ਵੈੱਲਫੇਅਰ ਐਸੋਸੀਏਸ਼ਨ ਦਾ ਸਾਲਾਨਾ ਮੇਲਾ 27 ਤਰੀਕ ਨੂੰ ਡਾਇਮੰਡ ਰਿਜੋਰਟ ਅਲੀਵਾਲ ਰੋਡ ਬਾਈਪਾਸ ਬਟਾਲਾ ਵਿਖੇ ਕਰਵਾਇਆ ਜਾ ਰਿਹਾ ਹੈ ਜਿਸ ਵਿੱਚ ਪੰਜਾਬ ਭਰ ਦੇ ਫੋਟੋਗ੍ਰਾਫਰ ਹਿੱਸਾ ਲੈ ਰਹੇ ਹਨ । ਉਨ੍ਹਾਂ ਦੱਸਿਆ ਕਿ ਇਸ ਫੋਟੋਗ੍ਰਾਫੀ ਮੇਲੇ ਵਿੱਚ ਫੋਟੋਗ੍ਰਾਫੀ ਨਾਲ ਸੰਬੰਧਤ ਕੰਪਨੀਆਂ ਇਸ ਮੇਲੇ ਵਿਚ ਪ੍ਰਦਰਸ਼ਨੀ ਲਗਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਫੋਟੋਗ੍ਰਾਫ਼ੀ ਮੇਲੇ ਸਬੰਧੀ ਫੋਟੋਗ੍ਰਾਫਰ ਵੀਰਾਂ ਨੂੰ ਸੱਦਾ ਪੱਤਰ ਦਿੱਤੇ ਗਏ ਹਨ । ਉਨ੍ਹਾਂ ਕਿਹਾ ਕਿ ਜੋ ਫੋਟੋਗ੍ਰਾਫੀ ਦੇ ਕਿੱਤੇ ਨਾਲ ਲੋਕ ਪਿਆਰ ਕਰਦੇ ਹਨ ਉਹ ਇਸ ਮੇਲੇ ਵਿੱਚ ਵਧ ਚੜ੍ਹ ਕੇ ਹਿੱਸਾ ਲੈ ਰਹੇ ਹਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕੁਲਬੀਰ ਸਿੰਘ ਚੂੰਗ, ਰਜਿੰਦਰ ਚੌਹਾਨ, ਦਲਜੀਤ ਸਿੰਘ, ਬਲਵਿੰਦਰ ਬਿੱਲਾ, ਜੀਵਨ ਦੀਪ ਬਟਾਲਾ ਤੋਂ ਹਾਜ਼ਰ ਸਨ।

# ਸ਼ੈਰੀ ਕਲਸੀ ਨੇ ਲੋਕਾਂ ਦੀਆਂ ਮੁਸ਼ਕਲਾਂ ਪਹਿਲ ਦੇ ਆਧਾਰ 'ਤੇ ਹੱਲ ਕਰਨ ਦੇ ਦਿੱਤੇ ਦਿਸ਼ਾ-ਨਿਰਦੇਸ਼



ਬਟਾਲਾ, ( ਡਾਕਟਰ ਮਲਵਿੰਦਰ ਸਿੰਘ)- ਅਮਨਸ਼ੇਰ ਸਿੰਘ ਸ਼ੈਰੀ ਕਲਸੀ, ਹਲਕਾ ਵਿਧਾਇਕ ਬਟਾਲਾ ਨੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਕਿਹਾ ਕਿ ਲੋਕਾਂ ਦੀਆਂ ਮੁਸ਼ਕਲਾਂ ਪਹਿਲ ਦੇ ਆਧਾਰ 'ਤੇ ਹੱਲ ਕਰਨ ਨੂੰ ਯਕੀਨੀ ਬਣਾਇਆ ਜਾਵੇ ਅਤੇ ਕਿਸੇ ਪ੍ਰਕਾਰ ਦੀ ਢਿੱਲਮੱਠ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਲੋਕ ਭਲਾਈ ਸਕੀਮਾਂ ਦਾ ਲਾਭ ਹੇਠਲੇ ਪੱਧਰ ਤੱਕ ਲੋਕਾਂ ਨੂੰ ਪੁਜਦਾ ਕੀਤਾ ਜਾਵੇ ਤਾਂ ਜੋ ਲੋਕ ਭਲਾਈ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਹਾਸਲ ਕਰ ਸਕਣ।ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਭਗਵੰਤ ਸਿੰਘ ਮਾਨ, ਮੁੱਖ ਮੰਤਰੀ ਪੰਜਾਬ ਦੀ ਅਗਵਾਈ ਹੇਠ ਪੰਜਾਬ ਸਰਕਾਰ ਵਲੋਂ ਸੂਬੇ ਅੰਦਰ ਵਿਕਾਸ ਕਾਰਜਾਂ ਦੇ ਨਾਲ-ਨਾਲ ਲੋਕਾਂ ਦੀਆਂ ਮੁਸ਼ਕਲਾਂ ਹੱਲ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਵੱਖ-ਵੱਖ ਖੇਤਰਾਂ ਜਿਵੇਂ ਸਿਹਤ, ਸਿੱਖਿਆ, ਬਿਜਲੀ, ਅਤੇ ਸਨਅਤੀ ਖੇਤਰ ਸਮੇਤ ਹਰ ਵਰਗ ਦੀ ਭਲਾਈ ਲਈ ਰਿਕਾਰਡ ਕੰਮ ਕਰਵਾਏ ਗਏ ਹਨ।ਬਟਾਲਾ ਵਿਖੇ ਕਰਵਾਏ ਵਿਕਾਸ ਕਾਰਜਾਂ ਦੀ ਗੱਲ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਸ਼ਹਿਰ ਅੰਦਰ ਵਿਕਾਸ ਕਾਰਜ ਚੱਲ ਰਹੇ ਹਨ ਅਤੇ ਉਹ ਲੋਕਾਂ ਦੀਆਂ ਚਿਰੋਕਣੀ ਮੰਗਾਂ ਪੂਰੀਆਂ ਕੀਤੀਆਂ ਜਾ ਰਹੀਆਂ ਆਵਾਜਾਈ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਸ਼ਹਿਰ ਵਿਚਲੀਆਂ ਸੜਕਾਂ ਤੇ ਸ਼ਹਿਰ ਦੇ ਆਲੇ ਦੁਆਲੇ ਬਾਈਪਾਸ ਰੋਡ ਚੌੜੇ ਤੇ ਮਜ਼ਬੂਤ ਬਣਾਏ ਜਾ ਰਹੇ ਹਨ, ਜਿਸ ਨਾਲ ਲੋਕਾਂ ਨੂੰ ਵੱਡੀ ਰਾਹਤ ਮਿਲੀ ਹੈ। ਇਸ ਤੋਂ ਇਲਾਵਾ ਲੋਕਾਂ ਨੂੰ ਇੱਕ ਛੱਤ ਹੇਠਾਂ ਵੱਖ ਵੱਖ ਸਹੂਲਤਾਂ ਦੇਣ ਦੇ ਮਕਸਦ ਨਾਲ ਤਹਿਸੀਲ ਕੰਪਲੈਕਸ ਦੀ ਉਸਾਰੀ ਦਾ ਕੰਮ ਤੇਜ਼ ਗਤੀ ਨਾਲ ਚੱਲ ਰਿਹਾ ਹੈ।

# ਘੜਕਾ ਦੇ ਟੁੱਟ ਚੁੱਕੇ ਪੁਲ ਨੂੰ ਬਣਾਉਣ ਲਈ ਸਿੱਕੀ ਵੱਲੋਂ ਪੰਜਾਹ ਹਜ਼ਾਰ ਦੀ ਨਕਦ ਰਾਸ਼ੀ ਜਾਰੀ



ਚੋਹਲਾ ਸਾਹਿਬ (ਰਮਨ ਚੱਡਾ)-ਪਿੰਡ ਘੜਕਾ ਵਿਖੇ ਕਾਂਗਰਸ ਦੇ ਰਾਜ 'ਚ ਬਣੇ ਪੁਲ ਦੇ ਹਲਾਤ ਦੇਖਣ ਪਹੁੰਚੇ ਸਾਬਕਾ ਵਿਧਾਇਕ ਰਮਨਜੀਤ ਸਿੰਘ ਨੇ ਪੱਤਰਕਾਰ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਪੁਲ ਮੇਰੇ ਵੱਲੋਂ ਪਾਸ ਕਰਾ ਕੇ ਸੰਗਤਾਂ ਨੂੰ ਸਮਰਪਿਤ ਕੀਤਾ ਗਿਆ ਸੀ। ਉਨ੍ਹਾ ਕਿਹਾ ਪਿਛਲੇ ਸਾਲ ਵੀ ਪਾਣੀ ਮਾਰ ਨਾਲ ਬਹੁਤ ਵੱਡਾ ਨੁਕਾਸਾਨ ਹੋਇਆ ਜੋ ਹੁਣ ਤੱਕ ਵੀ ਪੂਰਾ ਨਹੀਂ ਹੋਇਆ ਪਰ ਫਿਰ ਦੁਬਾਰਾ ਪਾਣੀ ਦੀ ਮਾਰ ਨਾਲ ਢਾਏ ਕੰਢੇ ਪਿੰਡਾਂ ਨੂੰ ਫਿਰ ਖ਼ਤਰਾ ਦਿੱਖ ਰਿਹਾ। ਸਿੱਕੀ ਨੇ ਕਿਹਾ ਕੇ ਪਿੰਡ ਘੜਕਾ ਦੀ ਸੰਗਤ ਨੇ ਿ ਬੇਨਤੀ ਕੀਤੀ ਸੀ ਕਿ ਪੁਲ ਟੁੱਟ ਚੁੱਕਾ ਹੈ, ਪਾਣੀ ਦੀ ਮਾਤਰਾ ਵਧ ਰਹੀ ਹੈ, ਜਿਸ ਨਾਲ ਝੋਨੇ ਦੀ ਫ਼ਸਲ ਦਾ ਵੀ ਨੁਕਸਾਨ ਦਾ ਡਰ ਲੱਗ ਰਿਹਾ ਹੈ। ਪਿੰਡ ਘੜਕਾ ਦੀ ਸੰਗਤ ਨੇ ਦੱਸਿਆ ਕਿ ਨਾ ਤਾਂ ਪ੍ਰਸ਼ਾਸਨ ਸਾਡੀ ਸਾਰ ਲੈ ਰਿਹਾ ਤੇ ਨਾ ਹੀ ਮੌਜੂਦਾ ਸਰਕਾਰ। ਸਿੱਕੀ ਨੇ ਕਿਹਾ ਕਿ ਪਿਛਲੇ ਸਾਲ ਪਾਣੀ ਦੀ ਮਾਰ ਨਾਲ ਹੋਏ ਨੁਕਸਾਨ ਦਾ ਸਰਕਾਰ ਵੱਲੋਂ ਹੁਣ ਤੱਕ ਮੁਆਵਜ਼ਾ ਨਹੀਂ ਗਿਆ ਤੇ ਅੱਗੇ ਸਰਕਾਰ ਤੋਂ ਕੀ ਆਸ ਰੱਖਾਂਗੇ। ਸਿੱਕੀ ਨੇ ਕਿਹਾ ਆਪ ਸਰਕਾਰ ਦੇ ਮੌਜੂਦਾ ਵਿਧਾਇਕ ਨੂੰ ਵੀ ਜਾਗਣ ਦੀ ਲੋੜ ਹੈ। ਸਿੱਕੀ ਨੇ ਕਿਹਾ ਪਾਣੀ ਦੀ ਮਾਰ ਤੋਂ ਬਚਾਉਣ ਲਈ ਪਹਿਲਾਂ ਹੀ ਪ੍ਰਬੰਧ ਕਰਨੇ ਚਾਹੀਦੇ ਸਨ ਜੋ ਸਰਕਾਰ ਵੱਲੋਂ ਨਹੀਂ ਕੀਤੇ ਗਏ। ਮੈਂ ਪਹੁੰਚ ਕੇ ਪੁਲ ਦੇ ਹਲਾਤ ਦੇਖੇ ਅਤੇ ਪੁਲ ਤੇ ਬੰਨ੍ਹ ਨੂੰ ਬੰਨ੍ਹਣ ਲਈ ਪੰਜਾਹ ਹਜ਼ਾਰ ਰੁਪਏ ਦਾ ਸਹਿਯੋਗ ਅਤੇ ਵਿਸ਼ਵਾਸ ਦਵਾਉਂਦਾ ਹਾਂ ਕਿ ਸੰਗਤ ਜੋ ਵੀ ਹੋਰ ਹੁਕਮ ਕਰੇਗੀ ਮੈਂ ਸੇਵਾ ਲਈ ਹਾਜ਼ਰ ਹਾਂ। ਇਸ ਮੌਕੇ ਸਿੱਕੀ ਤੋਂ ਇਲਾਵਾ ਰਾਣਾ ਰਣਜੀਤ ਸਿੰਘ ਭੈਲ, ਸਰਪੰਚ ਮਨਦੀਪ ਸਿੰਘ ਘੜਕਾ, ਸਰਪੰਚ ਬਲਬੀਰ ਸਿੰਘ ਕਰਮੂਵਾਲ, ਬਾਬਾ ਸਾਹਿਬ ਸਿੰਘ ਗੁੱਜਰਪੁਰ ਅਤੇ ਪਿੰਡ ਘੜਕਾ ਦੀ ਸੰਗਤ ਮੌਜੂਦ ਸੀ।

# ਆਸ਼ਾ ਵਰਕਰਾਂ ਵੱਲੋਂ ਮੰਗਾਂ ਨੂੰ ਲੈ ਕੇ ਧਰਨਾ ਜਾਰੀ



ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)– ਆਲ ਇੰਡੀਆ ਆਸ਼ਾ ਵਰਕਰਜ਼ ਫੈਸਿਲੀਟੇਟਰਜ਼ ਦੇ ਸਾਂਝੇ ਮੋਰਚੇ ਵੱਲੋਂ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਸਿਵਲ ਹਸਪਤਾਲ ਘਰਿਆਲਾ ਦੇ ਬਾਹਰ ਕੜਕਦੀ ਧੁੱਪ 'ਚ ਰੋਸ ਧਰਨਾ ਅੱਜ ਛੇਵੇਂ ਦਿਨ ਵਿਚ ਦਾਖਲ ਹੋਇਆ ਪਰ ਸਰਕਾਰ ਤੇ ਪ੍ਰਸ਼ਾਸਨ ਦੇ ਸਿਰ 'ਤੇ ਜੂੰ ਤੱਕ ਨਹੀਂ ਸਰਕ ਰਹੀ। ਆਸ਼ਾ ਵਰਕਰਾਂ ਵੱਲੋਂ ਸੂਬਾ ਸਰਕਾਰ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ। ਆਲ ਇੰਡੀਆ ਆਸ਼ਾ ਵਰਕਰਜ਼ ਫੈਸਿਲੀਟੇਟਰਜ਼ ਦੇ ਜ਼ਿਲ੍ਹਾ ਪ੍ਰਧਾਨ ਮਨਜਿੰਦਰ ਕੌਰ ਹਰੀਕੇ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਆਖਿਆ ਕਿ ਉਨ੍ਹਾਂ ਕੋਲੋਂ ਸਰਕਾਰੀ ਕਰਮਚਾਰੀਆਂ ਨਾਲੋਂ ਡਿਊਟੀ ਜ਼ਿਆਦਾ ਲਈ ਜਾ ਰਹੀ ਹੈ ਤੇ ਮਿਹਨਤਾਨਾ ਨਾਮਾਤਰ ਦਿੱਤਾ ਜਾ ਰਿਹਾ। ਆਪਣੀਆਂ ਹੱਕੀ ਮੰਗਾਂ ਤੋਂ ਜਾਣੂ ਕਰਵਾਉਂਦਿਆਂ ਆਖਿਆ ਕਿ ਆਸ਼ਾ ਵਰਕਰਜ਼ ਫੈਸਿਲੀਟੇਟਰਜ਼ ਨੂੰ ਸੇਵਾਮੁਕਤੀ 58 ਸਾਲ ਤੋਂ ਵਧਾ ਕੇ 65 ਸਾਲ ਕੀਤੀ ਜਾਵੇ, ਸੇਵਾ ਮੁਕਤ ਹੋਣ ਸਮੇਂ ਮਹਿਕਮੇ ਅੰਦਰ ਕੀਤੀ ਸੇਵਾ ਨੂੰ ਮੁੱਖ ਰੱਖਦੇ ਹੋਏ ਪੰਜ ਲੱਖ ਰੁਪਏ ਦੀ ਸਹਾਇਤਾ ਰਾਸ਼ੀ ਦਿੱਤੀ ਜਾਵੇ। ਸੇਵਾ ਮੁਕਤ ਹੋਣ ਸਮੇਂ ਹਰ ਵਰਕਰ ਨੂੰ 10 ਹਜ਼ਾਰ ਰੁਪਏ ਪ੍ਰਤੀ ਮਹੀਨਾ ਪੈਨਸ਼ਨ ਚਾਲੂ ਕੀਤੀ ਜਾਵੇ। ਸੇਵਾ ਮੁਕਤ ਫਾਰਗ ਕਰਨ ਸਮੇ ਖਾਲੀ ਹੋਈ ਜਗ੍ਹਾ 'ਤੇ ਉਸ ਦੇ ਪਰਵਾਰਕ ਮੈਂਬਰਾਂ ਨੂੰ ਪਹਿਲ ਦਿੱਤੀ ਜਾਵੇ। ਪੰਜਾਬ ਸਰਕਾਰ ਵੱਲੋਂ ਜੱਚਾ ਬੱਚਾ ਦੀ ਮੌਤ ਦਰ ਘਟਾਉਣ ਲਈ ਉਨ੍ਹਾਂ ਨੂੰ ਭਰਤੀ ਕੀਤਾ ਗਿਆ ਸੀ। ਗਰਭਵਤੀ ਔਰਤ ਦੀ ਰਜਿਸਟਰੇਸ਼ਨ ਖਤਮ ਕਰ ਦਿੱਤੀ ਜਾਵੇ। ਜਨਰਲ ਕੈਟਾਗਿਰੀ ਦੇ ਸਾਰੇ ਕਾਲਮ ਖਤਮ ਕੀਤੇ ਗਏ। ਗਰਭਵਤੀ ਔਰਤ ਦਾ ਆਇਰਨ ਵਾਲਾ ਕਾਲਮ, ਡਾਟਸ ਦੀ ਦਵਾਈ ਖੁਆਉਣ ਵਾਲਾ ਕੈਟਾਗਿਰੀ ਟੂ ਵਾਲਾ ਕਾਲਮ ਖਤਮ, ਇੰਸੈਂਟਿਵ ਖਤਮ। ਇਨ੍ਹਾਂ ਕੱਟਿਆਂ ਭੱਤਿਆਂ ਨੂੰ ਚਾਲੂ ਕੀਤਾ ਜਾਵੇ। ਮੰਗਾਂ ਮੰਨਵਾਉਣ ਲਈ ਮੰਗ ਪੱਤਰ ਸੌਂਪੇ ਜਾਣਗੇ। ਜੇਕਰ ਫਿਰ ਵੀ ਸਿਹਤ ਵਿਭਾਗ ਦੇ ਅਮਲੇ ਨਾਲ ਮੀਟਿੰਗ ਤੈਅ ਨਹੀਂ ਕਰਵਾਈ ਜਾਂਦੀ ਤਾਂ ਉਨ੍ਹਾਂ ਨੂੰ ਮਜਬੂਰ ਹੋ ਕੇ ਸੂਬੇ ਭਰ ਵਿਚ ਸਾਂਝੇ ਮੋਰਚੇ ਤੇ ਚਾਰ ਜਥੇਬੰਦੀਆਂ ਦੇ ਕਨਵੀਨਰ ਰਾਣੋ ਖੇੜੀ ਗਿੱਲ ਗਰੁੱਪ, ਸਤੀਸ਼ ਰਾਣਾ, ਮਨਦੀਪ ਕੌਰ ਜਲੰਧਰ ਡੀ.ਐਮ.ਐਫ. ਗਰੁੱਪ ਜਰਮਨਜੀਤ, ਅਮਰਜੀਤ ਕੌਰ ਰਣ ਸਿੰਘ ਵਾਲਾ ਏਟਕ ਗਰੁੱਪ, ਸਰੋਜ ਬਾਲਾ ਗਰੁੱਪ ਸੀਟੂ ਦੇ ਸਹਿਯੋਗ ਨਾਲ 28 ਜੂਨ ਤੱਕ ਕਲਮਛੋੜ ਹੜਤਾਲ ਕਰਕੇ ਸਿਹਤ ਵਿਭਾਗ ਦੇ ਸਾਰੇ ਕੰਮ ਠੱਪ ਕਰਦਿਆਂ ਸੂਬੇ ਭਰ ਦੇ ਸਾਰੇ ਐਸ.ਐਮ.ਓ ਦੇ ਦਫਤਰਾਂ ਅੱਗੇ ਰੋਸ ਪ੍ਰਦਰਸ਼ਨ ਜਾਰੀ ਰਹਿਣਗੇ। ਇਸ ਮੌਕੇ ਸਰਬਜੀਤ ਕੌਰ ਮੀਤ ਪ੍ਰਧਾਨ, ਵੀਰਪਾਲ ਕੌਰ ਸੈਕਟਰੀ, ਅਮਨਦੀਪ ਕੌਰ, ਬਲਾਕ ਪ੍ਰਧਾਨ, ਹਰਮਿੰਦਰ ਕੌਰ ਹਰੀਕੇ, ਰਣਜੀਤ ਕੌਰ, ਗੁਰਜਿੰਦਰ ਕੌਰ ਆਸ਼ਾ ਫੈਸਿਲੀਟੇਟਰਜ਼, ਰਣਜੀਤ ਕੌਰ ਆਸ਼ਾ ਫੈਸਿਲੀਟੇਟਰਜ਼, ਮਨਪ੍ਰੀਤ ਕੌਰ ਆਸ਼ਾ ਫੈਸਿਲੀਟੇਟਰਜ਼, ਰਾਜਬੀਰ ਕੌਰ ਆਸ਼ਾ ਫੈਸਿਲੀਟੇਟਰਜ਼, ਪੁਸਪਿੰਦਰ ਕੌਰ, ਰਾਜਵਿੰਦਰ ਕੌਰ, ਬਲਵਿੰਦਰ ਕੌਰ ਘਰਿਆਲਾ, ਰਾਜਵਿੰਦਰ ਕੌਰ, ਗੀਤਾ ਸਮੇਤ ਆਸ਼ਾ ਵਰਕਰਾਂ ਹਾਜ਼ਰ ਸਨ।

# ਵਾਤਾਵਰਣ ਨੂੰ ਸ਼ੁੱਧ ਤੇ ਹਰਿਆ-ਭਰਿਆ ਰੱਖਣ ਲਈ ਵੱਧ ਤੋਂ ਵੱਧ ਰੁੱਖ ਲਗਾਈਏ : ਸਭਰਾ



ਝਬਾਲ, (ਹਰਜਿੰਦਰ ਸਿੰਘ ਸੋਨੀ)-ਦਿਨੋ ਦਿਨ ਪ੍ਰਦੂਸ਼ਿਤ ਹੋ ਰਹੇ ਵਾਤਾਵਰਣ ਨੂੰ ਸ਼ੁੱਧ ਤੇ ਹਰਿਆ ਭਰਿਆ ਰੱਖਣ ਲਈ ਵੱਧ ਤੋਂ ਵੱਧ ਰੁੱਖ ਲਗਾਉਣੇ ਚਾਹੀਦੇ ਹਨ ਜਿਸ ਨਾਲ ਵਧਦੇ ਹੋਏ ਤਾਪਮਾਨ ਨੂੰ ਠੱਲ੍ਹ ਪਵੇ ਅਤੇ ਗਰਮੀ ਦੀ ਵਧ ਰਹੀ ਤਪਸ਼ ਤੋਂ ਨਿਜਾਤ ਮਿਲ ਸਕੇ।ਇਨ੍ਹਾਂ ਸ਼ਬਦਾ ਦਾ ਪ੍ਰਗਟਾਵਾ ਕੌਮੀ ਕਿਸਾਨ ਯੂਨੀਅਨ ਦੇ ਸੂਬਾ ਪ੍ਰਧਾਨ ਅਜਾਇਬ ਸਿੰਘ ਦੀਨਪੁਰ, ਜ਼ਿਲ੍ਹਾ ਆਗੂ ਗੁਰਚਰਨ ਸਿੰਘ ਸਭਰਾਂ ਅਤੇ ਸੀਨੀਅਰ ਆਗੂ ਕੈਪਟਨ ਸਿੰਘ ਬਘਿਆੜੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਅੱਗੇ ਕਿਹਾ ਕਿ ਰੁੱਖ ਮਨੁੱਖ ਦੇ ਜੀਵਨ ਲਈ ਇੱਕ ਵਿਸ਼ੇਸ਼ ਥਾਂ ਰੱਖਦੇ ਹਨ।

ਵਾਤਾਵਰਨਂ ਨੂੰ ਸ਼ੁੱਧ ਰੱਖਣ ਵਿੱਚ ਵੀ ਰੁੱਖ ਬਹੁਤ ਸਹਾਈ ਹੁੰਦੇ ਹਨ। ਮਨੁੱਖ ਅਤੇ ਜੀਵਨ ਜੰਤੂ ਰੁੱਖਾਂ ਤੋਂ ਬਿਨਾਂ ਜ਼ਿੰਦਾ ਨਹੀ ਰਹਿ ਸਕਦੇ ਕਿਉਂਕਿ ਰੁੱਖ ਸਾਨੂੰ ਜ਼ਿੰਦਾ ਰਹਿਣ ਲਈ ਆਕਸੀਜਨ ਦਿੰਦੇ ਹਨ। ਰੁੱਖਾਂ ਦੀ ਅੰਨ੍ਹੇ ਵਾਹ ਕਟਾਈ ਕਰਨ ਤੋਂ ਪਹਿਲੋਂ ਸਾਨੂੰ ਸੋਚਣਾ ਚਾਹੀਦਾ ਹੈ ਕਿ ਰੁੱਖਾਂ ਨੂੰ ਵੱਢ ਕੇ ਅਸੀਂ ਖੁਦ ਬਰਬਾਦੀ ਦੇ ਰਸਤੇ ਵੱਲ ਵਧ ਰਹੇ ਹਾਂ। ਇਸ ਵਾਰ ਪਈ ਗਰਮੀ ਨੇ ਸਾਨੂੰ ਇਹ ਇਸ਼ਾਰਾ ਦੇ ਦਿੱਤਾ ਹੈ ਕਿ ਆਉਣ ਵਾਲੇ ਸਮੇਂ ਵਿੱਚ ਸਾਡਾ ਪੰਜਾਬ ਧਰਤੀ ਦੇ ਸਭ ਤੋਂ ਗਰਮ ਖੇਤਰ ਵਿੱਚ ਸ਼ਾਮਿਲ ਹੋ ਜਾਵੇਗਾ। ਉਨ੍ਹਾਂ ਪੰਜਾਬ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਵਾਤਾਵਰਣ ਨੂੰ ਬਚਾਉਣ ਲਈ ਵੱਧ ਤੋਂ ਵੱਧ ਰੁੱਖ ਲਾਈਏ ਅਤੇ ਕੁਦਰਤ ਨਾਲ ਖਿਲਵਾੜ ਬੰਦ ਕਰਕੇ ਕੁਦਰਤ ਦਾ ਸਤਿਕਾਰ ਕਰਦੇ ਹੋਏ ਸਰਬੱਤ ਦੇ ਭਲੇ ਲਈ ਸੋਚੀਏ । ਉਨ੍ਹਾਂ ਪੰਜਾਬ ਦੇ ਹਰ ਨਾਗਰਿਕ ਨੂੰ ਆਪਣੇ ਖੇਤਾਂ ਜਾਂ ਘਰ ਦੇ ਆਲੇ ਦੋ-ਦੋ ਬੂਟੇ ਲਗਾਉਣ ਦੀ ਅਪੀਲ ਕੀਤੀ।

ਇਸ ਮੌਕੇ ਕੌਮੀ ਕਿਸਾਨ ਯੂਨੀਅਨ ਸੂਬਾ ਆਗੂ ਅਜਾਇਬ ਸਿੰਘ ਦੀਨਪੁਰ, ਜ਼ਿਲ੍ਹਾ ਆਗੂ ਗੁਰਚਰਨ ਸਿੰਘ ਸਭਰਾ, ਸੀਨੀਅਰ ਆਗੂ ਕੈਪਟਨ ਸਿੰਘ ਬਘਿਆੜੀ, ਮਾਸਟਰ ਖਜ਼ਾਨਚੀ ਲਾਲ, ਸਰਬਜੀਤ ਸਿੰਘ ਗੰਡੀਵਿੰਡ, ਕੰਵਲਜੀਤ ਸਿੰਘ ਪੱਟੀ, ਸੁਰਿੰਦਰ ਸਿੰਘ ਪੱਟੀ, ਜ਼ਿਲ੍ਹਾ ਆਗੂ ਤਰਸੇਮ ਸਿੰਘ ਲੁਹਾਰ, ਬਲਦੇਵ ਸਿੰਘ ਫੌਜੀ, ਕੁਲਦੀਪ ਸਿੰਘ ਮਾੜੀ ਕੰਬੋਕੇ, ਸੁਰਜੀਤ ਸਿੰਘ ਕੱਦ ਗਿੱਲ, ਜਸਵੰਤ ਸਿੰਘ ਸਾਬ੍ਹ ਦੀਨਪੁਰ ਆਦਿ ਹਾਜ਼ਰ ਸਨ।

# ਵਿਕਾਸ ਕਾਰਜਾਂ ਨੂੰ ਸਮਾਂਬੱਧ ਤੇ ਪਾਰਦਰਸ਼ਤਾ ਨਾਲ ਨੇਪਰੇ ਚਾੜ੍ਹਨ ਅਧਿਕਾਰੀ : ਡਿਪਟੀ ਕਮਿਸ਼ਨਰ

ਅੰਮ੍ਰਿਤਸਰ (ਨਰਿੰਦਰਜੀਤ ਸਿੰਘ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਦੀ ਹਰ ਸਮੱਸਿਆ ਦਾ ਹੱਲ ਕਰਨ ਅਤੇ ਆਪਣੀਆਂ ਲੋਕ ਪੱਖੀ ਯੋਜਨਾਵਾਂ 'ਤੇ ਅਮਲ ਕਰਨ ਲਈ ਵਚਨਬੱਧ ਹੈ। ਇਸ ਲਈ ਜ਼ਰੂਰੀ ਹੈ ਕਿ ਸਾਰੇ ਅਧਿਕਾਰੀ ਲੋਕਾਂ ਦੀ ਸੇਵਾ ਲਈ ਹਾਜ਼ਰ ਰਹਿਣ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਡਿਪਟੀ ਕਮਿਸ਼ਨਰ ਘਨਸ਼ਾਮ ਥੋਰੀ ਨੇ ਜ਼ਿਲ੍ਹੇ ਦੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਕੀਤੀ ਮੈਰਾਥਨ ਮੀਟਿੰਗ ਦੌਰਾਨ ਕੀਤਾ। ਉਨ੍ਹਾਂ ਬੁੱਧਵਾਰ ਮਾਲ ਵਿਭਾਗ, ਖੇਤੀਬਾੜੀ, ਜੰਗਲਾਤ, ਮਾਰਕਫੈਡ, ਸਕੂਲ, ਚੋਣਾਂ, ਲੋਕ ਨਿਰਮਾਣ ਵਿਭਾਗ, ਇੰਡਸਟਰੀ, ਸਿੰਚਾਈ ਅਤੇ ਸਿਹਤ ਸਮੇਤ ਹੋਰ ਵਿਭਾਗਾਂ ਦੇ ਅਧਿਕਾਰੀਆਂ ਨਾਲ ਉਨ੍ਹਾਂ ਦੇ ਕੰਮਾਂ ਬਾਰੇ ਵਿਸਥਾਰ ਵਿਚ ਚਰਚਾ ਕੀਤੀ। ਉਨ੍ਹਾਂ ਕਿਹਾ ਕਿ ਸਾਰੇ ਅਧਿਕਾਰੀ ਸਰਕਾਰੀ ਕੰਮਕਾਜ ਨੂੰ ਪਾਰਦਰਸ਼ਤਾ ਅਤੇ ਸਮਾਂਬੱਧ ਢੰਗ ਨਾਲ ਕਰਨਾ ਯਕੀਨੀ ਬਣਾਉਣ। ਆਪਣੇ ਆਪਣੇ ਵਿਭਾਗ ਦੇ ਚੱਲ ਰਹੇ ਵਿਕਾਸ ਕਾਰਜਾਂ ਵੱਲ ਵਿਸ਼ੇਸ਼ ਧਿਆਨ ਦੇ ਕੇ ਉਨ੍ਹਾਂ ਨੂੰ ਸਮਾਂਬੱਧ ਨੇਪਰੇ ਚਾੜ੍ਹਿਆ ਜਾਵੇ। ਉਨ੍ਹਾਂ ਡਰੇਨੇਜ ਵਿਭਾਗ ਦੇ ਅਧਿਕਾਰੀਆਂ ਨੂੰ ਸਾਰੇ ਬਰਸਾਤੀ ਨਾਲਿਆਂ ਦੀ ਸਫਾਈ ਪਹਿਲ ਦੇ ਆਧਾਰ 'ਤੇ ਕਰਵਾਉਣ ਲਈ ਕਿਹਾ ਤਾਂ ਜੋ ਬਰਸਾਤ ਦੇ ਪਾਣੀ ਦੀ ਨਿਕਾਸੀ ਠੀਕ ਤਰੀਕੇ ਨਾਲ ਹੁੰਦੀ ਰਹੇ। ਉਨ੍ਹਾਂ ਪੰਚਾਇਤੀ ਵਿਭਾਗ ਦੇ ਅਧਿਕਾਰੀਆਂ ਨੂੰ ਪਿੰਡਾਂ ਵਿੱਚ ਚਲ ਰਹੇ ਵਿਕਾਸ ਕਾਰਜਾਂ ਨੂੰ ਜਲਦੀ ਨੇਪਰੇ ਚਾੜ੍ਹਨ ਦੀ ਹਦਾਇਤ ਕੀਤੀ। ਆ ਰਹੇ ਬਰਸਾਤ ਦੇ ਮੌਸਮ ਦੌਰਾਨ ਬੂਟੇ ਲਗਾਉਣ ਤੇ ਪਾਲਣ ਸਬੰਧੀ ਵਿਸਥਾਰਤ ਰੂਪ ਰੇਖਾ ਤਿਆਰ ਕਰਨ ਦੀ ਹਦਾਇਤ ਵੀ ਉਨ੍ਹਾਂ ਜੰਗਲਾਤ ਵਿਭਾਗ ਦੇ ਅਧਿਕਾਰੀਆਂ ਨੂੰ ਕਰਦੇ ਕਿਹਾ ਕਿ ਜ਼ਿਲ੍ਹੇ ਵਿਚ 10 ਲੱਖ ਬੂਟੇ ਲਗਾਉਣ ਦਾ ਜੋ ਟੀਚਾ ਹੈ, ਉਸ ਨੂੰ ਕਿਸ ਤਰ੍ਹਾਂ ਅਮਲ ਵਿਚ ਲਿਆਂਦਾ ਜਾਣਾ ਹੈ, ਬਾਬਤ ਰਿਪੋਰਟ ਤਿਆਰ ਕੀਤੀ ਜਾਵੇ ਤਾਂ ਜੋ ਸੰਬਧਤ ਵਿਭਾਗਾਂ ਦਾ ਸਹਿਯੋਗ ਲੈ ਕੇ ਵੱਧ ਤੋਂ ਵੱਧ ਬੂਟੇ ਪਾਲੇ ਜਾ ਸਕਣ। ਉਨ੍ਹਾਂ ਵਾਟਰ ਸਪਲਾਈ ਵਿਭਾਗ ਦੇ ਅਧਿਕਾਰੀਆਂ ਨੂੰ ਸਾਫ ਪੀਣ ਵਾਲੇ ਪਾਣੀ ਦੀ ਸਪਲਾਈ ਯਕੀਨੀ ਬਣਾਉਣ ਅਤੇ ਹਰੇਕ ਵਾਟਰ ਵਰਕਸ ਨੂੰ ਨਹਿਰੀ ਪਾਣੀ ਸਪਲਾਈ ਨਾਲ ਜੋੜਨ ਦੇ ਉਪਰਾਲੇ ਕਰਨ ਲਈ ਕਿਹਾ। ਉਨ੍ਹਾਂ ਤਹਿਸੀਲ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਲੋਕਾਂ ਨੂੰ ਉਨ੍ਹਾਂ ਦੇ ਕੰਮਕਾਜ ਕਰਵਾਉਣ ਵਿਚ ਕੋਈ ਸਮੱਸਿਆ ਪੇਸ਼ ਨਾ ਆਵੇ ਅਤੇ ਮਾਲ ਵਿਭਾਗ ਦਾ ਹਰ ਕੰਮ ਸਮਾਂਬੱਧ ਢੰਗ ਨਾਲ ਕੀਤਾ ਜਾਵੇ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਨਿਕਾਸ ਕੁਮਾਰ, ਵਧੀਕ ਡਿਪਟੀ ਕਮਿਸ਼ਨਰ ਜੋਤੀ ਬਾਲਾ, ਐਸ ਡੀ ਐਮ ਮਨਕੰਵਲ ਸਿੰਘ ਚਾਹਲ, ਐਸ ਡੀ ਐਮ ਲਾਲ ਵਿਸਵਾਸ਼, ਸਹਾਇਕ ਕਮਿਸ਼ਨਰ ਗੁਰਸਿਮਰਨ ਕੌਰ ਅਤੇ ਹੋਰ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

# ਸ਼੍ਰੋਮਣੀ ਕਮੇਟੀ ਵੱਲੋਂ ਰਣੀਆਂ 'ਚ ਬੱਚਿਆਂ ਦਾ 8 ਰੋਜ਼ਾ ਗੁਰਮਤਿ ਕੈਂਪ



ਧਾਰੀਵਾਲ (ਮਨਦੀਪ ਸਿੰਘ ਵਿੱਕੀ)- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਦੇ ਦਿਸ਼ਾ ਨਿਰਦੇਸਾਂ ਅਨੁਸਾਰ ਧਰਮ ਪ੍ਰਚਾਰ ਕਮੇਟੀ ਵਲੋਂ ਹਲਕਾ ਧਾਰੀਵਾਲ ਅੰਦਰ ਸ਼੍ਰੋਮਣੀ ਕਮੇਟੀ ਮੈਂਬਰ ਬੀਬੀ ਜਸਬੀਰ ਕੌਰ ਜਫਰਵਾਲ ਦੇ ਸਹਿਯੋਗ ਨਾਲ ਪਿੰਡ ਰਣੀਆਂ ਵਿੱਚ ਗੁਰਦੁਆਰਾ ਸਿੰਘ ਸਭਾ (ਰੱਬਾ ਪੱਤੀ) ਵਿਖੇ 8 ਰੋਜ਼ਾ ਗੁਰਮਤਿ ਕੈਂਪ ਲਗਾਇਆ ਗਿਆ। ਇਸ ਗੁਰਮਤਿ ਕੈਂਪ ਵਿੱਚ 38 ਬੱਚਿਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ। ਕੈਂਪ ਦੌਰਾਨ ਬੱਚਿਆਂ ਦੀਆਂ ਗੁਰਮਤਿ ਕਲਾਸਾਂ ਲਗਾਈਆਂ ਗਈਆਂ, ਜਿਸ ਵਿੱਚ ਰੋਜ਼ਾਨਾ ਪ੍ਰਚਾਰਕ ਭਾਈ ਜਗਰੂਪ ਸਿੰਘ ਕਲਿਆਣਪੁਰ ਵਲੋਂ ਬੱਚਿਆਂ ਨੂੰ ਸਿੱਖ ਧਰਮ ਦੀ ਮੁਢਲੀ ਸਿੱਖਿਆ ਦੇਣ ਤੋਂ ਇਲਾਵਾ ਸਿੱਖ ਇਤਿਹਾਸ ਅਤੇ ਗੁਰਬਾਣੀ ਦੀ ਜਾਣਕਾਰੀ ਦਿੱਤੀ ਗਈ। ਕੈਂਪ ਦੇ ਸਮਾਪਤੀ ਸਮਾਗਮ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕੈਂਪ 'ਚ ਭਾਗ ਲੈਣ ਵਾਲੇ ਬੱਚਿਆਂ ਨੂੰ ਮੈਡਲ ਅਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਬੀਬੀ ਜਸਬੀਰ ਕੌਰ ਜਫਰਵਾਲ ਨੇ ਬੱਚਿਆਂ ਨੂੰ ਸਿੱਖੀ ਨਾਲ ਜੋੜਨ ਲਈ ਪ੍ਰੇਰਨਾ ਦਿੱਤੀ ਅਤੇ ਬੱਚਿਆਂ ਦੇ ਚੰਗੇ ਭਵਿੱਖ ਲਈ ਅਰਦਾਸ ਕੀਤੀ। ਇਸ ਮੌਕੇ ਪ੍ਰਚਾਰਕ ਭਾਈ ਜਗਰੂਪ ਸਿੰਘ ਕਲਿਆਣਪੁਰ, ਭਾਈ ਰਣਜੀਤ ਸਿੰਘ, ਬੀਬੀ ਰਾਜਬੀਰ ਕੌਰ ਲੇਹਲ, ਗੁਰਦੁਆਰਾ ਸਿੰਘ ਸਭਾ ਰਣੀਆਂ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਗੁਰਪ੍ਰੀਤ ਸਿੰਘ, ਮੈਂਬਰ ਸੁਰਜੀਤ ਸਿੰਘ, ਰਜਿੰਦਰ ਸਿੰਘ ਆਦਿ ਸਮੇਤ ਸੰਗਤਾਂ ਹਾਜ਼ਰ ਸੀ।

# ਨਸ਼ੇ ਦੇ ਸੌਦਾਗਰ ਨੌਜਵਾਨ ਪੀੜ੍ਹੀ ਨੂੰ ਨਸ਼ੇ 'ਤੇ ਲਾ ਕੇ ਕਰ ਰਹੇ ਨੇ ਬਰਬਾਦ : ਔਲਖ

ਗੁਰਦਾਸਪੁਰ, (ਜਨਕ ਮਹਾਜਨ)- ਨਸ਼ੇ ਦੇ ਸੌਦਾਗਰ ਨਸ਼ੇ ਦੀ ਮਾਰ ਵਿੱਚ ਅਹਿਮ ਭੂਮਿਕਾ ਨਿਭਾਉਣ ਵਾਲੇ ਚੌਥੀ ਧਿਰ ਵਜੋਂ ਪੰਜਾਬ ਦੀ ਨੌਜਵਾਨੀ ਦਾ ਵੱਡਾ ਨੁਕਸਾਨ ਕਰ ਰਹੇ ਹਨ, ਜਿਸ ਕਰਕੇ ਪੰਜਾਬ ਪੁਲਸ ਵਲੋਂ ਨਸ਼ਿਆਂ ਖ਼ਿਲਾਫ਼ ਚਲਾਈ ਮੁਹਿੰਮ ਨੂੰ ਸਫਲਤਾ ਨਹੀਂ ਮਿਲ ਰਹੀ ਅਤੇ ਕਾਲੀਆਂ ਬਿੱਲੀਆਂ ਵੱਡੀ ਕਮਾਈ ਕਰ ਰਹੀਆਂ ਹਨ। ਇਹ ਪ੍ਰਗਟਾਵਾ ਏਕਨੂਰ ਸੰਸਥਾ ਦੇ ਸੰਚਾਲਕ ਅਤੇ ਉਘੇ ਸਮਾਜ ਸੇਵਕ ਗੁਰਭੇਜ ਸਿੰਘ ਔਲਖ ਨੇ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਨੌਜਵਾਨ ਆਪ ਹੀ ਨਸ਼ੇ ਲਾ ਕੇ ਉਸ ਤੋਂ ਬਾਅਦ ਪੁਲਸ ਦੇ ਮੁਖਬਰ ਬਣ ਕੇ ਪਰਚੇ ਵੀ ਦਰਜ ਕਰਵਾ ਰਹੇ ਹਨ। ਉਨ੍ਹਾਂ ਕਿਹਾ ਪੰਜਾਬ ਦੀ ਨੌਜਵਾਨੀ ਨਸ਼ਿਆਂ ਕਾਰਨ ਬਹੁਤ ਜ਼ਿਆਦਾ ਬਰਬਾਦ ਹੋਈ ਹੈ ਜੋ ਨਿਰੰਤਰ ਬਰਬਾਦੀ ਜਾਰੀ ਹੈ। ਉਨ੍ਹਾਂ ਕਿਹਾ ਨਸ਼ਿਆਂ ਦੀ ਸਪਲਾਈ ਮਾਮਲੇ ਵਿੱਚ ਇੱਕ ਧਿਰ ਜੋ ਪੰਜਾਬ ਦੀ ਜਵਾਨੀ ਦੀ ਦਹਿਲੀਜ਼ ਉੱਤੇ ਪੈਰ ਰੱਖਦੀ ਨਵੀਂ ਪੀੜ੍ਹੀ ਦੀ ਨਿਸ਼ਾਨਦੇਹੀ ਕਰਦੀ ਹੈ, ਫਿਰ ਹੌਲੀ ਹੌਲੀ ਨਸ਼ੇ ਦੀ ਚਾਟੇ ਲਗਾ ਕੇ ਅਣਭੋਲ ਪੀੜ੍ਹੀ ਨੂੰ ਨਸ਼ੇੜੀ ਬਣਾ ਕੇ ਪੁਲਸ ਦੀ ਸ਼ਾਬਾਸੀ ਖੱਟਣ ਵਾਸਤੇ ਮੁਖਬਰੀ ਕਰਕੇ ਇਨ੍ਹਾਂ ਉੱਤੇ ਮੁਕੱਦਮੇ ਵੀ ਦਰਜ ਕਰਵਾਉਣ 'ਚ ਅਹਿਮ ਭੂਮਿਕਾ ਨਿਭਾਅ ਰਹੀ ਹੈ। ਔਲਖ ਨੇ ਡੀ ਜੀ ਪੀ ਪੰਜਾਬ ਪਾਸੋਂ ਮੰਗ ਕੀਤੀ ਕਿ ਨਸ਼ੇ ਦੀ ਰੋਕਥਾਮ ਲਈ ਅਜਿਹੇ ਲੋਕਾਂ ਦੀ ਪਹਿਚਾਣ ਜ਼ਮੀਨੀ ਪੱਧਰ 'ਤੇ ਕਰਕੇ ਅਜਿਹੇ ਲੋਕਾਂ ਉੱਤੇ ਸਖਤ ਕਾਰਵਾਈ ਕੀਤੀ ਜਾਵੇ।


AXIS BANK LTD.

ਰਿਟੇਲ ਐਂਸਟ ਸੈਂਟਰ : ਐਕਸਿਸ ਬੈਂਕ ਲਿਮਟਿਡ, : ਦੂਜੀ ਮੰਜ਼ਲ, ਜਾਇਦਾਦ # 7-ਈ, ਮਿਊਂਸਪਲ 3903/1142/16, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001, ਕਾਰਪੋਰੇਟ ਦਫਤਰ : 'ਐਕਸਿਸ ਹਾਊਸ' , ਬਲਾਕ-ਬੀ, ਬੰਬੇ ਡਾਇੰਗ ਮਿੱਲਜ਼ ਕੰਪਾਊਂਡ, ਪਾਂਡੂਰੰਗ ਬੁਧਕਰ ਮਾਰਗ, ਵਰਲੀ, ਮੁੰਬਈ-400025 ਰਜਿਸਟਰਡ ਦਫਤਰ : 'ਤ੍ਰਿਸ਼ੂਲ', ਤੀਜੀ ਮੰਜ਼ਲ, ਸਾਹਮਣੇ ਸਮਰਥੇਸ਼ਵਰ ਮੰਦਰ, ਲਾਅ ਗਾਰਡਨ, ਐਲਿਸਬ੍ਰਿਜ ਅਹਿਮਦਾਬਾਦ-380006

**ਸਰਫੇਸੀ ਐਕਟ 2002 ਤਹਿਤ ਕਬਜ਼ਾ ਨੋਟਿਸ**

ਜਦੋਂ ਕਿ ਨਿਮਨਹਸਤਾਖਰੀ ਨੇ ਐਕਸਿਸ ਬੈਂਕ ਲਿ. ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਊਰਟਾਈਜੇਸ਼ਨ, ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਅਸੈੱਟਸ ਐਂਡ ਇਨਫੋਰਸਮੈਂਟ ਆਫ ਸਕਿਊਰਟੀ ਇੰਟਰੈੱਸਟ ਐਕਟ 2002 ਅਤੇ ਸਕਿਊਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠ ਲਿਖੇ ਕਰਜ਼ਦਾਰਾਂ ਨੂੰ ਉਕਤ ਨੋਟਿਸ ਮਿਲਣ ਦੀ ਮਿਤੀ ਤੋਂ 60 ਦਿਨਾਂ ਅੰਦਰ ਨੋਟਿਸ 'ਚ ਦਰਸਾਈ ਰਕਮ ਜਮ੍ਹਾਂ ਕਰਾਉਣ ਲਈ ਡਿਮਾਂਡ ਨੋਟਿਸ ਜਾਰੀ ਕੀਤਾ ਸੀ। ਕਰਜ਼ਦਾਰ ਰਕਮ ਦੀ ਅਦਾਇਗੀ 'ਚ ਨਾਕਾਮ ਰਹੇ ਹਨ। ਇਸ ਲਈ ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਕਤ ਐਕਟ ਦੇ ਸੈਕਸ਼ਨ 13 (4) ਅਤੇ ਉਕਤ ਨਿਯਮ ਦੇ ਨਿਯਮ 8 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠ ਦਰਜ ਮਿਤੀਆਂ ਨੂੰ ਹੇਠਾਂ ਦਰਜ ਜਾਇਦਾਦ ਦਾ ਕਬਜ਼ਾ ਲੈ ਲਿਆ ਹੈ।

ਕਰਜ਼ਦਾਰਾਂ ਨੂੰ ਖਾਸ ਤੌਰ 'ਤੇ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਕਿਸੇ ਤਰ੍ਹਾਂ ਦੇ ਲੈਣ-ਦੇਣ 'ਤੇ ਐਕਸਿਸ ਬੈਂਕ ਲਿ. ਵੱਲੋਂ ਵਸੂਲੀ ਕੀਤੀ ਜਾਵੇਗੀ।

| ਲੜੀ ਨੰ. | ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਂਅ | ਡਿਮਾਂਡ ਨੋਟਿਸ ਦੀ ਮਿਤੀ | ਭੌਤਿਕ ਕਬਜ਼ੇ ਦੀ ਮਿਤੀ | ਡਿਮਾਂਡ ਨੋਟਿਸ 'ਚ ਰਕਮ (ਰੁਪਏ) |
|---|---|---|---|---|
| 1. | 1. ਸ੍ਰੀ ਕੌਸ਼ਲੇਂਦਰਾ ਢਾਗੌਰ ਪੁੱਤਰ ਵਰਿੰਦਰ ਸਿੰਘ (ਕਰਜ਼ਦਾਰ) ਅਤੇ 2. ਸ੍ਰੀਮਤੀ ਹਿਮਾਨੀ ਪਤਨੀ ਕੌਸ਼ਲੇਂਦਰਾ ਢਾਗੌਰ (ਸਹਿ-ਕਰਜ਼ਦਾਰ) ਦੋਵੇਂ ਵਾਸੀ ਮਕਾਨ ਨੰ. 13/ਏ, ਗਲੀ ਨੰ. 3, ਰੇਰੂ, ਬਚਿੰਤ ਨਗਰ, ਜ਼ਿਲ੍ਹਾ ਜਲੰਧਰ , ਪੰਜਾਬ-144012, ਨਾਲ ਹੀ : ਮਕਾਨ ਨੰ. 11/1, ਪਿੰਡ ਮੁਬਾਰਕਪੁਰ ਨੇੜੇ ਸਰਕਾਰੀ ਸਕੂਲ, ਤਹਿਸੀਲ ਤੇ ਜ਼ਿਲ੍ਹਾ ਜਲੰਧਰ, ਪੰਜਾਬ-144025, ਕਰਜ਼ਾ ਖਾਤਾ ਨੰ. ਪੀ ਐਚ ਆਰ 015505535399 | 22 ਦਸੰਬਰ 2021 | 21 ਜੂਨ 2024 | ਰੁ. 988506/- (ਨੌ ਲੱਖ ਅਠਾਸੀ ਹਜ਼ਾਰ ਪੰਜ ਸੌ ਛੇ ਰੁਪਏ ਕੇਵਲ) |
| | ਬੈਨਾਮਾ ਦਸਤਾਵੇਜ਼ ਨੰ. 2020-21/186/1/5562 ਮਿਤੀ 12 ਨਵੰਬਰ 2020 ਅਨੁਸਾਰ ਸ੍ਰੀਮਤੀ ਹਿਮਾਨੀ ਪਤਨੀ ਕੌਸ਼ਲੇਂਦਰਾ ਢਾਗੌਰ ਦੇ ਨਾਂਅ 'ਤੇ ਰਜਿਸਟਰਡ ਰਿਹਾਇਸ਼ੀ ਜਾਇਦਾਦ/ਮਕਾਨ ਨੰ. 11/1, ਰਕਬਾ 02 ਮਰਲੇ 78 ਵਰਗ ਫੁੱਟ, ਖਸਰਾ ਨੰ. 6//11/1, 18/2, 19/2,20, 10/2, 22, 7//16,17,12//3/1, 11/3, 12/1, 1,2/1, 9/1/2, 10/1/1, 11/4, 5/1, 26//6/1/2 ,6/2, 7, 12/1, 13/2, 14/1, 14//4, 18/1, 23/2, 15/1/1, 15/1/2, 17/1/1, 16/1/2, 25//20/1,20/2,31//10/1,1/2, ਪਿੰਡ ਮੁਬਾਰਕਪੁਰ, ਤਹਿਸੀਲ ਤੇ ਜ਼ਿਲ੍ਹਾ ਜਲੰਧਰ, ਪੰਜਾਬ ਨਾਲ ਸੰਬੰਧਤ ਸਭ ਕੁਝ ਹੱਦਾਂ (ਬੈਨਾਮੇ ਅਨੁਸਾਰ ): ਪੂਰਬ : ਸੜਕ, ਪੱਛਮ : ਹੋਰ, ਉੱਤਰ : ਮਕਾਨ ਨੰ. 11/2 ਦਾ ਬਾਕੀ ਹਿੱਸਾ, ਦੱਖਣ : ਪਲਾਟ ਨੰ. 12 | | | |

ਉਕਤ ਦਰਜ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਾਰੰਟਰਾਂ ਨੂੰ ਰਕਮ ਦੀ ਅਦਾਇਗੀ ਲਈ 30 ਦਿਨਾਂ ਦਾ ਨੋਟਿਸ ਦਿੱਤਾ ਜਾਂਦਾ ਹੈ। ਨਹੀਂ ਤਾਂ ਰਹਿਣ ਕੀਤੀ ਜਾਇਦਾਦ ਇਸ ਨੋਟਿਸ ਦੀ ਪ੍ਰਕਾਸ਼ਨਾ ਤੋਂ 30 ਦਿਨਾਂ ਦਾ ਸਮਾਂ ਖਤਮ ਹੋ ਜਾਣ 'ਤੇ ਸਕਿਊਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਨਿਯਮ 8 ਤੇ 9 ਦੀਆਂ ਵਿਵਸਥਾਵਾਂ ਅਨੁਸਾਰ ਵੇਚ ਦਿੱਤੀ ਜਾਵੇਗੀ।

ਮਿਤੀ : 27.06.2024 ਸਥਾਨ : ਲੁਧਿਆਣਾ

ਅਧਿਕਾਰਤ ਅਫਸਰ, ਐਕਸਿਸ ਬੈਂਕ ਲਿਮਟਿਡ

